Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
# ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA | ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 43 Chief Editor : Chowdhary Prabhjit Singh, Editor : Chhatarpal Singh 98146-32807, Tuesday 28 July 2026 Price : 2 Rs. Page : 6

# ਪੰਜਾਬ ਸਕੂਲ ਸਿੱਖਿਆ ਵਿੱਚ ਦੇਸ਼ ਦਾ ਮੋਹਰੀ ਸੂਬਾ ਬਣਿਆ: ਮੁੱਖ ਮੰਤਰੀ ਮਾਨ

**➢ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੀ ਨੀਟ, ਜੇ.ਈ.ਈ. ਤੇ ਟੇਲੈਂਟ ਸਰਚ ਪ੍ਰੀਖਿਆ ਵਿੱਚ ਸ.ਫਲਤਾ ਨਾਲ ਸਾਡੀ ਸਰਕਾਰ ਦੇ ਸਿੱਖਿਆ ਸੁਧਾਰਾਂ ਦਾ ਅਕਸ ਝਲਕਦਾ ਹੈ ➢ ਗਰੀਬੀ ਖ਼ਤਮ ਕਰਨ ਤੇ ਸਮਾਜ ਵਿੱਚ ਤਬਦੀਲੀ ਲਈ ਸਿੱਖਿਆ ਸਭ ਤੋਂ ਸ਼ਕਤੀਸ਼ਾਲੀ ਹਥਿਆਰ: ਮੁੱਖ ਮੰਤਰੀ ਭਗਵੰਤ ਮਾਨ**



:ਲੁਧਿਆਣਾ, 27 ਜੁਲਾਈ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਸਾਡੀ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਨੂੰ ਮਜ਼ਬੂਤ ਕਰਨ, ਸਿੱਖਿਆ ਦੇ ਬੁਨਿਆਦੀ ਢਾਂਚੇ ਦੇ ਆਧੁਨਿਕੀਕਰਨ ਅਤੇ ਅਧਿਆਪਕਾਂ ਦੀ ਸਿਖਲਾਈ ਵਿੱਚ ਨਿਵੇਸ਼ ਕਰਨ ’ਤੇ ਦਿੱਤੇ ਜਾ ਰਹੇ ਲਗਾਤਾਰ ਧਿਆਨ ਨੇ ਸੂਬੇ ਨੂੰ ਸਕੂਲੀ ਸਿੱਖਿਆ ਦੇ ਖੇਤਰ ਵਿੱਚ ਦੇਸ਼ ਦਾ ਸਭ ਤੋਂ ਮੋਹਰੀ ਸੂਬਾ ਬਣਾ ਦਿੱਤਾ ਹੈ।

ਇੱਥੇ ਸਰਕਾਰੀ ਪ੍ਰਾਇਮਰੀ ਸਕੂਲ, ਲੋਹਾਰਾ ਵਿਖੇ ਪੰਜ ਕਰੋੜ ਰੁਪਏ ਦੀ ਲਾਗਤ ਨਾਲ ਬਣੇ ‘ਵਰਧਮਾਨ ਬਲਾਕ’ ਦਾ ਉਦਘਾਟਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਨੀਟ, ਜੇ.ਈ.ਈ. ਅਤੇ ਪੰਜਾਬ ਰਾਜ ਟੇਲੈਂਟ ਸਰਚ ਪ੍ਰੀਖਿਆ ਵਰਗੀਆਂ ਪ੍ਰਤੀਯੋਗੀ ਪ੍ਰੀਖਿਆਵਾਂ ਵਿੱਚ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੀ ਸ਼ਾਨਦਾਰ ਸਫ਼ਲਤਾ ਸਰਕਾਰ ਦੇ ਸਿੱਖਿਆ ਸੁਧਾਰਾਂ ਦੇ ਦੂਰਗਾਮੀ ਪ੍ਰਭਾਵ ਨੂੰ ਦਰਸਾਉਂਦੀ ਹੈ। ਉਨ੍ਹਾਂ ਦੁਹਰਾਇਆ ਕਿ ਗਰੀਬੀ ਖ਼ਤਮ ਕਰਨ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਮਰੱਥ ਬਣਾਉਣ ਲਈ ਸਿੱਖਿਆ ਹੀ ਸਭ ਤੋਂ ਸ਼ਕਤੀਸ਼ਾਲੀ ਸਾਧਨ ਹੈ।

ਸਰਕਾਰੀ ਪ੍ਰਾਇਮਰੀ ਸਕੂਲ ਵਿਖੇ ਨਵੇਂ ਬਲਾਕ ਦਾ ਉਦਘਾਟਨ ਕਰਨ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਨਵਾਂ ਬਲਾਕ ਪੰਜ ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤਾ ਗਿਆ ਹੈ। ਇਸ ਦਾ ਸਾਰਾ ਖ਼ਰਚਾ ਵਰਧਮਾਨ ਟੈਕਸਟਾਈਲਜ਼ ਗਰੁੱਪ ਵੱਲੋਂ ਚੁੱਕਿਆ ਗਿਆ ਹੈ, ਜਿਸ ਲਈ ਮੈਂ ਗਰੁੱਪ ਦੀ ਲੀਡਰਸ਼ਿਪ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ। ਇਸ ਨਵੇਂ ਬਲਾਕ ਵਿੱਚ ਵਿਦਿਆਰਥੀਆਂ ਲਈ ਫਰਨੀਚਰ ਸਮੇਤ 18 ਕਲਾਸਰੂਮ ਅਤੇ ਅਧਿਆਪਕਾਂ ਲਈ ਤਿੰਨ ਕਮਰੇ ਸ਼ਾਮਲ ਹਨ।

ਮੁੱਖ ਮੰਤਰੀ ਨੇ ਕਿਹਾ, ਵਰਧਮਾਨ ਟੈਕਸਟਾਈਲਜ਼ ਗਰੁੱਪ ਖ਼ਾਸ ਤੌਰ ’ਤੇ ਸਰਕਾਰੀ ਸਕੂਲਾਂ ਦੇ ਵਿੱਦਿਅਕ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਯੋਗਦਾਨ ਪਾ ਰਿਹਾ ਹੈ। ਇਸ ਗਰੁੱਪ ਨੇ ਲੋਹਾਰਾ, ਗਿਆਸਪੁਰਾ, ਕਾਸਾਬਾਦ, ਲਾਡੋਵਾਲ, ਸੇਖੇਵਾਲ ਅਤੇ ਹੋਰ ਸਰਕਾਰੀ ਸਕੂਲਾਂ ਵਿੱਚ ਵੀ ਇਮਾਰਤਾਂ ਦੀ ਉਸਾਰੀ ਕਰਵਾਈ ਹੈ। ਕੋਈ ਵੀ ਮੁਫ਼ਤ ਸਹੂਲਤ ਜਾਂ ਛੋਟ ਸੂਬੇ ਵਿੱਚੋਂ ਗਰੀਬੀ ਜਾਂ ਹੋਰ ਸਮਾਜਿਕ ਬੁਰਾਈਆਂ ਨੂੰ ਖ਼ਤਮ ਨਹੀਂ ਕਰ ਸਕਦੀ, ਸਗੋਂ ਸਿੱਖਿਆ ਹੀ ਉਹ ਕੁੰਜੀ ਹੈ, ਜੋ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕ ਕੇ ਉਨ੍ਹਾਂ ਨੂੰ ਗਰੀਬੀ ਦੀ ਦਲਦਲ ਵਿੱਚੋਂ ਬਾਹਰ ਕੱਢ ਸਕਦੀ ਹੈ।

ਉਨ੍ਹਾਂ ਆਖਿਆ, ਸਰਕਾਰ ਦੇ ਅਣਥੱਕ ਯਤਨਾਂ ਸਦਕਾ ਪੰਜਾਬ ਪ੍ਰਾਇਮਰੀ ਅਤੇ ਮਿਡਲ ਸਕੂਲ ਸਿੱਖਿਆ ਵਿੱਚ ਕੇਰਲ, ਮਹਾਰਾਸ਼ਟਰ ਅਤੇ ਦਿੱਲੀ ਨੂੰ ਪਛਾੜ ਕੇ ਪਹਿਲੇ ਸਥਾਨ ’ਤੇ ਪਹੁੰਚ ਗਿਆ ਹੈ। ਸੂਬਾ ਸਰਕਾਰ ਨੇ ਪ੍ਰਾਇਮਰੀ ਅਤੇ ਮਿਡਲ ਸਕੂਲ ਸਿੱਖਿਆ ਦਾ ਮਿਆਰ ਉੱਚਾ ਚੁੱਕਿਆ ਹੈ, ਪ੍ਰਣਾਲੀ ਨੂੰ ਮਜ਼ਬੂਤ ਕੀਤਾ ਹੈ, ਸਮਾਰਟ ਕਲਾਸਰੂਮ ਸ਼ੁਰੂ ਕੀਤੇ ਹਨ ਅਤੇ ਅਧਿਆਪਕਾਂ ਨੂੰ ਉੱਨਤ ਸਿਖਲਾਈ ਪ੍ਰਦਾਨ ਕੀਤੀ ਹੈ। ਇਨ੍ਹਾਂ ਯਤਨਾਂ ਦੇ ਸਿੱਟੇ ਵਜੋਂ ਪੰਜਾਬ ਸਕੂਲੀ ਸਿੱਖਿਆ ਖੇਤਰ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰ ਰਿਹਾ ਹੈ ਅਤੇ ਭਾਰਤ ਸਰਕਾਰ ਦੀਆਂ ਪ੍ਰਮੁੱਖ ਸੰਸਥਾਵਾਂ ਵਿੱਚੋਂ ਇੱਕ ਨੀਤੀ ਆਯੋਗ ਵੱਲੋਂ ਜਾਰੀ ਨਵੇਂ ਅੰਕੜੇ ਦਰਸਾਉਂਦੇ ਹਨ ਕਿ ਪੰਜਾਬ ਨੇ ਪ੍ਰਾਇਮਰੀ ਅਤੇ ਮਿਡਲ ਸਕੂਲ ਸਿੱਖਿਆ ਵਿੱਚ ਕੇਰਲ, ਮਹਾਰਾਸ਼ਟਰ ਅਤੇ ਦਿੱਲੀ ਨੂੰ ਪਿੱਛੇ ਛੱਡ ਕੇ ਪਹਿਲਾ ਸਥਾਨ ਹਾਸਲ ਕੀਤਾ ਹੈ। ਮੁੱਖ ਮੰਤਰੀ ਨੇ ਕਿਹਾ, ਪਿਛਲੇ ਚਾਰ ਸਾਲਾਂ ਤੋਂ ਸੂਬਾ ਸਰਕਾਰ ਨੇ ਅਧਿਆਪਕਾਂ ਦੀ ਸਿਖਲਾਈ, ਆਧੁਨਿਕ ਅਧਿਆਪਨ ਵਿਧੀਆਂ ਅਤੇ ਸਮਾਰਟ ਕਲਾਸਰੂਮਾਂ ’ਤੇ ਧਿਆਨ ਕੇਂਦਰਿਤ ਕੀਤਾ ਹੈ ਅਤੇ ਅੱਜ ਪੰਜਾਬ ਸਿਖਰ ’ਤੇ ਖੜ੍ਹਾ ਹੈ। ਪਹਿਲਾਂ ਕੇਰਲ ਪਹਿਲੇ ਸਥਾਨ ’ਤੇ ਸੀ, ਪਰ ਹੁਣ ਪੰਜਾਬ ਨੇ ਵੱਡੇ ਫਰਕ ਨਾਲ ਨੰਬਰ ਇੱਕ ਦਰਜਾ ਹਾਸਲ ਕੀਤਾ ਹੈ। ਆਉਣ ਵਾਲੇ ਸਮੇਂ ਵਿੱਚ ਵੀ ਅਜਿਹੇ ਹੋਰ ਯਤਨ ਕੀਤੇ ਜਾਣਗੇ। ਸਿੱਖਿਆ ਉਹ ਚਾਨਣ ਹੈ, ਜੋ ਹਨੇਰੇ ਨੂੰ ਦੂਰ ਕਰ ਕੇ ਦੁਨੀਆ ਨੂੰ ਰੌਸ਼ਨ ਕਰਦਾ ਹੈ, ਜਿਸ ਕਰ ਕੇ ਸੂਬਾ ਸਰਕਾਰ ਇਸ ’ਤੇ ਵਿਸ਼ੇਸ਼ ਜ਼ੋਰ ਦੇ ਰਹੀ ਹੈ। ਮੁੱਖ ਮੰਤਰੀ ਨੇ ਦੱਸਿਆ, ਲੁਧਿਆਣਾ ਜ਼ਿਲ੍ਹੇ ਦੇ ਸਰਕਾਰੀ ਸਕੂਲਾਂ ਵਿੱਚ ਲਗਪਗ ਤਿੰਨ ਲੱਖ ਵਿਦਿਆਰਥੀ ਪੜ੍ਹ ਰਹੇ ਹਨ, ਜਿੱਥੇ 16 ਸਕੂਲਜ਼ ਆਫ਼ ਐਮੀਨੈਂਸ, 11 ਸਕੂਲਜ਼ ਆਫ਼ ਬ੍ਰਿਲਿਅੰਸ ਅਤੇ 35 ਸਕੂਲਜ਼ ਆਫ਼ ਹੈਪੀਨੈੱਸ ਹਨ। ਮਿਲਰਗੰਜ ਅਤੇ ਡਿਵੀਜ਼ਨ ਨੰਬਰ 3, ਲੁਧਿਆਣਾ ਵਿਖੇ ਦੋ ਹੋਰ ਸਕੂਲ ਆਫ਼ ਐਮੀਨੈਂਸ ਬਣ ਕੇ ਤਿਆਰ ਹੋ ਚੁੱਕੇ ਹਨ ਅਤੇ ਜਲਦੀ ਜਨਤਾ ਨੂੰ ਸਮਰਪਿਤ ਕੀਤੇ ਜਾਣਗੇ। 146 ਵਿਦਿਆਰਥੀਆਂ ਨੇ ਨੀਟ ਪ੍ਰੀਖਿਆ, 33 ਵਿਦਿਆਰਥੀਆਂ ਨੇ ਜੇ.ਈ.ਈ. ਮੇਨ ਪ੍ਰੀਖਿਆ, 9 ਵਿਦਿਆਰਥੀਆਂ ਨੇ ਜੇ.ਈ.ਈ. ਐਡਵਾਂਸਡ ਪ੍ਰੀਖਿਆ ਅਤੇ 47 ਵਿਦਿਆਰਥੀਆਂ ਨੇ ਪੀ.ਐੱਸ.ਟੀ.ਐੱਸ.ਈ. ਪਾਸ ਕੀਤੀ ਹੈ।

# ਲੋਕ ਸਭਾ ’ਚ ਪੇਪਰ ਲੀਕ ਵਿਰੋਧੀ ਬਿੱਲ ’ਤੇ ਹੰਗਾਮਾ; ਕਾਰਵਾਈ 28 ਜੁਲਾਈ ਤੱਕ ਮੁਲਤਵੀ



ਨਵੀਂ ਦਿੱਲੀ, 27 ਜੁਲਾਈ
-ਚੌਧਰੀ ਪ੍ਰਭਜੀਤ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਸੰਸਦ ਦੇ ਹੇਠਲੇ ਸਦਨ ਲੋਕ ਸਭਾ ਦੀ ਕਾਰਵਾਈ ਸੋਮਵਾਰ ਨੂੰ ਦਿਨ ਭਰ ਲਈ ਮੁਲਤਵੀ ਕਰ ਦਿੱਤੀ ਗਈ ਹੈ। ਇਹ ਦੌਰਾਨ ਪਬਲਿਕ ਐਗਜ਼ਾਮੀਨੇਸ਼ਨ ਸੋਧ ਬਿੱਲ 2026 ’ਤੇ ਪ੍ਰਸਤਾਵਿਤ ਚਰਚਾ ਦੌਰਾਨ ਵਿਰੋਧੀ ਧਿਰ ਦੇ ਸੰਸਦ ਮੈਂਬਰਾਂ ਵੱਲੋਂ ਰੌਲਾ-ਰੱਪਾ ਪਾਇਆ ਗਿਆ ਅਤੇ ਹੰਗਾਮੇ ਕਾਰਨ ਸਦਨ ਦੀ ਕਾਰਵਾਈ ਨੂੰ ਮੁਲਤਵੀ ਕਰ ਦਿੱਤਾ ਗਿਆ। ਹੁਣ ਲੋਕ ਸਭਾ ਦੀ ਕਾਰਵਾਈ 28 ਜੁਲਾਈ ਨੂੰ ਸਵੇਰੇ 11 ਵਜੇ ਤੱਕ ਲਈ ਮੁਲਤਵੀ ਕਰ ਦਿੱਤੀ ਗਈ ਹੈ।

ਸਦਨ ਦੀ ਕਾਰਵਾਈ ਚਲਾ ਰਹੇ ਚੇਅਰਮੈਨ ਕ੍ਰਿਸ਼ਨਾ ਪ੍ਰਸਾਦ ਨੇ ਵਿਰੋਧੀ ਧਿਰ ਦੇ ਸੰਸਦ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਬਿੱਲ ’ਤੇ ਚਰਚਾ ਹੋਣ ਦੇਣ। ਉਨ੍ਹਾਂ ਨੇ ਰਾਸ਼ਟਰੀ ਲੋਕਤੰਤਰਿਕ ਪਾਰਟੀ ਦੇ ਮੁਖੀ ਹਨੂੰਮਾਨ ਬੈਨੀਵਾਲ ਅਤੇ ਹੋਰ ਨੇਤਾਵਾਂ ਨੂੰ ਆਪਣੀਆਂ ਸੀਟਾਂ @ਤੇ ਬੈਠਣ ਦੀ ਬੇਨਤੀ ਕੀਤੀ। ਉਨ੍ਹਾਂ ਕਿਹਾ ਕਿ ਚਰਚਾ ਸ਼ੁਰੂ ਕਰਨੀ ਚਾਹੀਦੀ ਹੈ ਕਿਉਂਕਿ ਇਹ ਇੱਕ ਬਹੁਤ ਹੀ ਮਹੱਤਵਪੂਰਨ ਬਿੱਲ ਹੈ ਜਿਸ ਦੀ ਅਸੀਂ ਉਡੀਕ ਕਰ ਰਹੇ ਸੀ। ਉਨ੍ਹਾਂ ਭਰੋਸਾ ਦਿੱਤਾ ਕਿ ਸਾਰਿਆਂ ਨੂੰ ਬਿੱਲ @ਤੇ ਬੋਲਣ ਦਾ ਮੌਕਾ ਮਿਲੇਗਾ, ਇਸ ਲਈ ਸਾਰੇ ਆਪਣੇ ਵਿਚਾਰ ਪੇਸ਼ ਕਰਨ ਅਤੇ ਆਪਣੀਆਂ ਤਖ਼ਤੀਆਂ ਹੇਠਾਂ ਰੱਖ ਲੈਣ।

ਇਸ ਤੋਂ ਇਲਾਵਾ ਕੇਂਦਰੀ ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰਨ ਰਿਜਿਜੂ ਨੇ ਵੀ ਵਿਰੋਧੀ ਨੇਤਾਵਾਂ ਨੂੰ ਚਰਚਾ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਜੇਕਰ ਵਿਰੋਧੀ ਧਿਰ ਚਾਹੇ ਤਾਂ ਚਰਚਾ ਲਈ ਹੋਰ ਸਮਾਂ ਵੀ ਦਿੱਤਾ ਜਾ ਸਕਦਾ ਹੈ। ਰਿਜਿਜੂ ਨੇ ਸਦਨ ਵਿੱਚ ਕਿਹਾ ਕਿ ਸਾਰੇ ਮੈਂਬਰ ਚਰਚਾ ਲਈ ਪੂਰੀ ਤਰ੍ਹਾਂ ਤਿਆਰ ਹੋ ਕੇ ਆਏ ਹਨ ਅਤੇ ਕਈ ਵਿਰੋਧੀ ਮੈਂਬਰਾਂ ਨੇ ਬਿੱਲ ਵਿੱਚ ਸੁਝਾਅ ਵੀ ਦਿੱਤੇ ਹਨ। ਇਹ ਬਿੱਲ ਵਿਦਿਆਰਥੀਆਂ ਅਤੇ ਨੌਜਵਾਨਾਂ ਦੇ ਭਵਿੱਖ ਲਈ ਬਹੁਤ ਅਹਿਮ ਹੈ। ਉਨ੍ਹਾਂ ਦੋਸ਼ ਲਾਇਆ ਕਿ ਕਾਂਗਰਸ ਅਤੇ ਉਸ ਦੇ ਕੁਝ ਸਹਿਯੋਗੀ ਜਾਣਬੁੱਝ ਕੇ ਬਿੱਲ @ਤੇ ਚਰਚਾ ਨਹੀਂ ਹੋਣ ਦੇ ਰਹੇ। ਉਨ੍ਹਾਂ ਕਾਂਗਰਸ ਨੂੰ ਨਸੀਹਤ ਦਿੱਤੀ ਕਿ ਅਜਿਹਾ ਕਰਨ ਨਾਲ ਉਨ੍ਹਾਂ ਦਾ ਅਕਸ ਖਰਾਬ ਹੋ ਰਿਹਾ ਹੈ ਅਤੇ ਸਾਰੀਆਂ ਪਾਰਟੀਆਂ ਨੂੰ ਨੌਜਵਾਨਾਂ ਦੇ ਹਿੱਤ ਵਾਲੇ ਇਸ ਬਿੱਲ @ਤੇ ਚਰਚਾ ਕਰਨੀ ਚਾਹੀਦੀ ਹੈ।

ਇਸ ਤੋਂ ਪਹਿਲਾਂ ਦਿਨ ਵਿੱਚ ਲੋਕ ਸਭਾ ਸਪੀਕਰ ਓਮ ਬਿਰਲਾ ਨੇ ਕਿਹਾ ਸੀ ਕਿ ਸਰਕਾਰ ਅਤੇ ਵਿਰੋਧੀ ਧਿਰ ਨੂੰ ਸ਼ਾਮ 5 ਵਜੇ ਤੱਕ ਸਹਿਮਤੀ ਬਣਾ ਲੈਣੀ ਚਾਹੀਦੀ ਹੈ ਤਾਂ ਜੋ ਚਰਚਾ ਸ਼ੁਰੂ ਕੀਤੀ ਜਾ ਸਕੇ। ਉਨ੍ਹਾਂ ਦੱਸਿਆ ਕਿ ਇਸ ਬਿੱਲ ਵਿੱਚ 91 ਸੋਧਾਂ ਪੇਸ਼ ਕੀਤੀਆਂ ਗਈਆਂ ਹਨ। ਸਪੀਕਰ ਨੇ ਪਬਲਿਕ ਐਗਜ਼ਾਮੀਨੇਸ਼ਨ ਬਿੱਲ ’ਤੇ ਖੁੱਲ੍ਹ ਕੇ ਚਰਚਾ ਕਰਨ ਲਈ ਛੇ ਘੰਟੇ ਦਾ ਸਮਾਂ ਦਿੱਤਾ ਸੀ ਅਤੇ ਜ਼ੋਰ ਦੇ ਕੇ ਕਿਹਾ ਸੀ ਕਿ ਦੇਸ਼ ਦੀ ਪ੍ਰਤੀਯੋਗੀ ਪ੍ਰੀਖਿਆ ਪ੍ਰਣਾਲੀ ਵਿੱਚ ਸੁਧਾਰ ਲਿਆਉਣ ਲਈ ਸਾਰਿਆਂ ਦਾ ਇੱਕਜੁੱਟ ਹੋਣਾ ਬਹੁਤ ਜ਼ਰੂਰੀ ਹੈ। ਇਮਤਿਹਾਨਾਂ ਵਿੱਚ ਹੁੰਦੀਆਂ ਗੜਬੜੀਆਂ ਨੂੰ ਰੋਕਣ ਲਈ ਨਵੇਂ ਕਾਨੂੰਨ ਲਿਆਉਣ ਦੀ ਕੋਸ਼ਿਸ਼ ਦੌਰਾਨ ਸੰਸਦ ਦੇ ਦੋਵਾਂ ਸਦਨਾਂ ਨੂੰ ਲਗਾਤਾਰ ਮੁਲਤਵੀ ਕਰਨਾ ਪਿਆ ਹੈ।

ਇਹ ਸੋਧ ਬਿੱਲ ਕੇਂਦਰੀ ਮੰਤਰੀ ਜੀਤੇਂਦਰ ਸਿੰਘ ਵੱਲੋਂ ਸਦਨ ਵਿੱਚ ਪੇਸ਼ ਕੀਤਾ ਗਿਆ ਸੀ। ਇਸ ਨਵੇਂ ਸੋਧ ਬਿੱਲ ਵਿੱਚ ਪੇਪਰ ਲੀਕ ਜਾਂ ਨਕਲ ਕਰਵਾਉਣ ਵਾਲੇ ਵਿਅਕਤੀਆਂ ਲਈ ਸਜ਼ਾ ਨੂੰ ਪੰਜ ਸਾਲ ਤੋਂ ਵਧਾ ਕੇ ਪੰਜ ਤੋਂ ਦਸ ਸਾਲ ਤੱਕ ਕਰ ਦਿੱਤਾ ਗਿਆ ਹੈ ਅਤੇ ਨਾਲ ਹੀ 50 ਲੱਖ ਰੁਪਏ ਤੱਕ ਦੇ ਜੁਰਮਾਨੇ ਦੀ ਵਿਵਸਥਾ ਕੀਤੀ ਗਈ ਹੈ। ਸੰਗਠਿਤ ਅਪਰਾਧ (ਮਿਲ ਕੇ ਵੱਡੇ ਪੱਧਰ @ਤੇ ਗੜਬੜੀ ਕਰਨਾ) ਲਈ ਘੱਟੋ-ਘੱਟ ਸਜ਼ਾ ਮੌਜੂਦਾ ਕਾਨੂੰਨ ਵਿਚਲੇ ਪੰਜ ਸਾਲ ਤੋਂ ਵਧਾ ਕੇ ਸੱਤ ਸਾਲ ਕਰਨ ਦੀ ਤਜਵੀਜ਼ ਰੱਖੀ ਗਈ ਹੈ। ਇਸ ਤੋਂ ਇਲਾਵਾ ਇਸ ਸੋਧ ਵਿੱਚ ਐਕਟ ਦੇ ਅਧੀਨ ਆਉਂਦੇ ਅਪਰਾਧਾਂ ਦੀ ਜਲਦੀ ਸੁਣਵਾਈ ਲਈ ਵਿਸ਼ੇਸ਼ ਫਾਸਟ ਟਰੈਕ ਅਦਾਲਤਾਂ ਬਣਾਉਣ ਦਾ ਵੀ ਪ੍ਰਬੰਧ ਕੀਤਾ ਗਿਆ ਹੈ।

# ਭਗਵਾਨ ਭੋਲੇਨਾਥ ਦੀ ਭਗਤੀ ਨਾਲ ਗੂੰਜੇਗਾ ਸ਼ਾਹੀ ਸ਼ਹਿਰ ਪਟਿਆਲਾ; ਪੰਜਾਬ ਸਰਕਾਰ ਵੱਲੋਂ ਆਯੋਜਿਤ ਵਿਸ਼ਾਲ ਧਾਰਮਿਕ ਮਹਾਂਉਤਸਵ ‘ਇੱਕ ਸ਼ਾਮ ਸ਼ਿਵ ਦੇ ਨਾਮ’ 28 ਜੁਲਾਈ ਨੂੰ




ਪਟਿਆਲਾ, 27 ਜੁਲਾਈ
-ਜੀ. ਐਸ. ਤੁੰਗ-

ਸ਼ਵ ਭਗਤਾਂ ਦੀ ਅਟੱਲ ਸ਼ਰਧਾ, ਆਸਥਾ ਅਤੇ ਭਗਤੀ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਆਯੋਜਿਤ ਵਿਸ਼ਾਲ ਧਾਰਮਿਕ ਮਹਾਂਉਤਸਵ ਇੱਕ ਸ਼ਾਮ ਸ਼ਿਵ ਦੇ ਨਾਮ 28 ਜੁਲਾਈ ਨੂੰ ਸ਼ਾਮ 6:30 ਵਜੇ ਰਾਜਪੁਰਾ ਰੋਡ ਸਥਿਤ ਆਤਮਾ ਰਾਮ ਕੁਮਾਰ ਸਭਾ ਗਰਾਊਂਡ, ਪਟਿਆਲਾ ਵਿਖੇ ਬੜੀ ਸ਼ਰਧਾ, ਉਤਸ਼ਾਹ ਅਤੇ ਧਾਰਮਿਕ ਰੌਣਕ ਨਾਲ ਮਨਾਇਆ ਜਾਵੇਗਾ। ਇਸ ਅਲੌਕਿਕ ਸ਼ਾਮ ਦੌਰਾਨ ਭਗਵਾਨ ਮਹਾਦੇਵ ਦੀ ਮਹਿਮਾ ਦਾ ਗੁਣਗਾਨ, ਭਜਨ-ਕੀਰਤਨ ਅਤੇ ਆਧਿਆਤਮਿਕ ਰਸ ਨਾਲ ਭਰਪੂਰ ਵਾਤਾਵਰਨ ਸ਼ਰਧਾਲੂਆਂ ਨੂੰ ਭਗਤੀ ਦੇ ਰੰਗ ਵਿੱਚ ਰੰਗ ਦੇਵੇਗਾ। ਸਿਹਤ ਮੰਤਰੀ ਡਾ. ਬਲਬੀਰ ਸਿੰਘ ਸਮੇਤ ਆਪ ਆਗੂਆਂ ਨੇ ਕੀਤੀ ਪ੍ਰਬੰਧਾਂ ਦੀ ਵਿਸਤ੍ਰਿਤ ਸਮੀਖਿਆ; ਮੁੱਖ ਮੰਤਰੀ ਭਗਵੰਤ ਮਾਨ ਅਤੇ ਅਰਵਿੰਦ ਕੇਜਰੀਵਾਲ ਕਰਨਗੇ ਸ਼ਿਰਕਤ ਇਸ ਮਹਾਂਉਤਸਵ ਦੇ ਸੱਦਾ ਪੱਤਰ (ਕਾਰਡ) ਨੂੰ ਅੱਜ ਸਰਕਟ ਹਾਊਸ ਪਟਿਆਲਾ ਵਿਖੇ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ, ਪੰਜਾਬ ਸਰਕਾਰ ਦੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਦੇ ਸਲਾਹਕਾਰ ਦੀਪਕ ਬਾਲੀ, ਆਮ ਆਦਮੀ ਪਾਰਟੀ ਦੇ ਜਨਰਲ ਸਕੱਤਰ ਬਲਤੇਜ ਸਿੰਘ ਪੰਨੂ, ਸਨਾਤਨ ਸੇਵਾ ਸਮਿਤੀ ਦੇ ਰਾਸ਼ਟਰੀ ਪ੍ਰਧਾਨ ਵਿਜੈ ਸ਼ਰਮਾ, ਵਿਧਾਇਕ ਅਜੀਤਪਾਲ ਸਿੰਘ ਕੋਹਲੀ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਤੇਜਿੰਦਰ ਮਹਿਤਾ, ਮੇਅਰ ਕੁੰਦਨ ਗੋਗੀਆ, ਦਿਹਾਤੀ ਪ੍ਰਧਾਨ ਹਰਪਾਲ ਸਿੰਘ ਵਿਰਕ ਅਤੇ ਸੀਨੀਅਰ ਡਿਪਟੀ ਮੇਅਰ ਹਰਿੰਦਰ ਕੋਹਲੀ ਦੀ ਹਾਜ਼ਰੀ ਵਿੱਚ ਰਸਮੀ ਤੌਰ ’ਤੇ ਜਾਰੀ ਕੀਤਾ ਗਿਆ। ਇਸ ਮੌਕੇ ਦੀਪਕ ਬਾਲੀ ਅਤੇ ਵਿਜੈ ਸ਼ਰਮਾ ਨੇ ਕਿਹਾ ਕਿ ਇੱਕ ਸ਼ਾਮ ਸ਼ਿਵ ਦੇ ਨਾਮ ਕੇਵਲ ਇੱਕ ਧਾਰਮਿਕ ਸਮਾਗਮ ਨਹੀਂ, ਸਗੋਂ ਸਨਾਤਨ ਸੰਸਕ੍ਰਿਤੀ, ਭਗਵਾਨ ਸ਼ਿਵ ਪ੍ਰਤੀ ਅਟੁੱਟ ਸ਼ਰਧਾ, ਸਮਾਜਿਕ ਸਦਭਾਵਨਾ, ਆਪਸੀ ਭਾਈਚਾਰੇ ਅਤੇ ਸੱਭਿਆਚਾਰਕ ਏਕਤਾ ਦਾ ਇੱਕ ਵਿਸ਼ਾਲ ਮਹਾਂਉਤਸਵ ਹੈ। ਉਨ੍ਹਾਂ ਕਿਹਾ ਕਿ ਇਸ ਪਾਵਨ ਸਮਾਗਮ ਵਿੱਚ ਦੇਸ਼ ਦੇ ਨਾਮਵਰ ਭਜਨ ਗਾਇਕ ਭਗਵਾਨ ਭੋਲੇਨਾਥ ਦੀ ਮਹਿਮਾ ਦਾ ਰਸਭਰਿਆ ਗੁਣਗਾਨ ਕਰਨਗੇ, ਜਿਸ ਨਾਲ ਸਮੁੱਚਾ ਮਾਹੌਲ ਹਰ ਹਰ ਮਹਾਦੇਵ ਦੇ ਜੈਕਾਰਿਆਂ ਨਾਲ ਗੂੰਜ ਉੱਠੇਗਾ ਅਤੇ ਹਜ਼ਾਰਾਂ ਦੀ ਗਿਣਤੀ ਵਿੱਚ ਸ਼ਰਧਾਲੂ ਭਗਤੀ ਰਸ ਦਾ ਆਨੰਦ ਮਾਣਨਗੇ। ਉਨ੍ਹਾਂ ਜਾਣਕਾਰੀ ਦਿੱਤੀ ਕਿ ਇਸ ਵਿਸ਼ਾਲ ਧਾਰਮਿਕ ਮਹਾਂਉਤਸਵ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕਰਕੇ ਸਮਾਗਮ ਦੀ ਸ਼ੋਭਾ ਵਧਾਉਣਗੇ। ਇਸ ਤੋਂ ਬਾਅਦ ਸਮਾਗਮ ਦੀਆਂ ਤਿਆਰੀਆਂ ਨੂੰ ਅੰਤਿਮ ਰੂਪ ਦੇਣ ਲਈ ਪ੍ਰਸ਼ਾਸਨਿਕ ਅਤੇ ਪੁਲਿਸ ਅਧਿਕਾਰੀਆਂ ਨਾਲ ਇੱਕ ਵਿਸਤ੍ਰਿਤ ਸਮੀਖਿਆ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਸੁਰੱਖਿਆ ਪ੍ਰਬੰਧਾਂ, ਟ੍ਰੈਫਿਕ ਪ੍ਰਬੰਧਨ, ਪਾਰਕਿੰਗ, ਸਫ਼ਾਈ, ਨਿਰਵਿਘਨ ਬਿਜਲੀ ਸਪਲਾਈ, ਸ਼ੁੱਧ ਪੀਣ ਵਾਲੇ ਪਾਣੀ, ਮੈਡੀਕਲ ਸਹੂਲਤਾਂ, ਫਾਇਰ ਸੇਫਟੀ ਅਤੇ ਹੋਰ ਜ਼ਰੂਰੀ ਪ੍ਰਬੰਧਾਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ, ਤਾਂ ਜੋ ਆਉਣ ਵਾਲੇ ਹਰ ਸ਼ਰਧਾਲੂ ਨੂੰ ਸੁਵਿਧਾਜਨਕ, ਸੁਰੱਖਿਅਤ ਅਤੇ ਯਾਦਗਾਰ ਧਾਰਮਿਕ ਅਨੁਭਵ ਪ੍ਰਾਪਤ ਹੋ ਸਕੇ। ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ ਅਨੁਪ੍ਰਿਤਾ ਜੌਹਲ, ਐਸਪੀ ਸਿਟੀ ਪਲਵਿੰਦਰ ਸਿੰਘ ਚੀਮਾ, ਐਸਡੀਐਮ ਅਤੇ ਹੋਰ ਸੀਨੀਅਰ ਪ੍ਰਸ਼ਾਸਨਿਕ ਤੇ ਪੁਲਿਸ ਅਧਿਕਾਰੀਆਂ ਨੇ ਸ਼ਮੂਲੀਅਤ ਕਰਦਿਆਂ ਸਮਾਗਮ ਨੂੰ ਸੁਚਾਰੂ, ਸੁਰੱਖਿਅਤ ਅਤੇ ਸ਼ਾਨਦਾਰ ਢੰਗ ਨਾਲ ਨੇਪਰੇ ਚਾੜ੍ਹਨ ਲਈ ਕੀਤੇ ਜਾ ਰਹੇ ਪ੍ਰਬੰਧਾਂ ਦੀ ਵਿਸਤ੍ਰਿਤ ਸਮੀਖਿਆ ਕੀਤੀ।

# ਭਾਜਪਾ ਦੇ ਜ਼ਿਲ੍ਹਾ ਦਫ਼ਤਰ ’ਤੇ ਪੈਟਰੋਲ ਬੰਬ ਨਾਲ ਹਮਲਾ; ਪੁਲਿਸ ਅਤੇ ਫੋਰੈਂਸਿਕ ਟੀਮ ਵੱਲੋਂ ਜਾਂਚ ਸ਼ੁਰੂ

ਚੰਡੀਗੜ੍ਹ, 27 ਜੁਲਾਈ
-ਸ਼ਹੀਦ-ਏ-ਆਜ਼ਮ-ਬਿਊਰੋ-

ਸੰਗਰੂਰ ’ਚ ਭਾਜਪਾ ਦੇ ਜ਼ਿਲ੍ਹਾ ਦਫ਼ਤਰ ’ਤੇ ਪੈਟਰੋਲ ਬੰਬ ਨਾਲ ਹਮਲਾ ਹੋਇਆ ਹੈ। ਘਟਨਾ ਸ਼ਨੀਵਾਰ ਅੱਧੀ ਰਾਤ ਮਗਰੋਂ ਕਰੀਬ ਦੋ ਵਜੇ ਦੀ ਦੱਸੀ ਜਾ ਰਹੀ ਹੈ। ਹਮਲੇ ਸਮੇਂ ਦਫ਼ਤਰ ਵਿੱਚ ਕੋਈ ਮੌਜੂਦ ਨਹੀਂ ਸੀ। ਅੱਜ ਸਵੇਰੇ ਘਟਨਾ ਦਾ ਪਤਾ ਲੱਗਦਿਆਂ ਹੀ ਪੁਲੀਸ ਅਧਿਕਾਰੀ ਮੌਕੇ ’ਤੇ ਪੁੱਜੇ ਅਤੇ ਜਾਂਚ ਸ਼ੁਰੂ ਕਰ ਦਿੱਤੀ ਹੈ। ਇਸ ਮੌਕੇ ਐੱਸ.ਪੀ. (ਡੀ) ਸ਼੍ਰੀ ਦਵਿੰਦਰ ਅਤਰੀ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪੁਲੀਸ ਨੂੰ ਅੱਜ ਸਵੇਰੇ ਹੀ ਸੂਚਨਾ ਮਿਲੀ ਸੀ ਅਤੇ ਮੌਕੇ ’ਤੇ ਪੁੱਜ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਉਨ੍ਹਾਂ ਦੱਸਿਆ ਕਿ ਬੀਅਰ ਦੀ ਬੋਤਲ ਵਿੱਚ ਪੈਟਰੋਲ ਪਾ ਕੇ ਬਾਹਰਲੀ ਕੰਧ ’ਤੇ ਸੁੱਟਿਆ ਗਿਆ, ਜਿੱਥੇ ਅੱਗ ਦੇ ਨਿਸ਼ਾਨ ਹਨ। ਇਹ ਘਟਨਾ ਸ਼ਨੀਵਾਰ ਦੀ ਰਾਤ ਨੂੰ ਕਰੀਬ ਦੋ-ਢਾਈ ਵਜੇ ਦੀ ਦੱਸੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਪੁਲੀਸ ਦੀਆਂ ਵੱਖ-ਵੱਖ ਟੀਮਾਂ ਜਾਂਚ ਵਿੱਚ ਜੁਟ ਗਈਆਂ ਹਨ। ਪੁਲੀਸ ਕੇਸ ਦਰਜ ਕਰ ਰਹੀ ਹੈ ਅਤੇ ਜਲਦ ਹੀ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

ਇਸ ਮੌਕੇ ਮੌਜੂਦ ਭਾਜਪਾ ਆਗੂ ਰਣਦੀਪ ਸਿੰਘ ਦਿਓਲ ਨੇ ਦੱਸਿਆ ਕਿ ਅੱਜ ਸਵੇਰੇ ਜਦੋਂ ਵਰਕਰ ਨੇ ਭਾਜਪਾ ਦਫ਼ਤਰ ਦਾ ਜਿੰਦਰਾ ਖੋਲ੍ਹਿਆ ਤਾਂ ਉਸ ਨੇ ਸੂਚਨਾ ਦਿੱਤੀ। ਉਨ੍ਹਾਂ ਦੱਸਿਆ ਕਿ ਪੈਟਰੋਲ ਬੰਬ ਦਫ਼ਤਰ ਉੱਪਰ ਸੁੱਟ ਕੇ ਦਫ਼ਤਰ ਨੂੰ ਅੱਗ ਲਾਉਣ ਦੀ ਕੋਸ਼ਿਸ਼ ਕੀਤੀ ਗਈ ਹੈ ਅਤੇ ਉੱਪਰ ਤੱਕ ਧੂੰਏਂ ਦੇ ਨਿਸ਼ਾਨ ਹਨ। ਉਨ੍ਹਾਂ ਪੰਜਾਬ ਸਰਕਾਰ ਦੀ ਨਿੰਦਾ ਕਰਦਿਆਂ ਕਿਹਾ ਕਿ ਭਾਜਪਾ ਦੇ ਜ਼ਿਲ੍ਹਾ ਦਫ਼ਤਰ ’ਤੇ ਹਮਲਾ ਹੋਣਾ ਸਰਕਾਰ ਦੀ ਨਾਕਾਮੀ ਹੈ। ਪਹਿਲਾਂ ਭਾਜਪਾ ਦੇ ਚੰਡੀਗੜ੍ਹ ਦਫ਼ਤਰ ’ਤੇ ਅਟੈਕ ਹੋਇਆ, ਪੁਲੀਸ ਥਾਣਿਆਂ ਉੱਪਰ ਹਮਲੇ ਹੋਏ ਹਨ।

# ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਵੱਲੋਂ ਪਟਿਆਲਾ ਤੋਂ ਦੋ ਹੋਰ ਬੱਸਾਂ ਰਵਾਨਾ



ਪਟਿਆਲਾ, 27 ਜੁਲਾਈ
-ਛਤਰਪਾਲ ਸਿੰਘ-

ਪੰਜਾਬ ਸਰਕਾਰ ਦੀ ਵਿਰਾਸਤ ਸੇਵਾ ਸੰਗਠਨ ਵੱਲੋਂ ਚਲ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਪਟਿਆਲਾ ਸ਼ਹਿਰ ਦੀ ਢਿੱਲੋਂ ਕਾਲੋਨੀ ਅਤੇ ਤੇਜ ਬਾਗ ਕਾਲੋਨੀ ਤੋਂ ਅੱਜ ਦੋ ਬੱਸਾਂ ਰਵਾਨਾ ਕੀਤੀਆਂ। ਇਸ ਮੌਕੇ ਵਾਰਡ ਨੰਬਰ 35 ਦੇ ਇੰਚਾਰਜ ਰਮੇਸ਼ ਸਿੰਗਲਾ ਅਤੇ ਵਾਰਡ ਨੰਬਰ 34 ਦੇ ਐੱਮ.ਸੀ. ਤੇਜਿੰਦਰ ਮਹਿਤਾ ਵੀ ਮੌਜੂਦ ਸਨ। ਇਸ ਮੌਕੇ ਸੰਗਤਾਂ ਯਾਤਰਾ ਦੋਰਾਨ ਬਹੁਤ ਉਤਸ਼ਾਹ ਵਿਚ ਸਨ। ਸਰਕਾਰ ਦੇ ਇਸ ਵਿਸੇਸ਼ ਉਪਰਾਲੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਐਮ.ਐਲ.ਏ. ਪਟਿਆਲਾ ਅਜੀਤਪਾਲ ਸਿੰਘ ਕੋਹਲੀ ਦਾ ਧੰਨਵਾਦ ਕੀਤਾ। ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਦੱਸਿਆ ਕਿ ਇਹ ਯਾਤਰਾ ਤਿੰਨ ਦਿਨ ਲਈ ਹੈ, ਜਿਥੇ ਕਿ ਵਧੀਆ ਹੋਟਲ ਵਿਚ ਖਾਣਾ ਅਤੇ ਰਹਿਣ ਦਾ ਪ੍ਰਬੰਧ ਹੁੰਦਾ ਹੈ। ਇਹ ਜਲਿਆਂ ਵਾਲਾ ਬਾਗ, ਰਾਮ ਤੀਰਥ ਮੰਦਰ, ਦੁਰਗਿਆਣਾ ਮੰਦਰ, ਅਤੇ ਵਾਹਗਾ ਬਾਰਡਰ ਵੀ ਜਾਂਦੀ ਹੈ। ਇਸ ਤੀਰਥ ਯਾਤਰਾ ਦਾ ਸਾਰਾ ਖਰਚ ਪੰਜਾਬ ਸਰਕਾਰ ਵੱਲੋਂ ਕੀਤਾ ਜਾ ਰਿਹਾ ਹੈ ਕਿਸੇ ਵੀ ਸ਼ਰਧਾਲੂ ਤੋਂ ਕੋਈ ਪੈਸਾ ਨਹੀਂ ਲਿਆ ਜਾ ਰਿਹਾ ਉਹਨਾਂ ਦੱਸਿਆ ਕਿ ਹੁਣ ਤੱਕ ਅਣਗਿਣਤ ਸ਼ਰਧਾਲੂ ਤੀਰਥ ਯਾਤਰਾ ਕਰ ਚੁੱਕੇ ਹਨ ਅਤੇ ਲੱਖਾਂ ਸ਼ਰਧਾਲੂ ਲਗਾਤਾਰ ਸਬੰਧਤ ਇਲਾਕੇ ਦੇ ਆਗੂਆਂ ਨਾਲ ਸੰਪਰਕ ਕਰ ਰਹੇ ਹਨ ਜਿਨਾਂ ਨੂੰ ਇਹ ਯਾਤਰਾ ਕਰਵਾਈ ਜਾ ਰਹੀ ਹੈ ਉਹਨਾਂ ਦੱਸਿਆ ਸਰਕਾਰ ਨੇ ਇਸ ਉਪਰਾਲੇ ਦਾ ਸੂਬਾ ਵਾਸੀਆਂ ਵੱਲੋਂ ਸਹਿਯੋਗ ਕਰਨ ਦੇ ਨਾਲ ਨਾਲ ਧੰਨਵਾਦ ਵੀ ਕੀਤਾ ਜਾ ਰਿਹਾ ਹੈ। ਇਸ ਮੌਕੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਹ ਯੋਜਨਾ ਧਾਰਮਿਕ ਆਸਥਾ ਨਾਲ ਜੁੜੇ ਲੋਕਾਂ ਲਈ ਇੱਕ ਵੱਡਾ ਉਪਰਾਲਾ ਹੈ। ਇਸ ਯੋਜਨਾ ਰਾਹੀਂ ਸ਼ਰਧਾਲੂਆਂ ਨੂੰ ਵੱਖ-ਵੱਖ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ ਅਤੇ ਲੋਕਾਂ ਨੂੰ ਸੁਵਿਧਾਵਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ। ਵਿਧਾਇਕ ਕੋਹਲੀ ਨੇ ਯਾਤਰਾ ’ਤੇ ਜਾ ਰਹੇ ਸ਼ਰਧਾਲੂਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਉਨ੍ਹਾਂ ਦੀ ਸੁਖਦ ਅਤੇ ਮੰਗਲਮਈ ਯਾਤਰਾ ਦੀ ਕਾਮਨਾ ਕੀਤੀ। ਸ਼ਰਧਾਲੂਆਂ ਨੇ ਵੀ ਪੰਜਾਬ ਸਰਕਾਰ ਅਤੇ ਵਿਧਾਇਕ ਕੋਹਲੀ ਦਾ ਧੰਨਵਾਦ ਕਰਦਿਆਂ ਇਸ ਉਪਰਾਲੇ ਦੀ ਪ੍ਰਸ਼ੰਸਾ ਕੀਤੀ।

# ਸ਼ਾਂਤੀਪੂਰਨ ਵਿਰੋਧ ਸੰਵਿਧਾਨਕ ਅਧਿਕਾਰ, ਸਿਰਫ਼ ਅੰਦੋਲਨ ਦੇ ਆਧਾਰ ’ਤੇ ਲਾਠੀਚਾਰਜ ਸਹੀਂ ਨਹੀਂ: CJI

ਨਵੀਂ ਦਿੱਲੀ, 27 ਜੁਲਾਈ
-ਸ਼ਹੀਦ-ਏ-ਆਜ਼ਮ-ਬਿਊਰੋ-

ਚੀਫ਼ ਜਸਟਿਸ ਸੂਰੀਆਕਾਂਤ ਨੇ ਸੋਮਵਾਰ ਨੂੰ ਕਿਹਾ ਕਿ ਸ਼ਾਂਤੀਪੂਰਨ ਪ੍ਰਦਰਸ਼ਨ ਸੰਵਿਧਾਨ ਦੇ ਅਧੀਨ ਸੁਰੱਖਿਅਤ ਹੈ ਅਤੇ ਸਿਰਫ਼ ਵਿਰੋਧ ਪ੍ਰਦਰਸ਼ਨ ਲਾਠੀਚਾਰਜ ਦਾ ਆਧਾਰ ਨਹੀਂ ਹੋ ਸਕਦਾ ਹੈ। ਉਨ੍ਹਾਂ ਨੇ ਇਹ ਟਿੱਪਣੀਆਂ ਉਦੋਂ ਕੀਤੀਆਂ, ਜਦੋਂ ਜਸਟਿਸ ਜੋਇਮਲਿਆ ਬਾਗਚੀ ਅਤੇ ਜੱਜ ਵੀ. ਮੋਹਨਾ ਵਾਲੀ ਬੈਂਚ ਦੇਸ਼ ’ਚ ਨੀਟ ਪੇਪਰ ਲੀਕ ਨੂੰ ਲੈ ਕੇ ਵਿਰੋਧ ਕਰ ਰਹੇ ਵਿਦਿਆਰਥੀਆਂ ਖ਼ਿਲਾਫ਼ ਪੁਲਸ ਬਲ ਦੀ ਜ਼ਿਆਦਾ ਵਰਤੋਂ ਦਾ ਦੋਸ਼ ਲਗਾਉਣ ਵਾਲੀਆਂ ਪਟੀਸ਼ਨਾਂ ਦੇ ਇਕ ਸਮੂਹ ’ਤੇ ਸੁਣਵਾਈ ਕਰ ਰਹੀ ਸੀ। ਅਦਾਲਤ ਨੇ ਵਿਰੋਧ ਪ੍ਰਦਰਸ਼ਨ ਦੌਰਾਨ ਜ਼ਖਮੀ ਹੋਏ ਪੁਲਸ ਕਰਮਚਾਰੀਆਂ ਦੇ ਪਰਿਵਾਰਾਂ ਨੂੰ ਵੀ ਕਾਰਵਾਈ ’ਚ ਸ਼ਾਮਲ ਹੋਣ ਦੀ ਇਜਾਜ਼ਤ ਦਿੱਤੀ। ਜਸਟਿਸ ਜੋਇਮਲਿਆ ਬਾਗਚੀ ਨੇ ਕਿਹਾ ਕਿ ਪੁਲਸ ਕਰਮਚਾਰੀਆਂ ਅਤੇ ਵਿਦਿਆਰਥੀਆਂ ਦੋਵਾਂ ਜ਼ਖਮੀ ਹੋਣਾ ਸਾਮਾਨ ਰੂਪ ਨਾਲ ਚਿੰਤਾਜਨਕ ਹਨ ਅਤੇ ਸਰਕਾਰ ਨੂੰ ਇਹ ਦੱਸਣ ਲਈ ਕਿਹਾ ਕਿ ਪੁਲਿਸ ਨੂੰ ਹੈਲਮੇਟ ਵਰਗੇ ਜ਼ਰੂਰੀ ਸੁਰੱਖਿਆ ਉਪਕਰਣ ਕਿਉਂ ਨਹੀਂ ਦਿੱਤੇ ਗਏ।




# ‘ਇੱਕ ਸ਼ਾਮ ਸ਼ਿਵ ਦੇ ਨਾਮ’ ਦਾ ਸੱਦਾ ਪੱਤਰ ਜਾਰੀ; ਸਿਹਤ ਮੰਤਰੀ ਡਾ. ਬਲਬੀਰ ਸਿੰਘ ਅਤੇ ਹੋਰ ਆਪ ਆਗੂਆਂ ਨੇ ਕੀਤਾ ਰਿਲੀਜ਼

ਪਟਿਆਲਾ, 27 ਜੁਲਾਈ
-ਛਤਰਪਾਲ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-



ਪਟਿਆਲਾ ਦੇ ਰਾਜਪੁਰਾ ਰੋਡ ‘ਤੇ ਸਥਿਤ ਆਤਮਾ ਰਾਮ ਕੁਮਾਰ ਸਭਾ ਗਰਾਊਂਡ ਵਿਖੇ ਅੱਜ ਸ਼ਾਮ ਸਾਢੇ ਛੇ ਵਜੇ ਹੋਣ ਜਾ ਰਹੇ ਵਿਸ਼ਾਲ ਧਾਰਮਿਕ ਉਤਸਵ ਇੱਕ ਸ਼ਾਮ ਸ਼ਿਵ ਦੇ ਨਾਮ ਦੇ ਸੱਦਾ ਪੱਤਰ (ਕਾਰਡ) ਨੂੰ ਅੱਜ ਸਰਕਟ ਹਾਊਸ ਵਿਖੇ ਰਸਮੀ ਤੌਰ ’ਤੇ ਜਾਰੀ ਕੀਤਾ ਗਿਆ। ਇਸ ਮੌਕੇ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ, ਪੰਜਾਬ ਸਰਕਾਰ ਦੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਦੇ ਸਲਾਹਕਾਰ ਦੀਪਕ ਬਾਲੀ, ਆਮ ਆਦਮੀ ਪਾਰਟੀ ਦੇ ਜਨਰਲ ਸਕੱਤਰ ਬਲਤੇਜ ਸਿੰਘ ਪੰਨੂ, ਸਨਾਤਨ ਸੇਵਾ ਸਮਿਤੀ ਦੇ ਰਾਸ਼ਟਰੀ ਪ੍ਰਧਾਨ ਵਿਜੈ ਸ਼ਰਮਾ, ਪਟਿਆਲਾ ਸ਼ਹਿਰੀ ਤੋਂ ਵਿਧਾਇਕ ਅਜੀਤਪਾਲ ਸਿੰਘ ਕੋਹਲੀ, ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ (ਸ਼ਹਿਰੀ) ਅਤੇ ਚੇਅਰਮੈਨ, ਜ਼ਿਲ੍ਹਾ ਯੋਜਨਾ ਕਮੇਟੀ ਪਟਿਆਲਾ ਤੇਜਿੰਦਰ ਮਹਿਤਾ, ਮੇਅਰ ਕੁੰਦਨ ਗੋਗੀਆ, ਚੇਅਰਮੈਨ ਤੇ ਦਿਹਾਤੀ ਪ੍ਰਧਾਨ ਹਰਪਾਲ ਸਿੰਘ ਵਿਰਕ ਅਤੇ ਸੀਨੀਅਰ ਡਿਪਟੀ ਮੇਅਰ ਹਰਿੰਦਰ ਕੋਹਲੀ ਵੀ ਹਾਜ਼ਰ ਸਨ।

ਇਸ ਮੌਕੇ ਦੀਪਕ ਬਾਲੀ ਅਤੇ ਵਿਜੈ ਸ਼ਰਮਾ ਨੇ ਕਿਹਾ ਕਿ ਇੱਕ ਸ਼ਾਮ ਸ਼ਿਵ ਦੇ ਨਾਮ ਸਿਰਫ਼ ਇੱਕ ਧਾਰਮਿਕ ਸਮਾਗਮ ਨਹੀਂ, ਸਗੋਂ ਭਗਵਾਨ ਸ਼ਿਵ ਪ੍ਰਤੀ ਸ਼ਰਧਾ, ਸਮਾਜਿਕ ਸਦਭਾਵਨਾ ਅਤੇ ਸੱਭਿਆਚਾਰਕ ਏਕਤਾ ਦਾ ਵਿਸ਼ਾਲ ਉਤਸਵ ਹੋਵੇਗਾ। ਉਨ੍ਹਾਂ ਦੱਸਿਆ ਕਿ 28 ਜੁਲਾਈ ਨੂੰ ਸ਼ਾਮ ਸਾਢੇ ਛੇ ਵਜੇ ਹੋਣ ਵਾਲੇ ਇਸ ਸਮਾਗਮ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕਰਨਗੇ। ਉਨ੍ਹਾਂ ਕਿਹਾ ਕਿ ਦੇਸ਼ ਦੇ ਨਾਮਵਰ ਭਜਨ ਗਾਇਕ ਭਗਵਾਨ ਸ਼ਿਵ ਦੀ ਮਹਿਮਾ ਦਾ ਗੁਣਗਾਨ ਕਰਨਗੇ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਇਸ ਧਾਰਮਿਕ ਉਤਸਵ ਦਾ ਹਿੱਸਾ ਬਣਨਗੀਆਂ।

ਇਸ ਉਪਰੰਤ ਸਮਾਗਮ ਦੀਆਂ ਤਿਆਰੀਆਂ ਅਤੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਪ੍ਰਸ਼ਾਸਨਿਕ ਅਤੇ ਪੁਲਿਸ ਅਧਿਕਾਰੀਆਂ ਨਾਲ ਇੱਕ ਅਹਿਮ ਸਮੀਖਿਆ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਸੁਰੱਖਿਆ ਪ੍ਰਬੰਧਾਂ, ਟ੍ਰੈਫਿਕ ਵਿਵਸਥਾ, ਪਾਰਕਿੰਗ, ਸਫ਼ਾਈ, ਬਿਜਲੀ ਸਪਲਾਈ, ਪੀਣ ਵਾਲੇ ਪਾਣੀ, ਮੈਡੀਕਲ ਸਹੂਲਤਾਂ, ਫਾਇਰ ਸੇਫਟੀ ਅਤੇ ਹੋਰ ਲੋੜੀਂਦੇ ਪ੍ਰਬੰਧਾਂ ਸਬੰਧੀ ਵਿਸਥਾਰ ਨਾਲ ਚਰਚਾ ਕੀਤੀ ਗਈ, ਤਾਂ ਜੋ ਸਮਾਗਮ ਦੌਰਾਨ ਸ਼ਰਧਾਲੂਆਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ ਅਨੁਪ੍ਰਿਤਾ ਜੌਹਲ, ਐਸਪੀ ਸਿਟੀ ਪਲਵਿੰਦਰ ਸਿੰਘ ਚੀਮਾ ਅਤੇ ਐਸਡੀਐਮ ਸਮੇਤ ਪ੍ਰਸ਼ਾਸਨਿਕ ਅਤੇ ਪੁਲਿਸ ਅਧਿਕਾਰੀਆਂ ਨੇ ਸ਼ਮੂਲੀਅਤ ਕਰਦਿਆਂ ਸਮਾਗਮ ਨੂੰ ਸੁਚਾਰੂ, ਸੁਰੱਖਿਅਤ ਅਤੇ ਸ਼ਾਨਦਾਰ ਢੰਗ ਨਾਲ ਨੇਪਰੇ ਚਾੜ੍ਹਨ ਲਈ ਕੀਤੇ ਜਾ ਰਹੇ ਪ੍ਰਬੰਧਾਂ ਦੀ ਸਮੀਖਿਆ ਕੀਤੀ। ਇਸ ਮੌਕੇ ਸਾਰੇ ਵਿਭਾਗਾਂ ਵਿਚਾਲੇ ਆਪਸੀ ਤਾਲਮੇਲ ਨਾਲ ਹਰ ਲੋੜੀਂਦਾ ਪ੍ਰਬੰਧ ਸਮੇਂ ਸਿਰ ਮੁਕੰਮਲ ਕਰਨ ਅਤੇ ਸ਼ਰਧਾਲੂਆਂ ਨੂੰ ਬਿਹਤਰੀਨ ਸਹੂਲਤਾਂ ਮੁਹੱਈਆ ਕਰਵਾਉਣ ਦਾ ਫ਼ੈਸਲਾ ਕੀਤਾ ਗਿਆ।

# ਸੰਪਾਦਕੀ

## ਪੰਜਾਬ ਦਾ ਸਭ ਤੋਂ ਵੱਡਾ ਸੰਕਟ: ਨੌਜਵਾਨਾਂ ਦਾ ਪਰਵਾਸ ਨਹੀਂ, ਉਨ੍ਹਾਂ ਦਾ ਪੰਜਾਬ ਤੋਂ ਟੁੱਟਦਾ ਭਰੋਸਾ

ਕਿਸੇ ਵੀ ਸੂਬੇ ਦੀ ਸਭ ਤੋਂ ਵੱਡੀ ਦੌਲਤ ਉਸ ਦੀ ਧਰਤੀ ਨਹੀਂ, ਉਸ ਦੇ ਨੌਜਵਾਨ ਹੁੰਦੇ ਹਨ। ਜਦੋਂ ਨੌਜਵਾਨ ਆਪਣੇ ਹੀ ਸੂਬੇ ਦੇ ਭਵਿੱਖ 'ਤੇ ਭਰੋਸਾ ਕਰਨਾ ਛੱਡ ਦੇਣ, ਤਾਂ ਇਹ ਸਿਰਫ਼ ਆਰਥਿਕ ਨਹੀਂ, ਸਗੋਂ ਸਮਾਜਿਕ ਅਤੇ ਰਾਸ਼ਟਰੀ ਸੰਕਟ ਬਣ ਜਾਂਦਾ ਹੈ।

ਪੰਜਾਬ ਅੱਜ ਇੱਕ ਅਜਿਹੇ ਮੋੜ 'ਤੇ ਖੜ੍ਹਾ ਹੈ ਜਿੱਥੇ ਹਰ ਘਰ ਦਾ ਇੱਕ ਸੁਪਨਾ ਵਿਦੇਸ਼ ਹੈ। ਕਦੇ ਵਿਦੇਸ਼ ਜਾਣਾ ਇੱਕ ਮੌਕਾ ਹੁੰਦਾ ਸੀ, ਪਰ ਅੱਜ ਇਹ ਬਹੁਤ ਸਾਰੇ ਨੌਜਵਾਨਾਂ ਲਈ ਮਜ਼ਬੂਰੀ ਜਾਪਦਾ ਹੈ। ਇਸ ਰੁਝਾਨ ਦਾ ਸਭ ਤੋਂ ਚਿੰਤਾਜਨਕ ਪੱਖ ਇਹ ਨਹੀਂ ਕਿ ਨੌਜਵਾਨ ਵਿਦੇਸ਼ ਜਾ ਰਹੇ ਹਨ; ਅਸਲ ਚਿੰਤਾ ਇਹ ਹੈ ਕਿ ਉਨ੍ਹਾਂ ਦਾ ਆਪਣੇ ਪੰਜਾਬ ਦੀਆਂ ਸੰਭਾਵਨਾਵਾਂ 'ਤੇ ਭਰੋਸਾ ਘਟ ਰਿਹਾ ਹੈ।

ਇਹ ਸਥਿਤੀ ਇੱਕ ਦਿਨ ਵਿੱਚ ਨਹੀਂ ਬਣੀ। ਸਾਲਾਂ ਤੋਂ ਰੁਜ਼ਗਾਰ ਦੇ ਸੀਮਤ ਮੌਕੇ, ਖੇਤੀ ਦੀਆਂ ਚੁਣੌਤੀਆਂ, ਉਦਯੋਗਿਕ ਵਿਕਾਸ ਦੀ ਮੰਦੀ ਰਫ਼ਤਾਰ, ਹੁਨਰ ਅਤੇ ਰੁਜ਼ਗਾਰ ਵਿਚਲਾ ਫ਼ਰਕ, ਅਤੇ ਭਵਿੱਖ ਨੂੰ ਲੈ ਕੇ ਅਨਿਸ਼ਚਿਤਤਾ ਨੇ ਇਸ ਮਨੋਵਿਰਤੀ ਨੂੰ ਜਨਮ ਦਿੱਤਾ ਹੈ। ਜਦੋਂ ਇੱਕ ਯੋਗ ਨੌਜਵਾਨ ਆਪਣੇ ਹੀ ਸੂਬੇ ਵਿੱਚ ਆਪਣੀ ਪ੍ਰਤਿਭਾ ਲਈ ਥਾਂ ਨਹੀਂ ਦੇਖਦਾ, ਤਾਂ ਉਸ ਦਾ ਵਿਦੇਸ਼ ਵੱਲ ਦੇਖਣਾ ਸੁਭਾਵਿਕ ਹੈ।

ਇਹ ਵੀ ਸੱਚ ਹੈ ਕਿ ਪਰਵਾਸ ਕੋਈ ਗਲਤ ਗੱਲ ਨਹੀਂ। ਪੰਜਾਬੀਆਂ ਨੇ ਦੁਨੀਆ ਭਰ ਵਿੱਚ ਆਪਣੀ ਮਿਹਨਤ ਅਤੇ ਕਾਬਲੀਅਤ ਨਾਲ ਸਨਮਾਨ ਹਾਸਲ ਕੀਤਾ ਹੈ। ਪਰ ਜੇ ਹਰ ਪ੍ਰਤਿਭਾਸ਼ਾਲੀ ਨੌਜਵਾਨ ਪੰਜਾਬ ਛੱਡ ਦੇਵੇ, ਤਾਂ ਸਵਾਲ ਉੱਠਦਾ ਹੈ ਕਿ ਨਵੇਂ ਪੰਜਾਬ ਦਾ ਨਿਰਮਾਣ ਕੌਣ ਕਰੇਗਾ? ਖੇਤੀ ਵਿੱਚ ਨਵੀਨਤਾ ਕੌਣ ਲਿਆਵੇਗਾ? ਉਦਯੋਗ ਕੌਣ ਖੜ੍ਹੇ ਕਰੇਗਾ? ਖੋਜ, ਤਕਨਾਲੋਜੀ ਅਤੇ ਉਦਯਮਤਾ ਨੂੰ ਅੱਗੇ ਕੌਣ ਵਧਾਏਗਾ?

ਪੰਜਾਬ ਨੂੰ ਅੱਜ ਸਿਰਫ਼ ਨਵੀਆਂ ਸਰਕਾਰੀ ਯੋਜਨਾਵਾਂ ਦੀ ਨਹੀਂ, ਸਗੋਂ ਇੱਕ ਨਵੀਂ ਵਿਕਾਸੀ ਸੋਚ ਦੀ ਲੋੜ ਹੈ। ਹਰ ਜ਼ਿਲ੍ਹੇ ਨੂੰ ਉਦਯੋਗ, ਹਰ ਪਿੰਡ ਨੂੰ ਹੁਨਰ, ਹਰ ਕਾਲਜ ਨੂੰ ਉਦਯਮਤਾ ਅਤੇ ਹਰ ਨੌਜਵਾਨ ਨੂੰ ਮੌਕੇ ਨਾਲ ਜੋੜਨਾ ਹੋਵੇਗਾ। ਸਟਾਰਟਅਪ, ਐਗਰੀ-ਟੈਕ, ਫੂਡ ਪ੍ਰੋਸੈਸਿੰਗ, ਆਰਟੀਫ਼ਿਸ਼ਲ ਇੰਟੈਲੀਜੈਂਸ, ਨਵੀਕਰਨਯੋਗ ਊਰਜਾ ਅਤੇ ਪੇਂਡੂ ਸੈਰ-ਸਪਾਟਾ ਵਰਗੇ ਖੇਤਰ ਪੰਜਾਬ ਲਈ ਨਵੀਆਂ ਸੰਭਾਵਨਾਵਾਂ ਬਣ ਸਕਦੇ ਹਨ।

ਇਸ ਬਦਲਾਅ ਵਿੱਚ ਪਰਵਾਸੀ ਪੰਜਾਬੀਆਂ ਦੀ ਭੂਮਿਕਾ ਵੀ ਬਹੁਤ ਮਹੱਤਵਪੂਰਨ ਹੈ। ਉਹ ਸਿਰਫ਼ ਪੂੰਜੀ ਹੀ ਨਹੀਂ, ਸਗੋਂ ਵਿਸ਼ਵ ਪੱਧਰੀ ਤਜਰਬਾ, ਤਕਨਾਲੋਜੀ, ਪ੍ਰਬੰਧਨ ਅਤੇ ਕਾਰਜ-ਸੰਸਕ੍ਰਿਤੀ ਵੀ ਆਪਣੇ ਨਾਲ ਲਿਆ ਸਕਦੇ ਹਨ। ਜੇ ਉਨ੍ਹਾਂ ਦੇ ਤਜਰਬੇ ਨੂੰ ਪੰਜਾਬ ਦੇ ਨੌਜਵਾਨਾਂ ਦੀ ਊਰਜਾ ਨਾਲ ਜੋੜ ਦਿੱਤਾ ਜਾਵੇ, ਤਾਂ ਇੱਕ ਨਵਾਂ ਵਿਕਾਸ ਮਾਡਲ ਤਿਆਰ ਹੋ ਸਕਦਾ ਹੈ।

ਪਰ ਇਸ ਦੇ ਨਾਲ ਸਮਾਜ ਨੂੰ ਵੀ ਆਤਮ-ਚਿੰਤਨ ਕਰਨਾ ਹੋਵੇਗਾ। ਕੀ ਅਸੀਂ ਆਪਣੇ ਬੱਚਿਆਂ ਨੂੰ ਸਿਰਫ਼ ਵਿਦੇਸ਼ ਜਾਣ ਲਈ ਤਿਆਰ ਕਰ ਰਹੇ ਹਾਂ ਜਾਂ ਆਪਣੇ ਸੂਬੇ ਨੂੰ ਬਿਹਤਰ ਬਣਾਉਣ ਲਈ ਵੀ ਪ੍ਰੇਰਿਤ ਕਰ ਰਹੇ ਹਾਂ? ਕੀ ਅਸੀਂ ਸਫ਼ਲਤਾ ਦਾ ਮਾਪਦੰਡ ਸਿਰਫ਼ ਵਿਦੇਸ਼ੀ ਪਾਸਪੋਰਟ ਨੂੰ ਮੰਨ ਬੈਠੇ ਹਾਂ? ਇਹ ਸੋਚ ਬਦਲਣੀ ਪਵੇਗੀ।

2027 ਦੀਆਂ ਵਿਧਾਨ ਸਭਾ ਚੋਣਾਂ ਨੇੜੇ ਹਨ। ਇਸ ਵਾਰ ਚਰਚਾ ਜਾਤ, ਧਰਮ ਜਾਂ ਨਿੱਜੀ ਦੋਸ਼ਾਰੋਪਣ ਦੀ ਨਹੀਂ, ਸਗੋਂ ਰੁਜ਼ਗਾਰ, ਉਦਯੋਗ, ਸਿੱਖਿਆ, ਸਿਹਤ, ਪਾਣੀ, ਖੇਤੀ ਅਤੇ ਨੌਜਵਾਨਾਂ ਦੇ ਭਵਿੱਖ ਦੀ ਹੋਣੀ ਚਾਹੀਦੀ ਹੈ। ਲੋਕਾਂ ਨੂੰ ਹਰ ਰਾਜਨੀਤਿਕ ਦਲ ਤੋਂ ਸਪੱਸ਼ਟ ਰੋਡਮੈਪ ਮੰਗਣਾ ਚਾਹੀਦਾ ਹੈ ਕਿ ਉਹ ਪੰਜਾਬ ਵਿੱਚ ਅਜਿਹਾ ਮਾਹੌਲ ਕਿਵੇਂ ਬਣਾਉਣਗੇ, ਜਿੱਥੇ ਨੌਜਵਾਨ ਮਜ਼ਬੂਰੀ ਵਿੱਚ ਨਹੀਂ, ਆਪਣੀ ਇੱਛਾ ਨਾਲ ਰਹਿਣ ਅਤੇ ਅੱਗੇ ਵਧਣ।

-ਛੱਤਰਪਾਲ ਸਿੰਘ

Shaheedeazamnews.com
ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807

Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਘਰ ਵਾਪਸੀ ਤੋਂ ਨਵੀਂ ਸ਼ੁਰੂਆਤ ਤੱਕ ਐਨ.ਆਰ.ਆਈ. ਪੰਜਾਬ ਦੀਆਂ ਲੋੜਾਂ ਮੁਤਾਬਕ ਆਪਣੇ ਆਪ ਨੂੰ ਮੁੜ ਕਿਵੇਂ ਸਥਾਪਿਤ ਕਰ ਸਕਦੇ ਹਨ?



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ਼

ਜੇਕਰ ਪਰਵਾਸੀ ਪੰਜਾਬੀ ਸਿਰਫ਼ ਆਪਣੇ ਘਰ ਨਹੀਂ, ਸਗੋਂ ਪੰਜਾਬ ਦੇ ਭਵਿੱਖ ਵਿੱਚ ਵੀ ਵਾਪਸ ਆਉਣ, ਤਾਂ ਅਗਲਾ ਦਹਾਕਾ ਪੰਜਾਬ ਦੇ ਪੁਨਰ-ਨਿਰਮਾਣ ਦਾ ਦਹਾਕਾ ਬਣ ਸਕਦਾ ਹੈ।

ਪੰਜਾਬ ਨੂੰ ਅੱਜ ਡਾਲਰਾਂ ਤੋਂ ਵੱਧ ਦਿਮਾਗਾਂ ਦੀ ਲੋੜ ਹੈ; ਵਿਦੇਸ਼ੀ ਕਮਾਈ ਤੋਂ ਵੱਧ ਵਿਸ਼ਵ ਪੱਧਰੀ ਸੋਚ ਦੀ ਲੋੜ ਹੈ।

ਪੰਜਾਬ ਦੀ ਧਰਤੀ ਨੇ ਸਦੀਆਂ ਤੋਂ ਮਿਹਨਤੀ, ਬਹਾਦਰ ਅਤੇ ਉਦਮੀ ਲੋਕ ਪੈਦਾ ਕੀਤੇ ਹਨ। ਰੁਜ਼ਗਾਰ, ਸਿੱਖਿਆ ਅਤੇ ਬਿਹਤਰ ਜੀਵਨ ਦੀ ਖਾਤਰ ਲੱਖਾਂ ਪੰਜਾਬੀ ਦੁਨੀਆ ਦੇ ਵੱਖ-ਵੱਖ ਦੇਸ਼ਾਂ ਵਿੱਚ ਜਾ ਵੱਸੇ। ਉਨ੍ਹਾਂ ਨੇ ਵਿਦੇਸ਼ਾਂ ਵਿੱਚ ਨਾ ਸਿਰਫ਼ ਆਪਣੀ ਪਛਾਣ ਬਣਾਈ, ਸਗੋਂ ਉਦਯੋਗ, ਖੇਤੀਬਾੜੀ, ਸਿਹਤ, ਤਕਨਾਲੋਜੀ, ਸਿੱਖਿਆ ਅਤੇ ਵਪਾਰ ਵਿੱਚ ਵੀ ਮਿਸਾਲਾਂ ਕਾਇਮ ਕੀਤੀਆਂ।

ਪਰ ਸਮਾਂ ਬਦਲ ਰਿਹਾ ਹੈ। ਦੁਨੀਆ ਦੀਆਂ ਆਰਥਿਕ, ਸਮਾਜਿਕ ਅਤੇ ਇਮੀਗ੍ਰੇਸ਼ਨ ਨੀਤੀਆਂ ਵਿੱਚ ਆ ਰਹੇ ਬਦਲਾਅ ਕਾਰਨ ਕਈ ਐਨ.ਆਰ.ਆਈ. ਮੁੜ ਪੰਜਾਬ ਵਿੱਚ ਵਸਣ ਬਾਰੇ ਸੋਚ ਰਹੇ ਹਨ। ਇਹ ਸਿਰਫ਼ ਇੱਕ ਨਿੱਜੀ ਫ਼ੈਸਲਾ ਨਹੀਂ, ਸਗੋਂ ਪੰਜਾਬ ਲਈ ਇੱਕ ਇਤਿਹਾਸਕ ਮੌਕਾ ਹੈ। ਜੇਕਰ ਇਸ ਘਰ ਵਾਪਸੀ ਨੂੰ ਯੋਜਨਾਬੱਧ ਢੰਗ ਨਾਲ ਵਿਕਾਸ ਨਾਲ ਜੋੜਿਆ ਜਾਵੇ, ਤਾਂ ਆਉਣ ਵਾਲੇ ਦਸ ਸਾਲਾਂ ਵਿੱਚ ਪੰਜਾਬ ਮੁੜ ਦੇਸ਼ ਦੇ ਸਭ ਤੋਂ ਖੁਸ਼ਹਾਲ ਅਤੇ ਆਰਥਿਕ ਤੌਰ 'ਤੇ ਮਜ਼ਬੂਤ ਰਾਜਾਂ ਵਿੱਚ ਸ਼ਾਮਲ ਹੋ ਸਕਦਾ ਹੈ।

ਪੰਜਾਬ ਨੂੰ ਅੱਜ ਕੀ ਚਾਹੀਦਾ ਹੈ?

ਪੰਜਾਬ ਦੀਆਂ ਸਭ ਤੋਂ ਵੱਡੀਆਂ ਚੁਣੌਤੀਆਂ ਹਨ—
* ਬੇਰੁਜ਼ਗਾਰੀ
* ਖੇਤੀ ਦੀ ਘਟਦੀ ਆਮਦਨ
* ਉਦਯੋਗਾਂ ਦਾ ਘੱਟ ਨਿਵੇਸ਼
* ਨੌਜਵਾਨਾਂ ਦਾ ਲਗਾਤਾਰ ਪਰਵਾਸ
* ਨਸ਼ਿਆਂ ਦੀ ਸਮੱਸਿਆ
* ਪਾਣੀ ਅਤੇ ਵਾਤਾਵਰਣ ਦਾ ਸੰਕਟ
* ਹੁਨਰਮੰਦ ਮਨੁੱਖੀ ਸਰੋਤ ਦੀ ਘਾਟ

ਇਨ੍ਹਾਂ ਸਮੱਸਿਆਵਾਂ ਦਾ ਹੱਲ ਸਿਰਫ਼ ਸਰਕਾਰੀ ਯੋਜਨਾਵਾਂ ਨਾਲ ਨਹੀਂ ਹੋਵੇਗਾ। ਇਸ ਲਈ ਵਿਦੇਸ਼ਾਂ ਵਿੱਚ ਸਫਲ ਹੋਏ ਪੰਜਾਬੀਆਂ ਦੇ ਗਿਆਨ, ਅਨੁਭਵ ਅਤੇ ਉਦਯੋਗਿਕ ਸੋਚ ਦੀ ਵੀ ਲੋੜ ਹੈ।

ਰੋਜ਼ਗਾਰ ਲੱਭਣ ਵਾਲੇ ਨਹੀਂ, ਰੋਜ਼ਗਾਰ ਪੈਦਾ ਕਰਨ ਵਾਲੇ ਬਣੋ

ਜਦੋਂ ਐਨ.ਆਰ.ਆਈ. ਵਾਪਸ ਆਉਣ, ਤਾਂ ਉਨ੍ਹਾਂ ਦਾ ਪਹਿਲਾ ਟੀਚਾ ਨੌਕਰੀ ਕਰਨਾ ਨਹੀਂ, ਸਗੋਂ ਨੌਕਰੀਆਂ ਪੈਦਾ ਕਰਨਾ ਹੋਣਾ ਚਾਹੀਦਾ ਹੈ। ਵਿਦੇਸ਼ਾਂ ਵਿੱਚ ਸਿੱਖੇ ਕਾਰੋਬਾਰੀ ਮਾਡਲ ਪੰਜਾਬ ਵਿੱਚ ਲਾਗੂ ਕੀਤੇ ਜਾ ਸਕਦੇ ਹਨ।

ਹਰ ਜ਼ਿਲ੍ਹੇ ਵਿੱਚ ਛੋਟੇ ਉਦਯੋਗਿਕ ਕਲੱਸਟਰ, ਫੂਡ ਪ੍ਰੋਸੈਸਿੰਗ ਯੂਨਿਟ, ਕੋਲਡ-ਚੇਨ, ਐਗਰੀ-ਲੌਜਿਸਟਿਕਸ, ਆਈ.ਟੀ. ਦਫ਼ਤਰ, ਨਿਰਯਾਤ ਕੇਂਦਰ ਅਤੇ ਸਰਵਿਸ ਇੰਡਸਟਰੀਆਂ ਹਜ਼ਾਰਾਂ ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਦਰਵਾਜ਼ੇ ਖੋਲ੍ਹ ਸਕਦੀਆਂ ਹਨ।

ਪੰਜਾਬ ਰਿਟਰਨ ਮਿਸ਼ਨ - ਇੱਕ ਨਵੀਂ ਸੋਚ

ਪੰਜਾਬ ਨੂੰ ਇੱਕ ਅਜਿਹਾ ਡਿਜ਼ੀਟਲ ਪੋਰਟਲ ਬਣਾਉਣਾ ਚਾਹੀਦਾ ਹੈ ਜਿੱਥੇ ਹਰ ਐਨ.ਆਰ.ਆਈ. ਆਪਣਾ ਪੇਸ਼ਾ, ਤਜਰਬਾ, ਨਿਵੇਸ਼ ਸਮਰੱਥਾ ਅਤੇ ਰੁਚੀ ਦਰਜ ਕਰ ਸਕੇ।

ਇਸ ਤੋਂ ਬਾਅਦ ਉਸ ਨੂੰ ਸਿੱਧਾ ਉਸ ਖੇਤਰ ਨਾਲ ਜੋੜਿਆ ਜਾਵੇ ਜਿੱਥੇ ਉਸ ਦੀ ਸਭ ਤੋਂ ਵੱਧ ਲੋੜ ਹੈ—ਚਾਹੇ ਉਹ ਖੇਤੀ ਹੋਵੇ, ਸਿੱਖਿਆ, ਸਿਹਤ, ਉਦਯੋਗ, ਸੈਰ-ਸਪਾਟਾ ਜਾਂ ਡਿਜ਼ੀਟਲ ਅਰਥਵਿਵਸਥਾ।

ਖੇਤੀ ਨੂੰ ਵਿਸ਼ਵ ਮੰਡੀ ਨਾਲ ਜੋੜੋ

ਅੱਜ ਪੰਜਾਬ ਦੇ ਕਿਸਾਨ ਨੂੰ ਸਿਰਫ਼ ਉਤਪਾਦਨ ਨਹੀਂ, ਸਗੋਂ ਮਾਰਕੀਟ ਦੀ ਵੀ ਲੋੜ ਹੈ।

ਐਨ.ਆਰ.ਆਈ. ਆਪਣੀ ਅੰਤਰਰਾਸ਼ਟਰੀ ਪਹੁੰਚ ਰਾਹੀਂ—
* ਜੈਵਿਕ ਉਤਪਾਦਾਂ ਦੀ ਬ੍ਰਾਂਡਿੰਗ,
* ਫਲਾਂ ਅਤੇ ਸਬਜ਼ੀਆਂ ਦੀ ਨਿਰਯਾਤ,
* ਖੇਤੀ ਉਤਪਾਦਾਂ ਦੀ ਪ੍ਰੋਸੈਸਿੰਗ,
* ਅੰਤਰਰਾਸ਼ਟਰੀ ਗੁਣਵੱਤਾ ਪ੍ਰਮਾਣਨ,
* ਈ-ਕਾਮਰਸ ਰਾਹੀਂ ਸਿੱਧੀ ਵਿਕਰੀ

ਵਿੱਚ ਪੰਜਾਬ ਦੀ ਮਦਦ ਕਰ ਸਕਦੇ ਹਨ।

ਹਰ ਪਿੰਡ ਵਿੱਚ ਇੱਕ ਹੁਨਰ ਕੇਂਦਰ

ਵਿਦੇਸ਼ਾਂ ਵਿੱਚ ਕੰਮ ਕਰ ਚੁੱਕੇ ਇਲੈਕਟ੍ਰੀਸ਼ੀਅਨ, ਵੈਲਡਰ, ਮਸ਼ੀਨ ਆਪਰੇਟਰ, ਨਰਸ, ਸ਼ੈੱਫ, ਡਰਾਈਵਰ, ਪਲੰਬਰ ਅਤੇ ਇੰਜੀਨੀਅਰ ਆਪਣੇ ਪਿੰਡਾਂ ਵਿੱਚ ਸਕਿੱਲ ਸੈਂਟਰ ਖੋਲ੍ਹ ਸਕਦੇ ਹਨ।

ਇਹ ਕੇਂਦਰ ਨੌਜਵਾਨਾਂ ਨੂੰ ਸਿਰਫ਼ ਸਿਖਲਾਈ ਹੀ ਨਹੀਂ, ਸਗੋਂ ਰੁਜ਼ਗਾਰ ਨਾਲ ਵੀ ਜੋੜਨ।

ਪੰਜਾਬ ਨੂੰ 19 ਅਤੇ Agri-Tech ਦਾ ਕੇਂਦਰ ਬਣਾਇਆ ਜਾਵੇ

ਭਵਿੱਖ ਦੀ ਖੇਤੀ Artificial Intelligence, ਡਰੋਨ, ਸੈਂਸਰ ਅਤੇ ਡਾਟਾ 'ਤੇ ਆਧਾਰਿਤ ਹੋਵੇਗੀ।

ਐਨ.ਆਰ.ਆਈ. ਮਿਲ ਕੇ—
* ਸਮਾਰਟ ਫਾਰਮ,
* ਡਰੋਨ ਸਰਵਿਸ ਕੰਪਨੀਆਂ,
* ਮਿੱਟੀ ਜਾਂਚ ਲੈਬ,
* ਮੌਸਮ-ਅਧਾਰਿਤ ਸਲਾਹ ਕੇਂਦਰ,
* ਡਿਜ਼ੀਟਲ ਫਾਰਮ ਮੈਨੇਜਮੈਂਟ

ਸ਼ੁਰੂ ਕਰ ਸਕਦੇ ਹਨ।

ਇੱਕ ਪਿੰਡ - ਇੱਕ ਉਦਯੋਗ

ਹਰ ਪਿੰਡ ਆਪਣੀ ਵਿਸ਼ੇਸ਼ਤਾ ਦੇ ਆਧਾਰ 'ਤੇ ਇੱਕ ਉਦਯੋਗ ਵਿਕਸਤ ਕਰੇ—
* ਕਿਸੇ ਪਿੰਡ ਵਿੱਚ ਸ਼ਹਿਦ,
* ਕਿਸੇ ਵਿੱਚ ਮਸ਼ਰੂਮ,
* ਕਿਸੇ ਵਿੱਚ ਦੁੱਧ,
* ਕਿਸੇ ਵਿੱਚ ਹੱਥ-ਕਲਾ,
* ਕਿਸੇ ਵਿੱਚ ਫਲ ਪ੍ਰੋਸੈਸਿੰਗ,
* ਕਿਸੇ ਵਿੱਚ ਬੀਜ ਉਤਪਾਦਨ।

ਐਨ.ਆਰ.ਆਈ. ਇਸ ਲਈ ਮਾਰਕੀਟ, ਮਸ਼ੀਨਰੀ ਅਤੇ ਪ੍ਰਬੰਧਨ ਮੁਹੱਈਆ ਕਰਵਾ ਸਕਦੇ ਹਨ।

ਸਿਹਤ ਅਤੇ ਸਿੱਖਿਆ—ਸਭ ਤੋਂ ਵੱਡਾ ਸਮਾਜਿਕ ਨਿਵੇਸ਼

ਵਿਦੇਸ਼ਾਂ ਵਿੱਚ ਕੰਮ ਕਰ ਰਹੇ ਡਾਕਟਰ, ਪ੍ਰੋਫੈਸਰ ਅਤੇ ਖੋਜਕਰਤਾ ਪੰਜਾਬ ਵਿੱਚ—
* ਟੈਲੀਮੈਡੀਸਨ,
* ਪੇਂਡੂ ਕਲੀਨਿਕ,
* ਰਿਸਰਚ ਲੈਬ,
* ਡਿਜ਼ੀਟਲ ਕਲਾਸਰੂਮ,
* ਕਰੀਅਰ ਗਾਈਡੈਂਸ ਸੈਂਟਰ

ਸ਼ੁਰੂ ਕਰਕੇ ਮਨੁੱਖੀ ਪੂੰਜੀ ਨੂੰ ਮਜ਼ਬੂਤ ਬਣਾ ਸਕਦੇ ਹਨ।

ਗਲੋਬਲ ਪੰਜਾਬ ਇਨੋਵੇਸ਼ਨ ਬੈਂਕ

ਇਹ ਇੱਕ ਅਜਿਹਾ ਨਿਵੇਸ਼ ਮੰਚ ਹੋਵੇ ਜਿੱਥੇ ਦੁਨੀਆ ਭਰ ਦੇ ਪੰਜਾਬੀ ਛੋਟੀਆਂ-ਛੋਟੀਆਂ ਰਕਮਾਂ ਨਾਲ ਵੀ ਪੰਜਾਬ ਦੇ ਸਟਾਰਟਅਪ, ਸਮਾਜਿਕ ਉਦਯਮ ਅਤੇ ਪੇਂਡੂ ਪ੍ਰੋਜੈਕਟਾਂ ਵਿੱਚ ਨਿਵੇਸ਼ ਕਰ ਸਕਣ।

ਇਸ ਨਾਲ ਨੌਜਵਾਨਾਂ ਨੂੰ ਬੈਂਕਾਂ ਦੇ ਲੰਬੇ ਕਰਜ਼ਿਆਂ 'ਤੇ ਨਿਰਭਰ ਨਹੀਂ ਰਹਿਣਾ ਪਵੇਗਾ।

ਨਸ਼ਾ-ਮੁਕਤ ਅਤੇ ਹੁਨਰਮੰਦ ਪੰਜਾਬ

ਹਰ ਐਨ.ਆਰ.ਆਈ. ਜੇਕਰ ਸਿਰਫ਼ ਇੱਕ ਪਿੰਡ ਨੂੰ ਗੋਦ ਲੈ ਕੇ—
* ਖੇਡ ਮੈਦਾਨ,
* ਲਾਇਬ੍ਰੇਰੀ,
* ਕੰਪਿਊਟਰ ਲੈਬ,
* ਕਰੀਅਰ ਕੌਂਸਲਿੰਗ,
* ਨਸ਼ਾ-ਮੁਕਤੀ ਜਾਗਰੂਕਤਾ

ਵਿੱਚ ਯੋਗਦਾਨ ਪਾਵੇ, ਤਾਂ ਇਹ ਸਮਾਜਿਕ ਕ੍ਰਾਂਤੀ ਸਾਬਤ ਹੋ ਸਕਦੀ ਹੈ।

ਸਰਕਾਰ ਦੀ ਭੂਮਿਕਾ

ਜੇ ਪੰਜਾਬ ਸਰਕਾਰ ਐਨ.ਆਰ.ਆਈ. ਦੀ ਘਰ ਵਾਪਸੀ ਨੂੰ ਇੱਕ ਮਿਸ਼ਨ ਬਣਾਉਣਾ ਚਾਹੁੰਦੀ ਹੈ, ਤਾਂ ਉਸ ਨੂੰ—
* ਇੱਕ ਸਿੰਗਲ-ਵਿੰਡੋ ਨਿਵੇਸ਼ ਪ੍ਰਣਾਲੀ,
* ਜ਼ਮੀਨੀ ਵਿਵਾਦਾਂ ਦਾ ਤੇਜ਼ ਨਿਪਟਾਰਾ,
* ਉਦਯੋਗਾਂ ਲਈ ਸਮੇਂ-ਬੱਧ ਮਨਜ਼ੂਰੀ,
* ਸਕਿੱਲ ਮੈਪਿੰਗ,
* ਪਾਰਦਰਸ਼ੀ ਨੀਤੀਆਂ,
* ਭ੍ਰਿਸ਼ਟਾਚਾਰ-ਰਹਿਤ ਪ੍ਰਸ਼ਾਸਨ

ਵਰਗੇ ਸੁਧਾਰ ਲਾਗੂ ਕਰਨੇ ਹੋਣਗੇ।

ਸਮਾਜ ਦੀ ਭੂਮਿਕਾ

ਸਮਾਜ ਨੂੰ ਵੀ ਆਪਣੀ ਸੋਚ ਬਦਲਣੀ ਪਵੇਗੀ। ਵਾਪਸ ਆਉਣ ਵਾਲੇ ਐਨ.ਆਰ.ਆਈ. ਨੂੰ ਸਿਰਫ਼ ਪੈਸੇ ਵਾਲਾ ਨਹੀਂ, ਸਗੋਂ ਗਿਆਨ ਅਤੇ ਅਨੁਭਵ ਦਾ ਸਰੋਤ ਮੰਨਣਾ ਹੋਵੇਗਾ। ਉਨ੍ਹਾਂ ਦੇ ਤਜਰਬੇ ਨੂੰ ਸਥਾਨਕ ਲੋੜਾਂ ਨਾਲ ਜੋੜਨਾ ਹੀ ਸਫ਼ਲਤਾ ਦੀ ਕੁੰਜੀ ਹੈ।

ਅੰਤਿਮ ਵਿਚਾਰ

ਪੰਜਾਬ ਦੇ ਇਤਿਹਾਸ ਵਿੱਚ ਕਈ ਅਜੇਹੇ ਦੌਰ ਆਏ ਹਨ ਜਦੋਂ ਇਸ ਧਰਤੀ ਨੇ ਆਪਣੇ ਬਲਬੂਤੇ ਮੁਸ਼ਕਲਾਂ ਨੂੰ ਮੌਕਿਆਂ ਵਿੱਚ ਬਦਲਿਆ ਹੈ। ਅੱਜ ਫਿਰ ਇੱਕ ਅਜਿਹਾ ਹੀ ਸਮਾਂ ਹੈ।

ਜੇਕਰ ਐਨ.ਆਰ.ਆਈ. ਆਪਣੇ ਨਾਲ ਸਿਰਫ਼ ਪੂੰਜੀ ਨਹੀਂ, ਸਗੋਂ ਵਿਸ਼ਵ ਪੱਧਰੀ ਸੋਚ, ਤਕਨਾਲੋਜੀ, ਅਨੁਸ਼ਾਸਨ, ਉਦਯੋਗਿਕ ਸੰਸਕ੍ਰਿਤੀ ਅਤੇ ਸਮਾਜਿਕ ਜ਼ਿੰਮੇਵਾਰੀ ਵੀ ਲੈ ਕੇ ਆਉਣ, ਤਾਂ ਪੰਜਾਬ ਇੱਕ ਵਾਰ ਫਿਰ ਦੇਸ਼ ਦੀ ਆਰਥਿਕ ਤਾਕਤ ਬਣ ਸਕਦਾ ਹੈ।

ਪੰਜਾਬ ਨੂੰ ਅੱਜ ਘਰ ਵਾਪਸੀ ਦੀ ਨਹੀਂ, ਵਿਚਾਰ ਵਾਪਸੀ ਦੀ ਲੋੜ ਹੈ। ਜਦੋਂ ਪਰਵਾਸੀ ਪੰਜਾਬੀ ਆਪਣੀ ਕਾਮਯਾਬੀ ਨੂੰ ਆਪਣੀ ਮਿੱਟੀ ਨਾਲ ਜੋੜ ਦੇਣਗੇ, ਉਸ ਦਿਨ ਇੱਕ ਨਵੇਂ, ਖੁਸ਼ਹਾਲ, ਆਤਮ-ਨਿਰਭਰ ਅਤੇ ਵਿਸ਼ਵ ਪੱਧਰੀ ਪੰਜਾਬ ਦਾ ਸੂਰਜ ਜ਼ਰੂਰ ਚੜ੍ਹੇਗਾ।

ਪਰਵਾਸੀ ਪੰਜਾਬੀ ਸਾਡੇ ਭੂਤਕਾਲ ਦੀ ਕਹਾਣੀ ਨਹੀਂ, ਸਗੋਂ ਭਵਿੱਖ ਦੀ ਸੰਭਾਵਨਾ ਹਨ। ਜੇ ਸਰਕਾਰ, ਸਮਾਜ ਅਤੇ ਐਨ.ਆਰ.ਆਈ. ਮਿਲ ਕੇ ਇੱਕ ਸਾਂਝਾ ਵਿਕਾਸ ਮਾਡਲ ਤਿਆਰ ਕਰਨ, ਤਾਂ 2035 ਤੱਕ ਪੰਜਾਬ ਨੂੰ ਮੁੜ ਨਿਵੇਸ਼, ਨਵੀਨਤਾ, ਖੇਤੀ, ਸਿੱਖਿਆ ਅਤੇ ਉਦਯੋਗ ਦਾ ਅਗੂਆ ਸੂਬਾ ਬਣਾਇਆ ਜਾ ਸਕਦਾ ਹੈ।

ਇਹ ਸੁਪਨਾ ਨਹੀਂ—ਸਹੀ ਨੀਤੀ, ਸਹੀ ਨੀਅਤ ਅਤੇ ਸਾਂਝੇ ਯਤਨਾਂ ਨਾਲ ਪੂਰਾ ਹੋ ਸਕਣ ਵਾਲਾ ਟੀਚਾ ਹੈ।

## ਮਹਾਨ ਧਾਰਮਿਕ ਸਮਾਗਮ, 'ਏਕ ਸ਼ਾਮ ਭਗਵਾਨ ਸ਼ਿਵ ਕੇ ਨਾਮ' ਆਤਮਾ ਰਾਮ ਕੁਮਾਰ ਸਭਾ ਗਰਾਊਂਡ ਵਿਖੇ ਅੱਜ : ਦੀਪਕ ਬਾਲੀ

### ਪਟਿਆਲਾ ਵਾਸੀਆਂ ਨੂੰ ਭਜਨ ਸੰਧਿਆ 'ਚ ਸ਼ਾਮਿਲ ਹੋਣ ਦਾ ਸੱਦਾ: ਬਲਤੇਜ ਸਿੰਘ ਪੰਨੂ

**ਪਟਿਆਲਾ, 27 ਜੁਲਾਈ**
**-ਛਤਰਪਾਲ ਸਿੰਘ-**

ਪੰਜਾਬ ਦੇ ਸੈਰ ਸਪਾਟਾ ਅਤੇ ਸਭਿਆਚਾਰਕ ਮਾਮਲਿਆਂ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨੇ ਦੱਸਿਆ ਹੈ ਕਿ ਪੰਜਾਬ ਸਰਕਾਰ ਵੱਲੋਂ ਪਟਿਆਲਾ ਦੇ ਆਤਮਾ ਰਾਮ ਕੁਮਾਰ ਸਭਾ ਗਰਾਊਂਡ ਵਿਖੇ 28 ਜੁਲਾਈ (ਬੁੱਧਵਾਰ) ਦੀ ਸ਼ਾਮ 6.30 ਵਜੇ ਭਗਵਾਨ ਸ਼ਿਵ ਜੀ ਨੂੰ ਸਮਰਪਿਤ ਮਹਾਨ ਧਾਰਮਿਕ ਸਮਾਗਮ, 'ਏਕ ਸ਼ਾਮ ਭਗਵਾਨ ਸ਼ਿਵ ਕੇ ਨਾਮ' ਕਰਵਾਇਆ ਜਾਵੇਗਾ। ਉਹ ਆਮ ਆਦਮੀ ਪਾਰਟੀ ਦੇ ਜਨਰਲ ਸਕੱਤਰ ਅਤੇ ਮੁੱਖ ਬੁਲਾਰੇ ਸ. ਬਲਤੇਜ ਸਿੰਘ ਪੰਨੂ, ਆਪ ਦੇ ਸ਼ਹਿਰੀ ਜ਼ਿਲ੍ਹਾ ਪ੍ਰਧਾਨ ਤੇ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਤੇਜਿੰਦਰ ਮਹਿਤਾ, ਸਨਾਤਨ ਸੇਵਾ ਸਮਿਤੀ ਦੇ ਪ੍ਰਧਾਨ ਵਿਜੈ ਸ਼ਰਮਾ, ਮੇਅਰ ਕੁੰਦਨ ਗੋਗੀਆ ਅਤੇ ਪੀ.ਆਰ.ਟੀ.ਸੀ. ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਨਾਲ ਸਮਾਗਮ ਵਾਲੀ ਜਗ੍ਹਾ ਪ੍ਰਬੰਧਾਂ ਦਾ ਜਾਇਜ਼ਾ ਲੈ ਰਹੇ ਸਨ।


ਇਸ ਮੌਕੇ ਸ. ਬਲਤੇਜ ਸਿੰਘ ਪੰਨੂ ਨੇ ਦੱਸਿਆ ਕਿ ਇਸ ਮਹਾਨ ਧਾਰਮਿਕ ਸਮਾਗਮ 'ਏਕ ਸ਼ਾਮ ਭਗਵਾਨ ਸ਼ਿਵ ਕੇ ਨਾਮ' ਦੌਰਾਨ ਸੰਗਤੀ ਰੂਪ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਆਪ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ, ਆਪ ਪੰਜਾਬ ਪ੍ਰਧਾਨ ਅਮਨ ਅਰੋੜਾ, ਪੰਜਾਬ ਦੇ ਕੈਬਨਿਟ ਮੰਤਰੀ ਤੇ ਵਿਧਾਇਕਾਂ ਸਮੇਤ ਹੋਰ ਅਹਿਮ ਸ਼ਖ਼ਸੀਅਤਾਂ ਵੀ ਸ਼ਾਮਲ ਹੋਣਗੀਆਂ। ਸ. ਪੰਨੂ ਨੇ ਪਟਿਆਲਾ ਵਾਸੀਆਂ ਨੂੰ ਇਸ ਭਜਨ ਸੰਧਿਆ 'ਚ ਸ਼ਾਮਿਲ ਹੋਣ ਸੱਦਾ ਦਿੱਤਾ।

ਇਸ ਮੌਕੇ ਤੇਜਿੰਦਰ ਮਹਿਤਾ ਨੇ ਦੱਸਿਆ ਕਿ ਇਸ ਵੱਡੇ ਧਾਰਮਿਕ ਸਮਾਗਮ ਮੌਕੇ ਪ੍ਰਸਿੱਧ ਧਾਰਮਿਕ ਗੁਣਗਾਨ ਕਰਤਾ ਸ੍ਰੀ ਹੰਸ ਰਾਜ ਰਘੂਵੰਸ਼ੀ ਭਗਵਾਨ ਸ਼ਿਵ ਦਾ ਗੁਣ ਗਾਇਨ ਕਰਨਗੇ ਅਤੇ ਭਜਨਾਂ ਰਾਹੀਂ ਹਜ਼ਾਰਾਂ ਸ਼ਰਧਾਲੂਆਂ ਨੂੰ ਅਧਿਆਤਮਿਕਤਾ ਨਾਲ ਜੋੜਨਗੇ।

ਚੇਅਰਮੈਨ ਹਰਪਾਲ ਜੁਨੇਜਾ ਨੇ ਦੱਸਿਆ ਕਿ ਇਹ ਸਮਾਗਮ, ਸ਼ਰਧਾ, ਆਸਥਾ, ਵਿਸ਼ਵਾਸ ਅਤੇ ਸਭਿਆਚਾਰ ਦਾ ਇਕ ਵਿਲੱਖਣ ਸੁਮੇਲ ਕਰਾਰ ਸਾਬਿਤ ਹੋਵੇਗਾ। ਉਨ੍ਹਾਂ ਆਸ ਪ੍ਰਗਟਾਈ ਕਿ ਇਸ ਵਿੱਚ ਪਟਿਆਲਾ ਅਤੇ ਨੇੜਲੇ ਜ਼ਿਲ੍ਹਿਆਂ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਸ਼ਰਧਾਲੂਆਂ ਵਲੋਂ ਸ਼ਿਰਕਤ ਕੀਤੀ ਜਾਵੇਗੀ।

ਪ੍ਰਧਾਨ ਸਨਾਤਨ ਸੇਵਾ ਸਮਿਤੀ ਵਿਜੇ ਸ਼ਰਮਾ ਨੇ ਕਿਹਾ ਕਿ ਸਮਾਗਮ ਪੰਜਾਬ ਦੀ ਅਮੀਰ ਧਾਰਮਿਕ ਤੇ ਸਭਿਆਚਾਰਕ ਰਵਾਇਤਾਂ ਅਤੇ ਭਾਈਚਾਰਕ ਸਾਂਝ ਤੇ ਏਕਤਾ ਨੂੰ ਹੋਰ ਮਜ਼ਬੂਤ ਕਰੇਗਾ ਅਤੇ ਇਸ ਵਿਸ਼ੇਸ਼ ਪਹਿਲਕਦਮੀ ਦਾ ਮੁੱਖ ਉਦੇਸ਼ ਇਸ ਖੇਤਰ ਵਿੱਚ ਭਾਈਚਾਰਕ ਸਾਂਝ, ਸ਼ਾਂਤੀ ਅਤੇ ਧਾਰਮਿਕ ਇਕਜੁੱਟਤਾ ਨੂੰ ਹੋਰ ਮਜ਼ਬੂਤ ਕਰਨਾ ਹੈ।

## ਪੇਸਕੋ ਨੇ ਸਾਫ਼-ਸੁਥਰਾ ਪੰਜਾਬ ਰੱਖਣ ਦੀ ਜ਼ਿੰਮੇਵਾਰੀ ਲਈ



**ਪਟਿਆਲਾ, 27 ਜੁਲਾਈ**
**-ਬਲਜੀਤ ਸਰਨਾ-**


ਪੰਜਾਬ ਮਿਊਂਸੀਪਲ ਇਨਫਰਾਸਟ੍ਰਕਚਰ ਡਿਵੈਲਪਮੈਂਟ ਕੰਪਨੀ (ਪੀ.ਐਮ. ਆਈ.ਡੀ.ਸੀ.) ਨੇ ਸ਼ਹਿਰੀ ਖੇਤਰਾਂ ਵਿੱਚ ਠੋਸ ਰਹਿੰਦ-ਖੂੰਹਦ ਪ੍ਰਬੰਧਨ ਦੀ ਨਿਗਰਾਨੀ ਲਈ ਪੇਸਕੋ ਤੋਂ ਸਾਬਕਾ ਸੈਨਿਕਾਂ ਦੀ ਇੱਕ ਟੀਮ ਨੂੰ ਨਿਯੁਕਤ ਕੀਤਾ। ਪਟਿਆਲਾ ਜ਼ੋਨ ਵਿੱਚ ਪੰਜ ਜ਼ਿਲ੍ਹੇ (ਪਟਿਆਲਾ, ਬਰਨਾਲਾ, ਸੰਗਰੂਰ, ਮਲੇਰਕੋਟਲਾ ਅਤੇ ਐਸ.ਏ.ਐਸ. ਨਗਰ) ਸ਼ਾਮਲ ਹਨ, ਕਰਨਲ ਹਰਜੀਤ ਸਿੰਘ ਨੂੰ 31 ਸੁਪਰਵਾਈਜ਼ਰਾਂ (ਸਾਬਕਾ ਸੈਨਿਕਾਂ) ਦੇ ਨਾਲ ਪਟਿਆਲਾ ਜ਼ੋਨ ਦਾ ਡੀ.ਜੀ.ਐਮ. ਨਿਯੁਕਤ ਕੀਤਾ ਗਿਆ ਹੈ। ਸੁਪਰਵਾਈਜ਼ਰਾਂ ਦੇ ਠੋਸ ਯਤਨਾਂ ਅਤੇ ਸਮਰਪਣ ਨਾਲ, ਪਿਛਲੇ ਸਾਲ 1 ਮਈ 2025 ਤੋਂ ਅੱਜ ਤੱਕ 93868 ਜਨਤਕ ਸ਼ਿਕਾਇਤਾਂ, ਪੰਜਾਬ ਸਰਕਾਰ ਦੁਆਰਾ ਸ਼ੁਰੂ ਕੀਤੀ ਗਈ ਐਮ ਸੇਵਾ ਐਪ ਵਿੱਚ ਅਪਲੋਡ ਕੀਤੀਆਂ ਗਈਆਂ ਸਨ। ਐਮ ਸੇਵਾ ਐਪ ਰਾਹੀਂ ਦਰਜ ਕੀਤੀਆਂ ਗਈਆਂ 93868 ਸ਼ਿਕਾਇਤਾਂ ਵਿੱਚੋਂ, 83732 ਤੋਂ ਵੱਧ ਸ਼ਿਕਾਇਤਾਂ ਦਾ ਹੱਲ ਕੀਤਾ ਗਿਆ ਹੈ।

ਸਰਕਾਰੀ ਅੰਕੜਿਆਂ ਅਨੁਸਾਰ, ਪਿਛਲੇ ਸਾਲ ਦੌਰਾਨ ਐਮ-ਸੇਵਾ ਮੋਬਾਈਲ ਐਪਲੀਕੇਸ਼ਨ ਰਾਹੀਂ 93868 ਸ਼ਿਕਾਇਤਾਂ ਪ੍ਰਾਪਤ ਹੋਈਆਂ ਸਨ। ਸਭ ਤੋਂ ਵੱਧ ਸ਼ਿਕਾਇਤਾਂ ਕੂੜੇ ਦੇ ਖ਼ਤਰੇ ਵਾਲੀਆਂ ਥਾਵਾਂ, ਗੰਦੀਆਂ ਸੜਕਾਂ, ਨਾਲੀਆਂ ਅਤੇ ਹੋਰ ਸੈਨੀਟੇਸ਼ਨ ਨਾਲ ਸਬੰਧਤ ਮੁੱਦਿਆਂ ਨਾਲ ਸਬੰਧਤ ਸਨ।

ਸਥਾਨਕ ਸਰਕਾਰ ਪੰਜਾਬ ਅਤੇ ਪੀ.ਐਮ.ਆਈ.ਡੀ.ਸੀ. ਦੀਆਂ ਉਮੀਦਾਂ ਨੂੰ ਪੂਰਾ ਕਰਨ ਲਈ, ਕਰਨਲ ਹਰਜੀਤ ਸਿੰਘ ਡਿਪਟੀ ਜਨਰਲ ਮੈਨੇਜਰ (ਡੀ.ਜੀ.ਐਮ.) ਪਟਿਆਲਾ ਜ਼ੋਨ ਨੇ ਦੱਸਿਆ ਕਿ 31 ਸੇਵਾਮੁਕਤ ਜੂਨੀਅਰ ਕਮਿਸ਼ਨਡ ਅਫਸਰਾਂ (ਜੇ.ਸੀ.ਓ.) ਦੀ ਟੀਮ ਨੇ ਪਟਿਆਲਾ ਜ਼ੋਨ ਦੇ ਸਾਰੇ 37 ਸ਼ਹਿਰੀ ਖੇਤਰਾਂ ਦੀ ਜਾਂਚ ਕਰਨ ਲਈ ਆਪਣੀ ਪੂਰੀ ਕੋਸ਼ਿਸ਼ ਕੀਤੀ ਹੈ ਅਤੇ ਉਪਰੋਕਤ ਟੀਚਾ ਪ੍ਰਾਪਤ ਕੀਤਾ ਹੈ।

ਡੀ.ਜੀ.ਐਮ. ਨੇ ਦੱਸਿਆ ਕਿ ਫੀਲਡ ਸੁਪਰਵਾਈਜ਼ਰ ਸੈਨੀਟੇਸ਼ਨ ਦੀਆਂ ਕਮੀਆਂ, ਸੀਵਰੇਜ ਸਮੱਸਿਆਵਾਂ, ਕੂੜਾ ਇਕੱਠਾ ਹੋਣਾ, ਜਨਤਕ ਪਖਾਨਿਆਂ ਦੀ ਸਥਿਤੀ ਅਤੇ ਆਮ ਸਫਾਈ ਸਮੇਤ ਨਾਗਰਿਕ ਮੁੱਦਿਆਂ ਦੀ ਪਛਾਣ ਕਰਦੇ ਹਨ ਅਤੇ ਰਿਪੋਰਟ ਕਰਦੇ ਹਨ।

## ਸਿੱਖਿਆ ਕ੍ਰਾਂਤੀ ਦੇ ਤਹਿਤ ਸੁਰਜੀਤ ਸਿੰਘ ਰੱਖੜਾ ਨੇ ਸਸਸਸ ਗੱਜੂਮਾਜਰਾ ਦੇ ਵਿਦਿਆਰਥੀਆਂ ਨੂੰ ਸਕੂਲ ਬੈਗ ਵੰਡੇ



**ਪਟਿਆਲਾ, 27 ਜੁਲਾਈ**
**-ਬਲਜੀਤ ਸਰਨਾ-**

ਮਾਨਯੋਗ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਯੋਗ ਅਗਵਾਈ ਹੇਠ, ਸੁਰਜੀਤ ਸਿੰਘ ਰੱਖੜਾ ਸਾਬਕਾ ਕੈਬਨਿਟ ਮੰਤਰੀ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੱਜੂਮਾਜਰਾ ਵਿਖੇ ਗਿਆਰਵੀਂ ਤੇ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਪੰਜਾਬ ਸਰਕਾਰ ਵੱਲੋਂ ਭੇਜੇ ਗਏ ਸਕੂਲ ਬੈਗ ਵੰਡੇ। ਉਨ੍ਹਾਂ ਨੇ ਦੱਸਿਆ ਕਿ ਇਹ ਸਿੱਖਿਆ ਕ੍ਰਾਂਤੀ ਦੇ ਤਹਿਤ ਪੰਜਾਬ ਸਰਕਾਰ ਦਾ ਬਹੁਤ ਹੀ ਸਲਾਂਘਾਯੋਗ ਕਦਮ ਹੈ। ਸੁਰਜੀਤ ਸਿੰਘ ਰੱਖੜਾ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਕਾਮਯਾਬ ਹੋਣ ਲਈ ਬਹੁਤ ਚੰਗੀਆਂ ਉਦਾਹਰਣਾਂ ਨਾਲ ਸਮਝਾਇਆ।ਸਟੇਜ ਦਾ ਸੰਚਾਲਨ ਹਰਵਿੰਦਰ ਸਿੰਘ ਨੇ ਕੀਤਾ। ਪ੍ਰਿੰਸੀਪਲ ਦਿਆਲ ਸਿੰਘ ਨੇ ਸਾਰੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ।ਇਸ ਮੌਕੇ ਤੇ ਗੁਰਜਿੰਦਰ ਸਿੰਘ ਕਾਲਾ (ਸਾਬਕਾ ਬਲਾਕ ਸੰਮਤੀ ਮੈਂਬਰ), ਕੁਲਵੀਰ ਪਾਠਕ ਬੰਟੀ (ਪ੍ਰਧਾਨ ਯੁਵਕ ਸੇਵਾਵਾਂ ਕਲੱਬ ਗੱਜੂਮਾਜਰਾ),ਕੈਪਟਨ ਗੁਰਚਰਨ ਸਿੰਘ ਨਿਰਮਾਣ, ਹਰਦੀਪ ਸਿੰਘ ਕਾਲਾ,ਸੰਦੀਪ ਸਿੰਘ (ਚੇਅਰਮੈਨ ਸਪੋਰਟਸ ਵੈਲਫੇਅਰ),ਸੁਖਵਿੰਦਰ ਸਿੰਘ ਸੁੱਖੀ ਪੀ.ਏ. ,ਜਗਜੀਤ ਸਿੰਘ ਸੋਨੀ ਪੀ.ਏ.,ਐਸਐਮਸੀ ਦੇ ਚੇਅਰਮੈਨ ਗੁਰਮੀਤ ਰਾਮ, ਐਸਐਮਸੀ ਦੇ ਵਾਈਸ ਚੇਅਰਮੈਨ ਕੁਲਦੀਪ ਸਿੰਘ, ਲੈਕ. ਸੁਖਰਾਜ ਕੁਮਾਰ,ਲੈਕ. ਗੁਰਪਿੰਦਰ ਕੌਰ, ਲੈਕ.ਕਮਲਪ੍ਰੀਤ ਅਤੇ ਸਮੂਹ ਸਟਾਫ ਹਾਜ਼ਰ ਸੀ।

## ਬਾਬੂ ਰਾਮ ਦੀ ਅਗਵਾਈ ਵਿੱਚ ਨਗਰ ਨਿਗਮ ਪਟਿਆਲਾ ਦੇ ਦਫਤਰ ਕਰਮਚਾਰੀਆਂ ਦੇ ਹਿੱਤ ਲਈ ਧਰਨਾ ਲਾਇਆ



**ਪਟਿਆਲਾ, 27 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਵਿਪਰ ਯੂਨੀਅਨ ਨਗਰ ਨਿਗਮ ਰਜਿ: ਪਟਿਆਲਾ ਦੇ ਪ੍ਰਧਾਨ ਬਾਬੂ ਰਾਮ ਦੀ ਅਗਵਾਈ ਵਿੱਚ ਨਗਰ ਨਿਗਮ ਪਟਿਆਲਾ ਦੇ ਦਫਤਰ ਕਰਮਚਾਰੀਆਂ ਦੇ ਹਿੱਤ ਲਈ ਧਰਨਾ ਲਾਇਆ ਗਿਆ। ਜਿਸ ਵਿੱਚ ਸਭ ਤੋਂ ਪਹਿਲਾ ਉਸ ਬੂਚੜ ਡੀ.ਐਸ.ਪੀ. ਸਤਬੀਰ ਬੈਂਸ ਤੇ ਐਸ.ਐਚ.ਓ. ਲਖਵਿੰਦਰ ਸਿੰਘ ਵਲੋਂ ਕਰਮਚਾਰੀਆਂ ਤੇ ਜੋ ਜ਼ੁਰਮ ਕੀਤਾ ਗਿਆ। ਲਾਠੀਚਾਰਜ ਕੀਤਾ ਗਿਆ ਇਹ ਸਰਾਸਰ ਬੇਇਨਸਾਫੀ ਹੈ ਇਹ ਡੀ.ਐਸ.ਪੀ. ਤੇ ਐਸ.ਐਚ.ਓ. ਨੂੰ ਆਈ.ਐਸ.ਸੀ., ਐਸ.ਟੀ. ਐਕਟ ਦਾ ਪਰਚਾ ਦਰਜ ਕੀਤਾ ਜਾਵੇ ਤੇ ਇਸ ਨੂੰ ਨੌਕਰੀ ਤੋਂ ਬਰਖਾਸਤ ਕੀਤਾ ਜਾਵੇ। ਸਫਾਈ ਕਰਮਚਾਰੀਆਂ ਵਲੋਂ ਪੂਰੇ ਪੰਜਾਬ ਵਿੱਚ ਆਪਣੇ ਹੱਕਾਂ ਵਾਸਤੇ ਬੜੇ ਲੰਬੇ ਸਮੇਂ ਤੋਂ ਧਰਨਾ ਲਾਉਂਦੇ ਆ ਰਹੇ ਸੀ ਉਨ੍ਹਾਂ ਮੁਲਾਜਮਾਂ ਦਾ ਕਸੂਰ ਸਿਰਫ ਤੇ ਸਿਰਫ ਪੱਕਾ ਹੋਣ ਵਾਸਤੇ ਹੱਕ ਸੱਚ ਦੀ ਲੜਾਈ ਲਈ ਧਰਨਾ ਲਾਇਆ ਸੀ ਸਰਕਾਰ ਨੇ ਇਸ ਧਰਨੇ ਨੂੰ ਲਾਠੀ ਚਾਰਜ ਦਾ ਰੂਪ ਦਿੱਤਾ ਜੋ ਕਿ ਸਰਾਸਰ ਲਗਤ ਹੈ। ਸਵਿਪਰ ਯੂਨੀਅਨ ਪਟਿਆਲਾ ਇਸ ਦਾ ਸਖਤ ਵਿਰੋਧ ਕਰਦੀ ਹੈ ਤੇ ਪੂਰੇ ਪੰਜਾਬ ਵਿੱਚ ਲੱਗੇ ਧਰਨੇ ਨੂੰ ਹੋਰ ਇੰਨਕਲਾਬੀ ਰੂਪ ਦਿੱਤਾ ਜਾਵੇਗਾ। ਵਿਸ਼ੇਸ਼ ਤੌਰ ਤੇ ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਦੇ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ ਜੀ ਵਲੋਂ ਪੂਰਨ ਸਹਿਯੋਗ ਰਿਹਾ। ਇਸ ਧਰਨੇ ਵਿੱਚ ਵਿਸ਼ੇਸ਼ ਤੌਰ ਤੇ ਸਵਿਪਰ ਯੂਨੀਅਨ ਦੇ ਪ੍ਰਧਾਨ ਬੱਬੂ ਰਾਮ (ਬੱਬੂ), ਮੰਗਤ ਕਲਿਆਣ ਜਨਰਲ ਸਕੱਤਰ, ਸੰਜੇ ਕਲਿਆਣ ਚੇਅਰਮੈਨ, ਬਲਜਿੰਦਰ ਸਿੰਘ ਕੈਸ਼ੀਅਰ,ਹੇਮ ਰਾਜ ਹਾਜ਼ਰ ਸਨ।

## ਪਟਿਆਲਾ ਦਿਹਾਤੀ ਕਾਂਗਰਸ ਨੂੰ ਵੱਡਾ ਝਟਕਾ, ਪਿੰਡ ਅਜਨੌਦਾ ਦੇ ਸਰਪੰਚ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ



**ਪਟਿਆਲਾ, 27 ਜੁਲਾਈ**
**-ਅਰਸ਼ਦੀਪ ਸਿੰਘ-**

ਪਟਿਆਲਾ ਦਿਹਾਤੀ ਕਾਂਗਰਸ ਨੂੰ ਵੱਡਾ ਝਟਕਾ ਲੱਗਿਆ ਜਦੋਂ ਪਿੰਡ ਅੱਜਨੌਦਾ ਦੇ ਸਰਪੰਚ ਮਨਜਿੰਦਰ ਸਿੰਘ ,ਡਾਕਟਰ ਬਲਬੀਰ ਸਿੰਘ ਸਿਹਤ ਮੰਤਰੀ ਪੰਜਾਬ ਅਤੇ ਐਮਐਲਏ ਦਿਹਾਤੀ ਦੀ ਹਾਜ਼ਰੀ ਵਿੱਚ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਗਏ, ਡਾਕਟਰ ਬਲਬੀਰ ਸਿੰਘ ਸਿਹਤ ਮੰਤਰੀ ਅਤੇ ਹਰਪਾਲ ਸਿੰਘ ਵਿਰਕ ਪਾਰਟੀ ਦਿਹਾਤੀ ਪ੍ਰਧਾਨ ਅਤੇ ਪਟਿਆਲਾ ਇੰਪਰੂਵਮੈਂਟ ਟਰਸਟ ਦੇ ਚੇਅਰਮੈਨ ਨੇ ਉਹਨਾਂ ਨੂੰ ਫੁੱਲਾਂ ਦੇ ਹਾਰ ਅਤੇ ਸਰੋਪਾ ਪਾ ਕੇ ਪਾਰਟੀ ਵਿੱਚ ਸ਼ਾਮਿਲ ਕੀਤਾ। ਸਿਹਤ ਮੰਤਰੀ ਨੇ ਇਸ ਮੌਕੇ ਦੱਸਿਆ ਕਿ ਉਹਨਾਂ ਨੂੰ ਪਾਰਟੀ ਵਿੱਚ ਬਣਦਾ ਮਾਨ ਸਨਮਾਨ ਦਿੱਤਾ ਜਾਵੇਗਾ ਅਤੇ ਪਿੰਡ ਅਜਨੌਦਾ ਦੀ ਤਰੱਕੀ ਲਈ ਵੱਧ ਤੋਂ ਵੱਧ ਫੰਡ ਅਤੇ ਸਹਿਯੋਗ ਦਿੱਤਾ ਜਾਵੇਗਾ।

ਮਨਜਿੰਦਰ ਸਿੰਘ ਸਰਪੰਚ ਨੇ ਵੀ ਸਿਹਤ ਮੰਤਰੀ ਨੂੰ ਭਰੋਸਾ ਦਵਾਇਆ ਕਿ ਉਹ ਪਾਰਟੀ ਪ੍ਰਤੀ ਵਫਾਦਾਰ ਹੋ ਕੇ ਪਾਰਟੀ ਦੀ ਬੇਹਤਰੀ ਲਈ ਕੰਮ ਕਰਨਗੇ। ਇਸ ਮੌਕੇ ਪਾਰਟੀ ਆਗੂ ਜੈ ਸ਼ੰਕਰ ਸ਼ਰਮਾ, ਅਮਨਦੀਪ ਸਿੰਘ ਭੁੱਲਰ, ਡਾਕਟਰ ਹੇਮਰਾਜ ਅਜਨੌਦਾ, ਚੇਅਰਮੈਨ ਗੁਰੂ ਵਿੰਦਰ ਸਿੰਘ ਕਸਿਆਣਾ, ਸਰਪੰਚ ਪ੍ਰਿਤਪਾਲ ਸਿੰਘ ਲਚਕਾਣੀ ਅਤੇ ਸਤਵਿੰਦਰ ਸਿੰਘ ਬੰਡੌੜ ਵੀ ਉਹਨਾਂ ਨਾਲ ਹਾਜ਼ਰ ਸਨ।

## ਅਵਾਰਾ ਕੁੱਤਿਆਂ ਨੇ 65 ਦੇ ਕਰੀਬ ਭੇਡਾਂ ਨੂੰ ਨੋਚਿਆ, ਹੋਈ ਮੌਤ



**ਸਨੌਰ,27 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਲਕਾ ਸਨੌਰ ਦੇ ਪਿੰਡ ਨੌਰੰਗਵਾਲ ਤੋਂ ਇੱਕ ਪ੍ਰੀਵਾਰ ਦੀਆ ਭੇਡਾਂ , ਬੱਕਰੀਆਂ ਦੀ ਮੌਤ ਦਾ ਮਾਮਲਾ ਸਾਹਮਣੇ ਆਇਆ ਹੈ ਇਸ ਸਬੰਧ ਚ ਪ੍ਰੀਵਾਰ ਦੇ ਮੈਂਬਰ ਕਰਮਜੀਤ ਸਿੰਘ ਨੇ ਦੁੱਖ ਪ੍ਰਗਟ ਕਰਦੇ ਹੋਏ ਅਫ਼ਸੋਸ ਨਾਲ ਦੱਸਿਆ ਕਿ ਰਾਤ ਦੇ ਸਮੇਂ ਉਹ ਆਪਣੀਆਂ ਭੇਡਾਂ, ਬੱਕਰੀਆਂ ਨੂੰ ਵਾੜੇ ਚ ਛੱਡ ਕੇ ਗਏ ਸਨ । ਜਦੋਂ ਸਵੇਰੇ ਸਮਾਂ ਪੰਜ ਵਜੇ ਦੇ ਕਰੀਬ ਆ ਕੇ ਦੇਖਿਆ ਤਾਂ ਮ੍ਰਿਤਕ ਭੇਡਾਂ ਬਹੁਤ ਬੂਰੀ ਦੁਰਦਸਾ ਚ ਪਈਆ ਸਨ ਮੌਕੇ ਤੇ ਕੁਝ ਅਵਾਰਾ ਕੁੱਤੇ ਭੇਡਾਂ ਬੱਕਰੀਆਂ ਨੂੰ ਨੌਚਦੇ ਨਜ਼ਰ ਆਏ ਅੱਗੇ ਕਿਹਾ ਕਿ ਮ੍ਰਿਤਕ ਭੇਡਾਂ ਦੀ ਗਿਣਤੀ 65 ਦੇ ਕਰੀਬ ਹੋਣ ਨਾਲ ਉਨ੍ਹਾਂ ਦਾ ਸੱਤ ਤੋਂ ਅੱਠ ਲੱਖ ਦਾ ਨੁਕਸਾਨ ਹੋ ਚੁੱਕਿਆ ਹੈ ਇਹਨਾਂ ਭੇਡਾਂ ਬੱਕਰੀਆਂ ਨਾਲ ਹੀ ਉਹਨਾਂ ਦੇ ਘਰ ਦਾ ਗੁਜ਼ਾਰਾ ਚੱਲਦਾ ਸੀ । ਉਹ ਬਹੁਤ ਹੀ ਗਰੀਬ ਪਰਿਵਾਰ ਨਾਲ ਸੰਬੰਧ ਰੱਖਦੇ ਹਨ।

ਪੀੜਿਤ ਪਰਿਵਾਰ ਨੇ ਸਰਕਾਰ ਤੇ ਸਮਾਜ ਸੇਵੀ ਸੰਸਥਾਵਾਂ ਨੂੰ ਸਹਾਇਤਾ ਕਰਨ ਦੀ ਅਪੀਲ ਕੀਤੀ।



# ਪੋਲੀਟਿਕਸ



# ਘਰ-ਘਰ ਪਹੁੰਚੇਗੀ ਮੁਫ਼ਤ ਇਲਾਜ ਦੀ ਸਹੂਲਤ

**ਚੰਡੀਗੜ੍ਹ, 27 ਜੁਲਾਈ**
**-ਬਲਜੀਤ ਸਰਨਾ-**

ਪੰਜਾਬ ਸਰਕਾਰ ਨੇ ਸੂਬੇ ਵਿੱਚ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਬਣਾਉਣ ਵੱਲ ਇੱਕ ਹੋਰ ਵੱਡਾ ਕਦਮ ਚੁੱਕਦਿਆਂ 100 ਨਵੇਂ ਆਮ ਆਦਮੀ ਕਲੀਨਿਕ ਸ਼ੁਰੂ ਕਰਨ ਦਾ ਐਲਾਨ ਕੀਤਾ ਹੈ।

ਸਰਕਾਰ ਦਾ ਕਹਿਣਾ ਹੈ ਕਿ ਇਹ ਕਲੀਨਿਕ ਖਾਸ ਤੌਰ 'ਤੇ ਉਨ੍ਹਾਂ ਇਲਾਕਿਆਂ ਵਿੱਚ ਖੋਲ੍ਹੇ ਜਾ ਰਹੇ ਹਨ ਜਿੱਥੇ ਪਹਿਲਾਂ ਸਿਹਤ ਸਹੂਲਤਾਂ ਦੀ ਕਮੀ ਕਾਰਨ ਲੋਕਾਂ ਨੂੰ ਇਲਾਜ ਲਈ ਲੰਬਾ ਸਫ਼ਰ ਕਰਨਾ ਪੈਂਦਾ ਸੀ।

**ਅੰਡਰ-ਸਰਵਡ ਇਲਾਕਿਆਂ ਨੂੰ ਮਿਲੀ ਤਰਜੀਹ, 107 ਮੁਫ਼ਤ ਦਵਾਈਆਂ**

ਸਿਹਤ ਮੰਤਰੀ ਨੇ ਦੱਸਿਆ ਕਿ ਪੂਰੇ ਪੰਜਾਬ ਦਾ ਵਿਸਤ੍ਰਿਤ ਸਰਵੇ ਕਰਨ ਤੋਂ ਬਾਅਦ ਅੰਡਰ-ਸਰਵਡ ਇਲਾਕਿਆਂ ਦੀ ਪਛਾਣ ਕੀਤੀ ਗਈ ਅਤੇ ਜ਼ਿਲ੍ਹਿਆਂ ਦੀ ਲੋੜ ਮੁਤਾਬਕ ਨਵੇਂ ਕਲੀਨਿਕਾਂ ਦੀ ਗਿਣਤੀ ਤੈਅ ਕੀਤੀ ਗਈ ਹੈ। ਇਸ ਤਹਿਤ ਅੰਮ੍ਰਿਤਸਰ ਵਿੱਚ 14, ਜਲੰਧਰ ਵਿੱਚ 10, ਲੁਧਿਆਣਾ ਵਿੱਚ 20 ਅਤੇ ਸ੍ਰੀ ਮੁਕਤਸਰ ਸਾਹਿਬ ਵਿੱਚ 10 ਨਵੇਂ ਕਲੀਨਿਕ ਸਥਾਪਿਤ ਕੀਤੇ ਜਾ ਰਹੇ ਹਨ। ਕੁੱਲ 100 ਕਲੀਨਿਕ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਲੋਕਾਂ ਦੀ ਸਹੂਲਤ ਲਈ ਸ਼ੁਰੂ ਹੋਣਗੇ।

ਉਨ੍ਹਾਂ ਕਿਹਾ ਕਿ ਸਰਕਾਰ ਦਾ ਮਕਸਦ ਹਰ ਨਾਗਰਿਕ ਨੂੰ ਆਪਣੇ ਘਰ ਤੋਂ ਕਰੀਬ ਢਾਈ ਤੋਂ ਤਿੰਨ ਕਿਲੋਮੀਟਰ ਦੇ ਦਾਇਰੇ ਅੰਦਰ ਹੀ ਮੁੱਢਲੀਆਂ ਸਿਹਤ ਸੇਵਾਵਾਂ ਉਪਲਬਧ ਕਰਵਾਉਣਾ ਹੈ। ਕਲੀਨਿਕਾਂ ਦੀ ਵੰਡ ਕਿਸੇ ਵੀ ਤਰ੍ਹਾਂ ਦੇ ਪੱਖਪਾਤ ਦੀ ਬਜਾਏ ਸਿਰਫ਼ ਲੋਕਾਂ ਦੀ ਲੋੜ ਅਤੇ ਖੇਤਰ ਦੀ ਜ਼ਰੂਰਤ ਨੂੰ ਧਿਆਨ ਵਿੱਚ ਰੱਖ ਕੇ ਕੀਤੀ ਗਈ ਹੈ।

**47 ਮੁਫ਼ਤ ਟੈਸਟ ਅਤੇ ਤਜਰਬੇਕਾਰ ਸਟਾਫ਼ ਨਾਲ ਲੈਸ ਹੋਣਗੇ ਨਵੇਂ ਕਲੀਨਿਕ**

ਹਰ ਆਮ ਆਦਮੀ ਕਲੀਨਿਕ ਵਿੱਚ ਇੱਕ ਮੈਡੀਕਲ ਅਫ਼ਸਰ, ਇੱਕ ਏਐਨਐਮ ਜਾਂ ਸਟਾਫ਼ ਨਰਸ, ਇੱਕ ਫਾਰਮਾਸਿਸਟ ਅਤੇ ਇੱਕ ਸਹਾਇਕ ਕਰਮਚਾਰੀ ਸਮੇਤ ਚਾਰ ਮੈਂਬਰੀ ਸਟਾਫ਼ ਤਾਇਨਾਤ ਹੋਵੇਗਾ, ਤਾਂ ਜੋ ਮਰੀਜ਼ਾਂ ਨੂੰ ਗੁਣਵੱਤਾ ਭਰੀਆਂ ਸਿਹਤ ਸੇਵਾਵਾਂ ਮਿਲ ਸਕਣ।

ਇਨ੍ਹਾਂ ਕਲੀਨਿਕਾਂ ਵਿੱਚ 107 ਕਿਸਮ ਦੀਆਂ ਮੁਫ਼ਤ ਦਵਾਈਆਂ ਅਤੇ 47 ਤਰ੍ਹਾਂ ਦੇ ਮੁਫ਼ਤ ਮੈਡੀਕਲ ਟੈਸਟਾਂ ਦੀ ਸਹੂਲਤ ਉਪਲਬਧ ਹੋਵੇਗੀ। ਇਸ ਤੋਂ ਇਲਾਵਾ ਹੈਪਾਟਾਈਟਿਸ, ਟੀਬੀ, ਗਰਭ ਅਵਸਥਾ ਨਾਲ ਸੰਬੰਧਿਤ ਜਾਂਚਾਂ, ਸ਼ੂਗਰ, ਹਾਈ ਬਲੱਡ ਪ੍ਰੈਸ਼ਰ ਅਤੇ ਹੋਰ ਆਮ ਬਿਮਾਰੀਆਂ ਦੀ ਜਾਂਚ ਅਤੇ ਇਲਾਜ ਵੀ ਮੁਫ਼ਤ ਕੀਤਾ ਜਾਵੇਗਾ।

ਸਰਕਾਰ ਦਾ ਦਾਅਵਾ ਹੈ ਕਿ ਨਵੇਂ ਆਮ ਆਦਮੀ ਕਲੀਨਿਕਾਂ ਦੇ ਸ਼ੁਰੂ ਹੋਣ ਨਾਲ ਲੋਕਾਂ ਨੂੰ ਆਪਣੇ ਘਰ ਦੇ ਨੇੜੇ ਹੀ ਮੁਫ਼ਤ, ਤੇਜ਼ ਅਤੇ ਬਿਹਤਰ ਸਿਹਤ ਸੇਵਾਵਾਂ ਮਿਲਣਗੀਆਂ, ਜਿਸ ਨਾਲ ਸਰਕਾਰੀ ਸਿਹਤ ਪ੍ਰਣਾਲੀ ਹੋਰ ਮਜ਼ਬੂਤ ਹੋਵੇਗੀ ਅਤੇ ਲੋਕਾਂ ਨੂੰ ਇਲਾਜ ਲਈ ਦੂਰ-ਦੁਰਾਡੇ ਹਸਪਤਾਲਾਂ ਦੇ ਚੱਕਰ ਨਹੀਂ ਲਗਾਉਣੇ ਪੈਣਗੇ।

# ਪਾਵਰ ਕਾਰਪੋਰੇਸ਼ਨ ਦੇ ਕਰਮਚਾਰੀ ਕਿਸਾਨਾਂ ਤੇ ਆਮ ਜਨਤਾ ਲਈ ਪਰੇਸ਼ਾਨੀ ਦਾ ਕਾਰਨ ਨਾ ਬਣਨ; ਹੜਤਾਲ ਵਾਪਸ ਲੈਣ, ਸਰਕਾਰ ਗੱਲਬਾਤ ਲਈ ਹਮੇਸ਼ਾ ਤਿਆਰ: ਅਮਨ ਅਰੋੜਾ

**ਸੁਨਾਮ,27 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਆਮ ਆਦਮੀ ਪਾਰਟੀ (ਆਪ) ਦੇ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਅੱਜ ਹੜਤਾਲ 'ਤੇ ਬੈਠੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ.) ਦੇ ਕਰਮਚਾਰੀਆਂ ਨੂੰ ਤੁਰੰਤ ਹੜਤਾਲ ਵਾਪਸ ਲੈਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਇਸ ਨਾਲ ਝੋਨੇ ਦੀ ਲਵਾਈ ਦੇ ਅਹਿਮ ਸੀਜ਼ਨ ਦੌਰਾਨ ਕਿਸਾਨਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਸੂਬੇ ਭਰ ਦੇ ਲਗਭਗ ਤਿੰਨ ਕਰੋੜ ਨਾਗਰਿਕਾਂ ਲਈ ਜ਼ਰੂਰੀ ਸੇਵਾਵਾਂ ਪ੍ਰਭਾਵਿਤ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਗੱਲਬਾਤ ਲਈ ਹਮੇਸ਼ਾ ਤਿਆਰ ਹੈ ਅਤੇ ਕਰਮਚਾਰੀ ਯੂਨੀਅਨਾਂ ਦੀ ਮੰਗ 'ਤੇ 25 ਦਿਨ ਪਹਿਲਾਂ ਗਠਿਤ ਕੀਤੀ ਗਈ ਇੱਕ ਉੱਚ ਪੱਧਰੀ ਕਮੇਟੀ ਪਹਿਲਾਂ ਹੀ ਉਨ੍ਹਾਂ ਦੀਆਂ ਲੰਬਿਤ ਮੰਗਾਂ 'ਤੇ ਵਿਚਾਰ ਕਰ ਰਹੀ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਕਮੇਟੀ ਦੀ ਹਰ ਜਾਇਜ਼ ਸਿਫਾਰਸ਼ ਨੂੰ ਸਰਕਾਰ ਵੱਲੋਂ ਪ੍ਰਵਾਨ ਕੀਤਾ ਜਾਵੇਗਾ।

ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਅੱਜ ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ, ÷ਪਾਵਰ ਕਾਰਪੋਰੇਸ਼ਨ ਦੇ ਕਰਮਚਾਰੀ 21 ਜੁਲਾਈ ਤੋਂ ਹੜਤਾਲ 'ਤੇ ਹਨ, ਜਿਸ ਕਾਰਨ ਪੰਜਾਬ ਦੇ ਲੋਕਾਂ, ਖਾਸ ਕਰਕੇ ਸਾਡੇ ਕਿਸਾਨਾਂ ਨੂੰ ਕਾਫੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਝੋਨੇ ਦੀ ਲਵਾਈ ਦਾ ਸੀਜ਼ਨ ਇਸ ਸਮੇਂ ਅਹਿਮ ਮੋੜ 'ਤੇ ਹੈ ਅਤੇ ਬਿਜਲੀ ਸੇਵਾਵਾਂ ਠੱਪ ਹੋਣ ਨਾਲ ਕਿਸਾਨਾਂ ਦੀਆਂ ਮੁਸ਼ਕਲਾਂ ਵਧ ਗਈਆਂ ਹਨ। ਕਿਸਾਨਾਂ ਤੋਂ ਇਲਾਵਾ ਘਰੇਲੂ ਖਪਤਕਾਰ, ਵਪਾਰੀ, ਸਾਡੀਆਂ ਮਾਵਾਂ-ਭੈਣਾਂ ਅਤੇ ਆਮ ਨਾਗਰਿਕ ਵੀ ਬਿਜਲੀ ਸੇਵਾਵਾਂ ਵਿੱਚ ਵਿਘਨ ਪੈਣ ਕਾਰਨ ਗੰਭੀਰ ਪਰੇਸ਼ਾਨੀ ਦਾ ਸਾਹਮਣਾ ਕਰ ਰਹੇ ਹਨ।

ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਨੇ ਕਿਹਾ, ÷ਭਗਵੰਤ ਮਾਨ ਸਰਕਾਰ ਸਮਾਜ ਦੇ ਹਰ ਵਰਗ ਦੀ ਸਰਕਾਰ ਹੈ। ਸੱਤਾ ਸੰਭਾਲਣ ਤੋਂ ਬਾਅਦ, ਇਸ ਨੇ ਕਰਮਚਾਰੀਆਂ ਦੀ ਭਲਾਈ ਲਈ ਕਈ ਇਤਿਹਾਸਕ ਫੈਸਲੇ ਲਏ ਹਨ। ਸਰਕਾਰ ਨੇ ਵੱਖ-ਵੱਖ ਵਿਭਾਗਾਂ ਵਿੱਚ ਹਜ਼ਾਰਾਂ ਨੌਜਵਾਨਾਂ ਨੂੰ ਨੌਕਰੀਆਂ ਦਿੱਤੀਆਂ ਹਨ, ਹਜ਼ਾਰਾਂ ਕੱਚੇ ਕਰਮਚਾਰੀਆਂ ਨੂੰ ਪੱਕਾ ਕੀਤਾ ਹੈ, ਉਨ੍ਹਾਂ ਨੂੰ ਸੇਵਾ ਲਾਭ ਦਿੱਤੇ ਹਨ ਅਤੇ ਵੱਖ-ਵੱਖ ਵਿਭਾਗਾਂ ਦੇ ਕਰਮਚਾਰੀਆਂ ਦੀਆਂ ਚਿਰਕੋਣੀ ਮੰਗਾਂ ਦਾ ਨਿਪਟਾਰਾ ਕੀਤਾ ਹੈ। ਪਾਵਰ ਬੋਰਡ ਦੇ ਕਰਮਚਾਰੀਆਂ ਦੀਆਂ ਬਹੁਤ ਸਾਰੀਆਂ ਮੰਗਾਂ ਸਰਕਾਰ ਵੱਲੋਂ ਪਹਿਲਾਂ ਹੀ ਮੰਨੀਆਂ ਜਾ ਚੁੱਕੀਆਂ ਹਨ।

ਕੈਬਨਿਟ ਮੰਤਰੀ ਨੇ ਕਿਹਾ, ÷ਬਾਕੀ ਮੰਗਾਂ ਸਬੰਧੀ, ਖੁਦ ਕਰਮਚਾਰੀ ਯੂਨੀਅਨਾਂ ਨੇ ਸਰਕਾਰ ਨੂੰ ਬੇਨਤੀ ਕੀਤੀ ਸੀ ਕਿ ਸਰਕਾਰ ਅਤੇ ਯੂਨੀਅਨਾਂ ਦੋਵਾਂ ਦੀ ਨੁਮਾਇੰਦਗੀ ਵਾਲੀ ਇੱਕ ਵਿਸ਼ੇਸ਼ ਕਮੇਟੀ ਬਣਾਈ ਜਾਵੇ ਤਾਂ ਜੋ ਇਨ੍ਹਾਂ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਜਾ ਸਕੇ। ਉਨ੍ਹਾਂ ਦੀ ਬੇਨਤੀ 'ਤੇ ਕਾਰਵਾਈ ਕਰਦਿਆਂ ਸਰਕਾਰ ਨੇ ਲਗਭਗ 20 ਤੋਂ 25 ਦਿਨ ਪਹਿਲਾਂ ਇੱਕ ਉੱਚ ਪੱਧਰੀ ਕਮੇਟੀ ਦਾ ਗਠਨ ਕੀਤਾ ਸੀ। ਇਸ ਕਮੇਟੀ ਵਿੱਚ ਵਿੱਤ, ਬਿਜਲੀ ਅਤੇ ਪ੍ਰਸੋਨਲ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਦੇ ਨਾਲ-ਨਾਲ ਕਰਮਚਾਰੀ ਯੂਨੀਅਨਾਂ ਦੇ ਚਾਰ ਨੁਮਾਇੰਦੇ ਸ਼ਾਮਲ ਹਨ। ਕਮੇਟੀ ਇਨ੍ਹਾਂ ਮੁੱਦਿਆਂ 'ਤੇ ਲਗਾਤਾਰ ਵਿਚਾਰ-ਵਟਾਂਦਰਾ ਕਰ ਰਹੀ ਹੈ ਅਤੇ ਸਰਕਾਰ ਹਰ ਜਾਇਜ਼ ਮੰਗ 'ਤੇ ਹਮਦਰਦੀ ਅਤੇ ਸਕਾਰਾਤਮਕ ਪਹੁੰਚ ਨਾਲ ਵਿਚਾਰ ਕਰਨ ਲਈ ਪੂਰੀ ਤਰ੍ਹਾਂ ਤਿਆਰ ਹੈ।

ਉਨ੍ਹਾਂ ਅੱਗੇ ਕਿਹਾ, ÷ਮੈਂ ਕਰਮਚਾਰੀ ਯੂਨੀਅਨਾਂ ਨੂੰ ਭਰੋਸਾ ਦਿਵਾਉਂਦਾ ਹਾਂ ਕਿ ਕਮੇਟੀ ਵੱਲੋਂ ਸਿਫਾਰਸ਼ ਕੀਤੀ ਗਈ ਹਰ ਜਾਇਜ਼ ਮੰਗ ਨੂੰ ਸਰਕਾਰ ਵੱਲੋਂ ਪ੍ਰਵਾਨ ਕੀਤਾ ਜਾਵੇਗਾ। ਜਦੋਂ ਸਰਕਾਰ ਅਤੇ ਕਰਮਚਾਰੀ ਯੂਨੀਅਨਾਂ ਵਿਚਕਾਰ ਗੱਲਬਾਤ ਪਹਿਲਾਂ ਹੀ ਚੱਲ ਰਹੀ ਹੈ, ਤਾਂ ਇਹ ਪ੍ਰਕਿਰਿਆ ਪੂਰੀ ਹੋਣ ਤੋਂ ਪਹਿਲਾਂ ਹੜਤਾਲ ਦਾ ਰਾਹ ਚੁਣਨਾ ਵਿਆਪਕ ਜਨਤਕ ਹਿੱਤ ਵਿੱਚ ਨਹੀਂ ਹੈ।



ਅਮਨ ਅਰੋੜਾ ਨੇ ਕਿਹਾ, ÷ਜਨਤਾ ਦੀ ਖੱਜਲ-ਖੁਆਰੀ ਅਤੇ ਕਿਸਾਨਾਂ ਨੂੰ ਪਰੇਸ਼ਾਨ ਕਰਕੇ ਸਰਕਾਰ 'ਤੇ ਦਬਾਅ ਪਾਉਣ ਦੀ ਸੋਚ ਨਾਲ ਹੜਤਾਲ 'ਤੇ ਜਾਣਾ ਕਿਸੇ ਵੀ ਸਥਿਤੀ ਵਿੱਚ ਵਾਜਬ ਨਹੀਂ ਠਹਿਰਾਇਆ ਜਾ ਸਕਦਾ। ਸਰਕਾਰ ਤੁਹਾਡੀ ਹੈ ਅਤੇ ਤੁਸੀਂ ਵੀ ਸਾਡੇ ਵਾਂਗ ਜਨਤਾ ਦੇ ਸੇਵਕ ਹੋ। ਇਸ ਲਈ ਮੈਂ ਸਾਰੀਆਂ ਕਰਮਚਾਰੀ ਯੂਨੀਅਨਾਂ ਨੂੰ ਨਿਮਰਤਾ ਸਹਿਤ ਅਪੀਲ ਕਰਦਾ ਹਾਂ ਕਿ ਉਹ ਪੰਜਾਬ ਦੇ ਲੋਕਾਂ, ਖਾਸ ਕਰਕੇ ਸਾਡੇ ਕਿਸਾਨ ਭਰਾਵਾਂ ਨੂੰ ਝੋਨੇ ਦੇ ਲਵਾਈ ਦੇ ਸੀਜ਼ਨ ਦੌਰਾਨ ਪਰੇਸ਼ਾਨ ਨਾ ਕਰਨ।

ਪਿੰਡਾਂ ਦੇ ਆਪਣੇ ਦੌਰੇ ਦੀ ਇੱਕ ਘਟਨਾ ਸਾਂਝਾ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ, ÷ਅੱਜ ਮੈਂ ਕਈ ਕਿਸਾਨਾਂ ਨੂੰ ਮਿਲਿਆ, ਜਿਨ੍ਹਾਂ ਵਿੱਚੋਂ ਇੱਕ ਕਿਸਾਨ ਤਿੰਨ ਏਕੜ ਠੇਕੇ ਦੀ ਜ਼ਮੀਨ 'ਤੇ ਖੇਤੀ ਕਰਦਾ ਹੈ। ਉਸਨੇ ਬਹੁਤ ਦੁੱਖ ਨਾਲ ਮੈਨੂੰ ਦੱਸਿਆ ਕਿ ਹੜਤਾਲ ਕਾਰਨ ਬਿਜਲੀ ਦੀ ਸਪਲਾਈ ਠੱਪ ਹੋਣ ਕਰਕੇ ਉਸਦੀ ਰੋਜ਼ੀ-ਰੋਟੀ ਬੁਰੀ ਤਰ੍ਹਾਂ ਪ੍ਰਭਾਵਿਤ ਹੋਈ ਹੈ। ਅਜਿਹੇ ਕਿਸਾਨਾਂ ਦਾ ਕੀ ਕਸੂਰ ਹੈ ? ਜੇਕਰ ਕਰਮਚਾਰੀਆਂ ਦੀਆਂ ਕੁਝ ਸਮੱਸਿਆਵਾਂ ਹਨ, ਤਾਂ ਉਹ ਸਰਕਾਰ ਨਾਲ ਹਨ ਅਤੇ ਸਰਕਾਰ ਪਹਿਲਾਂ ਹੀ ਉਨ੍ਹਾਂ 'ਤੇ ਸਕਾਰਾਤਮਕ ਵਿਚਾਰ ਕਰ ਰਹੀ ਹੈ। ਬੇਕਸੂਰ ਨਾਗਰਿਕਾਂ ਨੂੰ ਕਿਸੇ ਵੀ ਤਰ੍ਹਾਂ ਦਾ ਨੁਕਸਾਨ ਨਹੀਂ ਪਹੁੰਚਣਾ ਚਾਹੀਦਾ।

ਅਮਨ ਅਰੋੜਾ ਨੇ ਦੱਸਿਆ, ÷ਮੁੱਖ ਮੰਤਰੀ ਭਗਵੰਤ ਸਿੰਘ ਮਾਨ ਖੁਦ ਇਸ ਸਮੁੱਚੇ ਮਾਮਲੇ ਦੀ ਨਿਗਰਾਨੀ ਕਰ ਰਹੇ ਹਨ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ. ਕਰਮਚਾਰੀ ਯੂਨੀਅਨਾਂ ਦੇ ਲਗਾਤਾਰ ਸੰਪਰਕ ਵਿੱਚ ਹਨ ਅਤੇ ਗੱਲਬਾਤ ਰਾਹੀਂ ਮਸਲੇ ਨੂੰ ਹੱਲ ਕਰਨ ਦੀ ਹਰ ਸੰਭਵ ਕੋਸ਼ਿਸ਼ ਕਰ ਰਹੇ ਹਨ।

ਉਨ੍ਹਾਂ ਕਿਹਾ, ÷ਪੰਜਾਬ ਸਰਕਾਰ ਦਾ ਸਟੈਂਡ ਬਿਲਕੁਲ ਸਾਫ਼ ਹੈ। ਅਸੀਂ ਕਿਸੇ ਵੀ ਕਰਮਚਾਰੀ ਯੂਨੀਅਨ ਜਾਂ ਕਰਮਚਾਰੀ ਦੀ ਹਰ ਜਾਇਜ਼ ਮੰਗ ਨੂੰ ਸੁਣਨ ਲਈ ਹਮੇਸ਼ਾ ਤਿਆਰ ਹਾਂ ਅਤੇ ਇਸ ਦਾ ਯੋਗ ਹੱਲ ਲੱਭਣ ਲਈ ਵਚਨਬੱਧ ਹਾਂ। ਮੁੱਖ ਮੰਤਰੀ, ਬਿਜਲੀ ਵਿਭਾਗ ਅਤੇ ਸਮੁੱਚੀ ਸਰਕਾਰ ਤੁਹਾਡੇ ਨਾਲ ਹੈ। ਤੁਸੀਂ ਕਿਸੇ ਵੀ ਸਮੇਂ ਮੁੱਖ ਮੰਤਰੀ ਜਾਂ ਕਿਸੇ ਵੀ ਮੰਤਰੀ ਨੂੰ ਮਿਲ ਸਕਦੇ ਹੋ ਅਤੇ ਆਪਣਾ ਪੱਖ ਰੱਖ ਸਕਦੇ ਹੋ। ਹਰ ਉਹ ਮੰਗ ਜੋ ਕਰਮਚਾਰੀਆਂ, ਪੰਜਾਬ ਅਤੇ ਸੂਬੇ ਦੇ ਲੋਕਾਂ ਦੇ ਹਿੱਤ ਵਿੱਚ ਹੋਵੇਗੀ, ਉਸ 'ਤੇ ਵਿਚਾਰ ਕੀਤਾ ਜਾਵੇਗਾ।

ਕੈਬਨਿਟ ਮੰਤਰੀ ਨੇ ਕਿਹਾ, ÷ਪਿਛਲੇ ਸਾਢੇ ਚਾਰ ਸਾਲਾਂ ਦੌਰਾਨ, ਪੰਜਾਬ ਸਰਕਾਰ ਨੇ ਸੂਬੇ ਭਰ ਵਿੱਚ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਉਣ ਲਈ ਬੇਮਿਸਾਲ ਯਤਨ ਕੀਤੇ ਹਨ। ਜੇਕਰ ਕੁਝ ਲੋਕ ਹੜਤਾਲ ਰਾਹੀਂ ਜਨਤਾ ਨੂੰ ਪਰੇਸ਼ਾਨ ਕਰਕੇ ਸਰਕਾਰ ਦੇ ਅਕਸ ਨੂੰ ਢਾਹ ਲਾਉਣ ਦੀ ਕੋਸ਼ਿਸ਼ ਕਰਦੇ ਹਨ, ਤਾਂ ਪੰਜਾਬ ਦੇ ਲੋਕ ਤੱਥਾਂ ਤੋਂ ਚੰਗੀ ਤਰ੍ਹਾਂ ਜਾਣੂ ਹਨ।

ਕਿਸਾਨ ਜਥੇਬੰਦੀਆਂ ਨੂੰ ਅਪੀਲ ਕਰਦਿਆਂ ਅਮਨ ਅਰੋੜਾ ਨੇ ਕਿਹਾ, ÷ਮੈਂ ਕਿਸਾਨ ਜਥੇਬੰਦੀਆਂ ਨੂੰ ਅਪੀਲ ਕਰਦਾ ਹਾਂ ਕਿ ਉਹ ਵਿਆਪਕ ਜਨਤਕ ਹਿੱਤ ਨੂੰ ਧਿਆਨ ਵਿੱਚ ਰੱਖਦਿਆਂ ਕਰਮਚਾਰੀ ਯੂਨੀਅਨਾਂ ਨਾਲ ਗੱਲਬਾਤ ਕਰਕੇ ਹੜਤਾਲ ਖਤਮ ਕਰਵਾਉਣ ਵਿੱਚ ਸਕਾਰਾਤਮਕ ਭੂਮਿਕਾ ਨਿਭਾਉਣ।

ਆਪਣੀ ਅੰਤਿਮ ਅਪੀਲ ਵਿੱਚ ਅਮਨ ਅਰੋੜਾ ਨੇ ਕਿਹਾ, ÷ਮੈਂ ਇੱਕ ਵਾਰ ਫਿਰ ਹੱਥ ਜੋੜ ਕੇ ਆਪਣੇ ਪਾਵਰ ਕਾਰਪੋਰੇਸ਼ਨ ਦੇ ਕਰਮਚਾਰੀ ਭਰਾਵਾਂ ਅਤੇ ਭੈਣਾਂ ਨੂੰ ਅਪੀਲ ਕਰਦਾ ਹਾਂ ਕਿ ਉਹ ਤੁਰੰਤ ਹੜਤਾਲ ਵਾਪਸ ਲੈਣ ਅਤੇ ਬਿਜਲੀ ਸੇਵਾਵਾਂ ਨੂੰ ਸੁਚਾਰੂ ਬਣਾਉਣ। ਲਗਭਗ 90 ਫੀਸਦੀ ਕਰਮਚਾਰੀ, ਯਾਨੀ ਲਗਭਗ 18,500 ਮੁਲਾਜ਼ਮ ਹੜਤਾਲ 'ਤੇ ਹਨ, ਜਿਸ ਕਾਰਨ ਪੰਜਾਬ ਦੇ ਲਗਭਗ ਤਿੰਨ ਕਰੋੜ ਲੋਕ ਪ੍ਰਭਾਵਿਤ ਹੋ ਰਹੇ ਹਨ। ਜ਼ਰੂਰੀ ਜਨਤਕ ਸੇਵਾਵਾਂ ਨੂੰ ਠੱਪ ਕਰਕੇ ਜਾਂ ਨਾਗਰਿਕਾਂ ਨੂੰ ਪਰੇਸ਼ਾਨ ਕਰਕੇ ਦਬਾਅ ਬਣਾਉਣ ਦੀਆਂ ਕੋਸ਼ਿਸ਼ਾਂ ਨੂੰ ਨਾ ਤਾਂ ਸਰਕਾਰ ਅਤੇ ਨਾ ਹੀ ਜਨਤਾ ਪ੍ਰਵਾਨ ਕਰੇਗੀ। ਇਸ ਕਰਕੇ ਆਪਣੀਆਂ ਮੰਗਾਂ ਬਿਨਾਂ ਕਿਸੇ ਝਿਜਕ ਦੇ ਸਰਕਾਰ ਅੱਗੇ ਰੱਖੋ।ਅਮਨ ਅਰੋੜਾ ਨੇ ਕਿਹਾ,÷ਹਰ ਜਾਇਜ਼ ਮੰਗ ਗੱਲਬਾਤ ਰਾਹੀਂ ਹੱਲ ਕੀਤੀ ਜਾਵੇਗੀ, ਪਰ ਜਨਤਾ ਨੂੰ ਪਰੇਸ਼ਾਨ ਕਰਕੇ ਸਰਕਾਰ 'ਤੇ ਦਬਾਅ ਪਾਉਣ ਦੀ ਇਸ ਪਹੁੰਚ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

# ਧੀਆਂ ਦੇ ਵਿਆਹ ਲਈ ਮਾਨ ਸਰਕਾਰ ਦਾ ਵੱਡਾ ਉਪਰਾਲਾ ਅਸ਼ੀਰਵਾਦ ਸਕੀਮ ਤਹਿਤ 28.01 ਕਰੋੜ ਦੀ ਰਾਸ਼ੀ

**ਚੰਡੀਗੜ੍ਹ, 27 ਜੁਲਾਈ**
**-ਜੀ. ਐਸ. ਤੁੰਗ-**

ਲੋੜਵੰਦ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਦੇ ਸਤਿਕਾਰ ਅਤੇ ਵਿੱਤੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਵਿੱਤੀ ਸਾਲ 2026-27 ਦੌਰਾਨ 'ਅਸ਼ੀਰਵਾਦ ਸਕੀਮ' ਅਧੀਨ ਅਨੁਸੂਚਿਤ ਜਾਤੀਆਂ ਦੇ 5,492 ਲਾਭਪਾਤਰੀਆਂ ਲਈ ?28.01 ਕਰੋੜ ਦੀ ਰਾਸ਼ੀ ਜਾਰੀ ਕੀਤੀ ਗਈ ਹੈ।



ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਪੰਜਾਬ ਦੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਸੂਬੇ ਦੇ 19 ਜ਼ਿਲ੍ਹਿਆਂ ਦੇ ਯੋਗ ਲਾਭਪਾਤਰੀਆਂ ਲਈ ਇਹ ਵਿੱਤੀ ਸਹਾਇਤਾ ਪ੍ਰਵਾਨ ਕੀਤੀ ਗਈ ਹੈ, ਤਾਂ ਜੋ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰ ਆਪਣੀਆਂ ਧੀਆਂ ਦੇ ਵਿਆਹ ਦੇ ਖਰਚੇ ਪੂਰੇ ਸਤਿਕਾਰ ਅਤੇ ਆਤਮ-ਵਿਸ਼ਵਾਸ ਨਾਲ ਕਰ ਸਕਣ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਅਸ਼ੀਰਵਾਦ ਪੋਰਟਲ 'ਤੇ ਪ੍ਰਾਪਤ ਹੋਈਆਂ ਦਰਖਾਸਤਾਂ ਦੇ ਆਧਾਰ 'ਤੇ ਬਰਨਾਲਾ, ਬਠਿੰਡਾ, ਫਰੀਦਕੋਟ, ਫਿਰੋਜ਼ਪੁਰ, ਫਤਹਿਗੜ੍ਹ ਸਾਹਿਬ, ਫਾਜ਼ਿਲਕਾ, ਗੁਰਦਾਸਪੁਰ, ਹੁਸ਼ਿਆਰਪੁਰ, ਜਲੰਧਰ, ਲੁਧਿਆਣਾ, ਮੋਗਾ, ਸ੍ਰੀ ਮੁਕਤਸਰ ਸਾਹਿਬ, ਪਟਿਆਲਾ, ਪਠਾਨਕੋਟ, ਰੂਪਨਗਰ, ਐਸ.ਏ.ਐਸ. ਨਗਰ, ਐਸ.ਬੀ.ਐਸ. ਨਗਰ, ਸੰਗਰੂਰ ਅਤੇ ਮਾਲੇਰਕੋਟਲਾ ਦੇ ਲਾਭਪਾਤਰੀਆਂ ਨੂੰ ਇਸ ਤਾਜ਼ਾ ਜਾਰੀ ਹੋਈ ਗ੍ਰਾਂਟ/ਸਹਾਇਤਾ ਹੇਠ ਕਵਰ ਕੀਤਾ ਗਿਆ ਹੈ।

ਸਮਾਜਿਕ ਨਿਆਂ ਮੰਤਰੀ ਨੇ ਜ਼ਿਲ੍ਹਾ-ਵਾਰ ਆਂਕੜੇ ਸਾਂਝੇ ਕਰਦਿਆਂ ਦੱਸਿਆ ਕਿ ਇਸ ਜਾਰੀ ਕੀਤੀ ਗਈ ਰਾਸ਼ੀ ਨਾਲ ਜ਼ਿਲ੍ਹਾ ਫਾਜ਼ਿਲਕਾ ਦੇ 882, ਪਟਿਆਲਾ ਦੇ 611, ਫਿਰੋਜ਼ਪੁਰ ਦੇ 604, ਲੁਧਿਆਣਾ ਦੇ 403, ਮੋਗਾ ਦੇ 400, ਸ੍ਰੀ ਮੁਕਤਸਰ ਸਾਹਿਬ ਦੇ 384, ਹੁਸ਼ਿਆਰਪੁਰ ਦੇ 333, ਗੁਰਦਾਸਪੁਰ ਦੇ 297, ਬਰਨਾਲਾ ਦੇ 288 ਅਤੇ ਐਸ.ਬੀ.ਐਸ. ਨਗਰ ਦੇ 219 ਲਾਭਪਾਤਰੀਆਂ ਨੂੰ ਵਿੱਤੀ ਰਾਹਤ ਪ੍ਰਦਾਨ ਕੀਤੀ ਗਈ ਹੈ।

ਇਸੇ ਤਰ੍ਹਾਂ ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਬਠਿੰਡਾ ਦੇ 163, ਫਤਹਿਗੜ੍ਹ ਸਾਹਿਬ ਦੇ 160, ਸੰਗਰੂਰ ਦੇ 160, ਐਸ.ਏ.ਐਸ. ਨਗਰ ਦੇ 114, ਜਲੰਧਰ ਦੇ 114, ਰੂਪਨਗਰ ਦੇ 104, ਫਰੀਦਕੋਟ ਦੇ 103, ਮਾਲੇਰਕੋਟਲਾ ਦੇ 95 ਅਤੇ ਪਠਾਨਕੋਟ ਜ਼ਿਲ੍ਹੇ ਦੇ 58 ਅਨੁਸੂਚਿਤ ਜਾਤੀ ਲਾਭਪਾਤਰੀਆਂ ਨੂੰ ਵੀ ਇਸ ਸਕੀਮ ਦਾ ਲਾਭ ਦਿੱਤਾ ਗਿਆ ਹੈ।

ਸਕੀਮ ਦੀਆਂ ਵਿਸ਼ੇਸ਼ਤਾਵਾਂ ਬਾਰੇ ਚਾਨਣਾ ਪਾਉਂਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਯੋਗ ਪਰਿਵਾਰਾਂ ਨੂੰ ਧੀਆਂ ਦੇ ਵਿਆਹ ਲਈ ?51,000 ਦੀ ਆਰਥਿਕ ਮਦਦ ਦਿੱਤੀ ਜਾਂਦੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਬਿਨੈਕਾਰ ਪੰਜਾਬ ਦਾ ਸਥਾਈ ਨਿਵਾਸੀ ਹੋਵੇ, ਗਰੀਬੀ ਰੇਖਾ ਤੋਂ ਹੇਠਾਂ ਰਹਿ ਰਿਹਾ ਹੋਵੇ ਅਤੇ ਪਰਿਵਾਰ ਦੀ ਸਾਰੇ ਸਾਧਨਾਂ ਤੋਂ ਕੁੱਲ ਸਾਲਾਨਾ ਆਮਦਨ ?32,790 ਤੋਂ ਘੱਟ ਹੋਵੇ। ਇੱਕ ਪਰਿਵਾਰ ਦੀਆਂ ਵੱਧ ਤੋਂ ਵੱਧ ਦੋ ਧੀਆਂ ਇਸ ਸਕੀਮ ਦਾ ਲਾਭ ਲੈਣ ਲਈ ਯੋਗ ਹਨ। ਡਾ. ਬਲਜੀਤ ਕੌਰ ਨੇ ਅੱਗੇ ਦੱਸਿਆ ਕਿ ਪੂਰੀ ਪਾਰਦਰਸ਼ਤਾ ਅਤੇ ਸਮੇਂ ਸਿਰ ਭੁਗਤਾਨ ਯਕੀਨੀ ਬਣਾਉਣ ਲਈ ਇਹ ਸਹਾਇਤਾ ਰਾਸ਼ੀ ਡੀ.ਬੀ.ਟੀ.ਰਾਹੀਂ ਸਿੱਧੀ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਭੇਜੀ ਜਾਂਦੀ ਹੈ। ਉਨ੍ਹਾਂ ਦੋਹਰਾਇਆ ਕਿ ਭਗਵੰਤ ਸਿੰਘ ਮਾਨ ਸਰਕਾਰ ਪਾਰਦਰਸ਼ੀ ਅਤੇ ਲੋਕ-ਹਿਤੈਸ਼ੀ ਪਹਿਲਕਦਮੀਆਂ ਰਾਹੀਂ ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਵਚਨਬੱਧ ਹੈ, ਤਾਂ ਜੋ ਸੂਬੇ ਵਿੱਚ ਸਮਾਜਿਕ ਨਿਆਂ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ।

# ਪੱਤਰਕਾਰ ਬਲਵਾਨ ਕਰਿਵਾਲ ਦੀ ਲਿਖੀ ਕਿਤਾਬ ਮੇਅਰ ਨੇ ਰਿਲੀਜ਼ ਕੀਤੀ



**ਚੰਡੀਗੜ੍ਹ, 27 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਕਿਤਾਬ ਆਪਣੀ ਗੱਲ ਕਹਿਣ ਦਾ ਸਸ਼ਕਤ ਜ਼ਰੀਆ ਹੈ। ਇਸ ਦਾ ਪ੍ਰਭਾਵ ਲੰਬੇ ਸਮੇਂ ਤੱਕ ਰਹਿੰਦਾ ਹੈ। ਖਾਸ ਕਰਕੇ ਕਿਤਾਬ ਅਗਰ ਕਵਿਤਾ ਸੰਗ੍ਰਹਿ ਹੋਵੇ ਤਾਂ ਮਿਸਾਲਾਂ ਦਿੱਤੀਆਂ ਜਾਂਦੀਆਂ ਹਨ। ਚੰਡੀਗੜ੍ਹ ਦੇ ਮੇਅਰ ਸੌਰਭ ਜੋਸ਼ੀ ਨੇ ਇਹ ਗੱਲ ਕਹੀ।ਚੰਡੀਗੜ੍ਹ ਪ੍ਰੈੱਸ ਕਲੱਬ ਵਿਖੇ ਮੇਅਰ ਨੇ ਸੀਨੀਅਰ ਪੱਤਰਕਾਰ ਬਲਵਾਨ ਕਰਿਵਾਲ ਦੀ ਪੁਸਤਕ ÷ਖੁਸ਼ਿਯੋਂ ਕੀ ਚਾਬੀ÷ ਰਿਲੀਜ਼ ਕੀਤੀ। ਪ੍ਰੈੱਸ ਕਲੱਬ ਦੇ ਪ੍ਰਧਾਨ ਸੌਰਭ ਦੁੱਗਲ ਦੀ ਉਪਸਥਿਤੀ ਵਿੱਚ ਕਿਤਾਬ ਰਿਲੀਜ਼ ਕੀਤੀ ਗਈ। ਮੇਅਰ ਸੌਰਭ ਜੋਸ਼ੀ ਨੇ ਇਸ ਅਵਸਰ 'ਤੇ ਕਿਹਾ ਕਿ ÷ਖੁਸ਼ਿਯੋਂ ਕੀ ਚਾਬੀ÷ ਸੋਚਣ ਨੂੰ ਮਜਬੂਰ ਕਰਦੀ ਹੈ। ਇਹ ਸਮਾਜ ਨੂੰ ਹਲਕੇ-ਫੁਲਕੇ ਅੰਦਾਜ਼ ਵਿੱਚ ਮਜ਼ਬੂਤ ਸੰਦੇਸ਼ ਦਿੰਦੀ ਹੈ। ਦੇਸ਼ ਦੀ ਮਿੱਟੀ ਨਾਲ ਜੋੜਦੀ ਹੈ। ਇਨਸਾਨ ਦੇ ਸੁਆਰਥ ਲੋਭ ਲਾਲਚ ਅਤੇ ਵਾਤਾਵਰਣ ਪ੍ਰਤੀ ਜ਼ਿੰਮੇਦਾਰੀ ਸਿਖਾਉਂਦੀ ਹੈ।

ਮੇਅਰ ਜੋਸ਼ੀ ਨੇ ਲੇਖਕ ਬਲਵਾਨ ਕਰਿਵਾਲ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਇਹ ਕਿਤਾਬ ਪਿਆਰ, ਵਿਅੰਗ, ਰਾਸ਼ਟਰ ਭਗਤੀ ਜਿਹੇ ਸਾਰੇ ਰੰਗਾਂ ਨਾਲ ਭਰਪੂਰ ਹੈ। ਪ੍ਰੈੱਸ ਕਲੱਬ ਦੇ ਪ੍ਰਧਾਨ ਸੌਰਭ ਦੁੱਗਲ ਨੇ ਲੇਖਕ ਬਲਵਾਨ ਕਰਿਵਾਲ ਨਾਲ ਕਿਤਾਬ 'ਤੇ ਚਰਚਾ ਕੀਤੀ। ਉਨ੍ਹਾਂ ਨੇ ਕਿਹਾ ਕਿ ਅਜਿਹੀਆਂ ਪੁਸਤਕਾਂ ਸਮਾਜ 'ਤੇ ਗਹਿਰਾ ਅਸਰ ਛੱਡਦੀਆਂ ਹਨ। ਪੱਤਰਕਾਰੀ ਧਰਮ ਨਿਭਾਉਂਦੇ ਹੋਏ ਅਜਿਹੇ ਪ੍ਰਯਾਸ ਸਿਰਜਣਾਤਮਕਤਾ ਨੂੰ ਵਧਾਉਂਦੇ ਹਨ।

ਖੁਸ਼ੀਆਂ ਤਿਜੌਰੀ ਵਿੱਚ ਬੰਦ ਨਹੀਂ ਹੁੰਦੀਆਂ ਕਿਤਾਬ ਬਾਰੇ ਜਾਣਕਾਰੀ ਦਿੰਦੇ ਹੋਏ ਲੇਖਕ ਬਲਵਾਨ ਕਰਿਵਾਲ ਨੇ ਦੱਸਿਆ ਕਿ ÷ਖੁਸ਼ਿਯੋਂ ਕੀ ਚਾਬੀ÷ ਇਸ ਭਾਵ ਨਾਲ ਸ਼ੁਰੂ ਹੁੰਦੀ ਹੈ ਕਿ ਖੁਸ਼ੀਆਂ ਕਿਸੇ ਤਿਜੌਰੀ ਵਿੱਚ ਬੰਦ ਨਹੀਂ ਹੁੰਦੀਆਂ, ਬਲਕਿ ਜੀਵਨ ਦੇ ਛੋਟੇ-ਛੋਟੇ ਪਲਾਂ ਵਿੱਚ ਖਿੰਡੀਆਂ ਰਹਿੰਦੀਆਂ ਹਨ ਅਤੇ ਜ਼ਰੂਰਤ ਸਿਰਫ਼ ਉਨ੍ਹਾਂ ਨੂੰ ਪਹਿਚਾਨਣ ਅਤੇ ਅੰਦਰ ਛੁਪੀ ਉਸ ਚਾਬੀ ਨੂੰ ਖੋਜਣ ਦੀ ਹੁੰਦੀ ਹੈ।

# ਇੰਡੀਅਨ ਬਿਲਡਿੰਗਸ ਕਾਂਗਰਸ ਨੇ ਹਾਈ ਰਾਇਜ਼ ਬਿਲਡਿੰਗਸ ਵਿੱਚ ਸੇਵਾਵਾਂ ਵਿਸ਼ੇ ਤੇ ਨੈਸ਼ਨਲ ਸੈਮੀਨਾਰ ਦਾ ਆਯੋਜਨ ਕੀਤਾ

**ਚੰਡੀਗੜ੍ਹ, 27 ਜੁਲਾਈ**
**-ਮਨੋਜ ਵਰਮਾ-**

ਇੰਡੀਅਨ ਬਿਲਡਿੰਗਸ ਕਾਂਗਰਸ (ਆਈਬੀਸੀ) ਦੀ ਸਰਪ੍ਰਸਤੀ ਵਿੱਚ ਆਈਬੀਸੀ ਚੰਡੀਗੜ੍ਹ ਅਤੇ ਹਰਿਆਣਾ ਸੈਂਟਰ, ਨੇ ਸ਼ਨੀਵਾਰ ਨੂੰ ਹੋਟਲ ਮਾਊਂਟਵਿਊ, ਸੈਕਟਰ 10, ਚੰਡੀਗੜ੍ਹ ਵਿਖੇ ÷ਹਾਈ ਰਾਇਜ਼ ਬਿਲਡਿੰਗਸ ਵਿੱਚ ਸੇਵਾਵਾਂ÷ ਵਿਸ਼ੇ 'ਤੇ ਆਪਣਾ ਮਿਡ-ਟਰਮ ਸੈਸ਼ਨ ਅਤੇ ਨੈਸ਼ਨਲ ਸੈਮੀਨਾਰ ਆਯੋਜਿਤ ਕੀਤਾ।



ਸੈਮੀਨਾਰ ਵਿੱਚ ਦੇਸ਼ ਭਰ ਤੋਂ ਇੰਜੀਨੀਅਰਾਂ, ਆਰਕੀਟੈਕਟਾਂ, ਯੋਜਨਾਕਾਰਾਂ, ਸਲਾਹਕਾਰਾਂ, ਸਿੱਖਿਆ ਸ਼ਾਸਤਰੀਆਂ, ਸਰਕਾਰੀ ਅਧਿਕਾਰੀਆਂ ਅਤੇ ਉਦਯੋਗ ਮਾਹਰਾਂ ਨੇ ਹਿੱਸਾ ਲਿਆ।

ਚੰਡੀਗੜ੍ਹ ਪ੍ਰਸ਼ਾਸਨ ਦੇ ਸਕੱਤਰ ਇੰਜੀਨੀਅਰਿੰਗ ਸ਼੍ਰੀਮਤੀ ਪ੍ਰੇਰਣਾ ਪੁਰੀ, ਆਈਏਐਸ ਨੇ ਮੁੱਖ ਮਹਿਮਾਨ ਦੇ ਰੂਪ ਵਿੱਚ ਪਰੰਪਰਾਗਤ ਦੀਪ ਜਗਾ ਕੇ ਸੈਮੀਨਾਰ ਦਾ ਉਦਘਾਟਨ ਕੀਤਾ। ਇਸ ਅਵਸਰ 'ਤੇ ਇੰਡੀਅਨ ਬਿਲਡਿੰਗਸ ਕਾਂਗਰਸ ਦੇ ਸੰਸਥਾਪਕ ਪ੍ਰਧਾਨ ਸ਼੍ਰੀ ਓ.ਪੀ. ਗੋਇਲ; ਆਈਬੀਸੀ ਦੇ ਪ੍ਰਧਾਨ ਸ਼੍ਰੀ ਸੀ. ਦੇਬਨਾਥ; ਆਈਬੀਸੀ ਦੇ ਉਪ ਪ੍ਰਧਾਨ ਸ਼੍ਰੀ ਟੋਲੀ ਬਸਰ; ਆਈਬੀਸੀ ਹਰਿਆਣਾ ਸੈਂਟਰ ਦੇ ਚੇਅਰਮੈਨ ਅਤੇ ਇੰਜੀਨੀਅਰ-ਇਨ-ਚੀਫ਼ ਸ਼੍ਰੀ ਅਨਿਲ ਕੁਮਾਰ ਦਹੀਆ; ਉਪ-ਪ੍ਰਧਾਨ ਅਤੇ ਆਨਰੇਰੀ ਸਕੱਤਰ, ਸ਼੍ਰੀ ਸੀ.ਬੀ. ਓਝਾ ਸਹਿਤ ਅਨੇਕ ਸੀਨੀਅਰ ਇੰਜੀਨੀਅਰ, ਆਰਕੀਟੈਕਟ ਅਤੇ ਵਿਸ਼ਿਸ਼ਟ ਪ੍ਰਤੀਨਿਧੀ ਉਪਸਥਿਤ ਰਹੇ।

ਇਕੱਠ ਨੂੰ ਸੰਬੋਧਨ ਕਰਦੇ ਹੋਏ, ਮੁੱਖ ਮਹਿਮਾਨ ਸ਼੍ਰੀਮਤੀ ਪ੍ਰੇਰਣਾ ਪੁਰੀ ਨੇ ਇਸ ਮਹੱਤਵਪੂਰਨ ਵਿਸ਼ੇ 'ਤੇ ਸੈਮੀਨਾਰ ਆਯੋਜਿਤ ਕਰਨ ਲਈ ਇੰਡੀਅਨ ਬਿਲਡਿੰਗਸ ਕਾਂਗਰਸ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਕਿਹਾ ਕਿ ਤੀਬਰ ਸ਼ਹਿਰੀਕਰਣ ਅਤੇ ਬਹੁਮੰਜ਼ਿਲਾ ਇਮਾਰਤਾਂ ਦੇ ਵਧਦੇ ਨਿਰਮਾਣ ਦੇ ਕਾਰਨ ਸੁਰੱਖਿਅਤ, ਊਰਜਾ ਦਕਸ਼, ਟਿਕਾਊ ਅਤੇ ਸੁਵਿਧਾਜਨਕ ਭਵਨ ਸੇਵਾਵਾਂ ਦਾ ਮਹੱਤਵ ਲਗਾਤਾਰ ਵਧ ਰਿਹਾ ਹੈ।ਉਨ੍ਹਾਂ ਨੇ ਸਮਾਰਟ ਅਤੇ ਵਾਤਾਵਰਣ ਅਨੁਕੂਲ ਸ਼ਹਿਰੀ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਆਧੁਨਿਕ ਤਕਨੀਕਾਂ, ਏਕੀਕ੍ਰਿਤ ਯੋਜਨਾ ਅਤੇ ਸੁਰੱਖਿਆ ਮਿਆਰਾਂ ਦੇ ਸਖ਼ਤੀ ਨਾਲ ਪਾਲਨ ਦੀ ਜ਼ਰੂਰਤ 'ਤੇ ਬਲ ਦਿੱਤਾ। ਉਨ੍ਹਾਂ ਨੇ ਟਿਕਾਊ ਸ਼ਹਿਰੀ ਵਿਕਾਸ ਵਿੱਚ ਇੰਜੀਨੀਅਰਾਂ, ਆਰਕੀਟੈਕਟਾਂ ਅਤੇ ਤਕਨੀਕੀ ਮਾਹਰਾਂ ਦੀ ਮਹੱਤਵਪੂਰਨ ਭੂਮਿਕਾ ਦੀ ਵੀ ਸ਼ਲਾਘਾ ਕੀਤੀ।ਸੈਮੀਨਾਰ ਵਿੱਚ ਗ੍ਰੀਨ ਬਿਲਡਿੰਗ ਜ਼ਰੂਰਤਾਂ, ਮਕੈਨੀਕਲ, ਇਲੈਕਟ੍ਰੀਕਲ ਅਤੇ ਪਲੰਬਿੰਗ (ਐੱਮਈਪੀ) ਸੇਵਾਵਾਂ ਵਿੱਚ ਇਨੋਵੇਸ਼ਨਸ, ਹਾਈ ਰਾਇਜ਼ ਬਿਲਡਿੰਗਾਂ ਵਿੱਚ ਅਗਨੀ ਰੱਖਿਆ ਸੇਵਾਵਾਂ ਅਤੇ ਭਵਨ ਰੱਖ-ਰਖਾਅ ਸੇਵਾਵਾਂ ਦੇ ਆਟੋਮੇਸ਼ਨ ਅਤੇ ਨਿਯੰਤਰਣ ਜਿਹੇ ਵਿਸ਼ਿਆਂ 'ਤੇ ਤਕਨੀਕੀ ਸੈਸ਼ਨ ਆਯੋਜਿਤ ਕੀਤੇ ਗਏ।

ਮਾਹਰਾਂ, ਸਿੱਖਿਆ ਸ਼ਾਸਤਰੀਆਂ ਅਤੇ ਉਦਯੋਗ ਜਗਤ ਦੇ ਸੀਨੀਅਰ ਪੇਸ਼ੇਵਰਾਂ ਨੇ ਪ੍ਰਤੱਖ ਅਤੇ ਵਰਚੁਅਲ ਮੋਡ ਨਾਲ ਤਕਨੀਕੀ ਪ੍ਰਸਤੁਤੀਆਂ ਦਿੱਤੀਆਂ ਅਤੇ ਹਾਈ ਰਾਇਜ਼ ਭਵਨਾਂ ਦੀ ਯੋਜਨਾ, ਡਿਜ਼ਾਈਨ, ਨਿਰਮਾਣ, ਸੰਚਾਲਨ, ਸੁਰੱਖਿਆ, ਊਰਜਾ ਦਕਸ਼ਤਾ ਅਤੇ ਰੱਖ-ਰਖਾਅ ਨਾਲ ਜੁੜੇ ਆਪਣੇ ਅਨੁਭਵ, ਅਧਿਐਨ ਅਤੇ ਬਿਹਤਰੀਨ ਪਿਰਤਾਂ ਸਾਂਝੀਆਂ ਕੀਤੀਆਂ।

ਵਿਚਾਰ-ਵਟਾਂਦਰੇ ਦੇ ਦੌਰਾਨ ਬੁੱਧੀਮਾਨ ਭਵਨ ਪ੍ਰਬੰਧਨ ਪ੍ਰਣਾਲੀਆਂ, ਊਰਜਾ ਸੰਭਾਲ਼, ਗ੍ਰੀਨ ਬਿਲਡਿੰਗ ਟੈਕਨੋਲੋਜੀ, ਉੱਨਤ ਅਗਨੀ ਸੁਰੱਖਿਆ ਪ੍ਰਣਾਲੀ, ਵਰਟੀਕਲ ਟ੍ਰਾਂਸਪੋਰਟੇਸ਼ਨ, ਐੱਚਵੀਏਸੀ ਪ੍ਰਣਾਲੀ, ਸਮਾਰਟ ਆਟੋਮੇਸ਼ਨ, ਡਿਜੀਟਲ ਨਿਗਰਾਨੀ ਅਤੇ ਪ੍ਰੇਡਕਟਿਵ ਮੇਂਟੇਨੈਂਸ (ਰੱਖ-ਰਖਾਅ) ਜਿਹੇ ਵਿਸ਼ਿਆਂ 'ਤੇ ਵਿਸਤਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਨਾਲ ਹੀ ਵਿਭਿੰਨ ਭਵਨ ਸੇਵਾਵਾਂ ਦੇ ਏਕੀਕਰਣ, ਪਰਿਚਾਲਨ ਦਕਸ਼ਤਾ, ਸੁਰੱਖਿਆ ਅਤੇ ਵਾਤਾਵਰਣਕ ਸਥਿਰਤਾ ਨਾਲ ਜੁੜੀਆਂ ਚੁਣੌਤੀਆਂ 'ਤੇ ਵੀ ਚਰਚਾ ਹੋਈ। ਪ੍ਰਤੀਭਾਗੀਆਂ ਨੇ ਡਿਜ਼ਾਈਨ ਮਿਆਰਾਂ, ਬਿਲਡਿੰਗ ਕੋਡਸ ਦੇ ਅਨੁਪਾਲਨ, ਲਾਗੂਕਰਨ ਸਬੰਧੀ ਚੁਣੌਤੀਆਂ ਅਤੇ ਰੱਖ-ਰਖਾਅ ਪ੍ਰਕਿਰਿਆਵਾਂ ਨਾਲ ਜੁੜੇ ਵਿਭਿੰਨ ਵਿਵਹਾਰਿਕ ਪ੍ਰਸ਼ਨ ਮਾਹਰਾਂ ਦੇ ਸਾਹਮਣੇ ਰੱਖੇ।

# ਵਿਧਾਇਕ ਭਰਾਜ ਨੇ ਪਿੰਡਾਂ ਦੇ ਵਿਕਾਸ ਲਈ 01 ਕਰੋੜ 14 ਲੱਖ ਰੁਪਏ ਦੇ ਚੈਕ ਸੌਂਪ

**ਸੰਗਰੂਰ, 27 ਜੁਲਾਈ**
**-ਜਗਦੇਵ ਰੰਚਨਾਂ-**

ਹਲਕਾ ਸੰਗਰੂਰ ਦੀ ਵਿਧਾਇਕ ਸ੍ਰੀਮਤੀ ਨਰਿੰਦਰ ਕੌਰ ਭਰਾਜ ਨੇ ਅੱਜ ਪਿੰਡ ਮੰਗਵਾਲ, ਸਾਰੋਂ, ਫੱਗੂਵਾਲਾ, ਨਦਾਮਪੁਰ ਅਤੇ ਚੰਨੋ ਵਿਖੇ ਲੋਕ ਮਿਲਣੀਆਂ ਕਰ ਕੇ ਪਿੰਡ ਵਾਸੀਆਂ ਨਾਲ ਵਿਚਾਰ ਵਟਾਂਦਰਾ ਕੀਤਾ। ਇਸ ਦੌਰਾਨ ਉਨ੍ਹਾਂ ਨੇ ਲੋਕਾਂ ਦੀਆਂ ਸਮੱਸਿਆਵਾਂ ਅਤੇ ਸੁਝਾਅ ਧਿਆਨ ਨਾਲ ਸੁਣੇ ਅਤੇ ਸਬੰਧਤ ਅਧਿਕਾਰੀਆਂ ਨੂੰ ਲੋਕਾਂ ਦੇ ਮਸਲਿਆਂ ਦਾ ਸਮੇਂ ਸਿਰ ਅਤੇ ਤਰਜੀਹ ਦੇ ਆਧਾਰ 'ਤੇ ਨਿਪਟਾਰਾ ਕਰਨ ਲਈ ਹਦਾਇਤਾਂ ਦਿੱਤੀਆਂ।




ਇਸ ਮੌਕੇ ਵਿਧਾਇਕ ਨੇ 'ਰੰਗਲਾ ਪੰਜਾਬ ਸਕੀਮ' ਤਹਿਤ ਪਿੰਡਾਂ ਦੇ ਵਿਕਾਸ ਕਾਰਜਾਂ ਲਈ ਗ੍ਰਾਂਟਾਂ ਦੇ ਚੈੱਕ ਵੀ ਭੇਟ ਕੀਤੇ। ਉਨ੍ਹਾਂ ਨੇ ਪਿੰਡ ਮੰਗਵਾਲ ਨੂੰ 28 ਲੱਖ ਰੁਪਏ, ਸਾਰੋਂ ਨੂੰ 31 ਲੱਖ ਰੁਪਏ, ਨਦਾਮਪੁਰ ਨੂੰ 20 ਲੱਖ ਰੁਪਏ, ਚੰਨੋ ਨੂੰ 18 ਲੱਖ ਰੁਪਏ ਅਤੇ ਫੱਗੂਵਾਲਾ ਨੂੰ 17 ਲੱਖ ਰੁਪਏ ਦੇ ਚੈੱਕ ਸੌਂਪੇ। ਉਨ੍ਹਾਂ ਕਿਹਾ ਕਿ ਇਹ ਰਾਸ਼ੀ ਪਿੰਡਾਂ ਵਿੱਚ ਲੋੜ ਅਨੁਸਾਰ ਵਿਕਾਸ ਕਾਰਜਾਂ 'ਤੇ ਖਰਚ ਕੀਤੀ ਜਾਵੇਗੀ, ਜਿਸ ਨਾਲ ਪੇਂਡੂ ਵਸਨੀਕਾਂ ਨੂੰ ਸਿੱਧਾ ਲਾਭ ਮਿਲੇਗਾ।ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਨੂੰ ਘਰ-ਘਰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਅਤੇ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸਿੱਖਿਆ, ਸਿਹਤ, ਬੁਨਿਆਦੀ ਢਾਂਚੇ, ਪੀਣ ਵਾਲੇ ਪਾਣੀ, ਸੀਵਰੇਜ, ਸੜਕਾਂ ਅਤੇ ਹੋਰ ਵਿਕਾਸ ਕਾਰਜਾਂ ਲਈ ਵੱਡੇ ਪੱਧਰ 'ਤੇ ਫੰਡ ਜਾਰੀ ਕੀਤੇ ਜਾ ਰਹੇ ਹਨ, ਤਾਂ ਜੋ ਹਰ ਪਿੰਡ ਨੂੰ ਵਿਕਾਸ ਪੱਖੋਂ ਮਜ਼ਬੂਤ ਬਣਾਇਆ ਜਾ ਸਕੇ।

ਉਨ੍ਹਾਂ ਨੇ ਲੋਕਾਂ ਨੂੰ ਪੰਜਾਬ ਸਰਕਾਰ ਦੀਆਂ ਵੱਖ-ਵੱਖ ਲੋਕ ਭਲਾਈ ਸਕੀਮਾਂ ਬਾਰੇ ਵੀ ਜਾਣੂ ਕਰਵਾਇਆ ਅਤੇ ਅਪੀਲ ਕੀਤੀ ਕਿ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈਣ।

ਉਨ੍ਹਾਂ ਨੇ ਭਰੋਸਾ ਦਿੱਤਾ ਕਿ ਹਲਕਾ ਸੰਗਰੂਰ ਦੇ ਹਰ ਪਿੰਡ ਦਾ ਵਿਕਾਸ ਬਿਨਾਂ ਕਿਸੇ ਭੇਦਭਾਵ ਤੋਂ ਕਰਵਾਇਆ ਜਾ ਰਿਹਾ ਹੈ ਅਤੇ ਲੋਕਾਂ ਦੀਆਂ ਉਮੀਦਾਂ 'ਤੇ ਪੂਰਾ ਉਤਰਨ ਲਈ ਉਹ ਲਗਾਤਾਰ ਲੋਕਾਂ ਵਿਚਕਾਰ ਰਹਿ ਕੇ ਕੰਮ ਕਰਦੇ ਰਹਿਣਗੇ।


SEA DESIGN COMPANY
Customized and Designer



- Wedding Invitations - Shagan Envelop
- Wedding Boxes & Cards - Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING SERVICE
★ Business Cards ★ Books & Note Books
★ Flyers & Broucher ★ Diaries
★ Poster ★ Carry Bags
Opp. Gurudwara Dukhniwaran Sahib Srihind Road, Patiala

# ਪੰਜਾਬ ਵਿੱਚ ਬਿਨਾਂ ਕੈਸ਼ ਤੇ ਫ਼ਰਮਾਇਸ਼ ਤੋਂ ਸਿਰਫ਼ ਯੋਗਤਾ ਦੇ ਅਧਾਰ ’ਤੇ ਸਰਕਾਰੀ ਨੌਕਰੀਆਂ ਦਿੱਤੀਆਂ ਜਾਂਦੀਆਂ ਹਨ: ਭਗਵੰਤ ਸਿੰਘ ਮਾਨ

**➢ ਸਾਢੇ ਚਾਰ ਸਾਲਾਂ ਵਿੱਚ ਪੰਜਾਬ ’ਚ ਕੋਈ ਵੀ ਪੇਪਰ ਲੀਕ ਨਾ ਹੋਣਾ ਮਾਣ ਵਾਲੀ ਗੱਲ ➢ ਸਰਕਾਰ ਨੇ ਫਾਰਮੇਸੀ ਅਫਸਰਾਂ ਦੀ ਭਰਤੀ ਪ੍ਰੀਖਿਆ ਵਿੱਚ ਨਕਲ ਦੀ ਕੋਸ਼ਿਸ਼ ਵਿਰੁੱਧ ਤੁਰੰਤ ਕਾਰਵਾਈ ਕੀਤੀ, 21 ਦੋਸ਼ੀਆਂ ਨੂੰ ਜੇਲ੍ਹ ਭੇਜਿਆ: ਮੁੱਖ ਮੰਤਰੀ**

**ਚੰਡੀਗੜ੍ਹ, 27 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**




ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਅਜਿਹੀ ਵਿਵਸਥਾ ਕਾਇਮ ਕੀਤੀ ਗਈ ਹੈ ਜਿੱਥੇ ਪੈਸੇ ਅਤੇ ਸਿਫ਼ਾਰਸ਼ਾਂ ਦੀ ਥਾਂ ਸਿਰਫ਼ ਯੋਗਤਾ ਦੇ ਆਧਾਰ ‘ਤੇ ਨੌਕਰੀਆਂ ਦਿੱਤੀਆਂ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਰਿਕਾਰਡ 882 ਵਿਦਿਆਰਥੀਆਂ ਨੇ ਸਾਲ 2026 ਦੀ ਨੀਟ (ਨੈਸ਼ਨਲ ਐਲੀਜਿਬਿਲੀਟੀ-ਕਮ-ਐਂਟਰੈਂਸ ਟੈਸਟ) ਪ੍ਰੀਖਿਆ ਪਾਸ ਕੀਤੀ ਹੈ ਅਤੇ ਪਾਰਦਰਸ਼ੀ ਭਰਤੀ ਪ੍ਰਕਿਰਿਆ ਰਾਹੀਂ ਸਿਰਫ਼ ਯੋਗਤਾ ਦੇ ਆਧਾਰ ’ਤੇ 68,000 ਤੋਂ ਵੱਧ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਹਨ, ਜੋ ਕਿ ਸੂਬਾ ਸਰਕਾਰ ਦੀ ਇਮਾਨਦਾਰੀ, ਪਾਰਦਰਸ਼ਤਾ ਅਤੇ ਬਰਾਬਰ ਮੌਕੇ ਪ੍ਰਦਾਨ ਕਰਨ ਪ੍ਰਤੀ ਦ੍ਰਿੜ ਵਚਨਬੱਧਤਾ ਦਾ ਪ੍ਰਤੱਖ ਪ੍ਰਮਾਣ ਹਨ।

ਜ਼ੀਰਕਪੁਰ ਵਿਖੇ ਕਰਵਾਏ ਗਏ ਸਮਾਰੋਹ ਦੌਰਾਨ ਨੀਟ ਪਾਸ ਕਰਨ ਵਾਲੇ ਉਮੀਦਵਾਰਾਂ ਨੂੰ ਸਨਮਾਨਿਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਇਤਿਹਾਸਕ ਪ੍ਰਾਪਤੀ ਸੂਬਾ ਸਰਕਾਰ ਵੱਲੋਂ ਮਿਆਰੀ ਸਿੱਖਿਆ, ਮੁਫ਼ਤ ਕੋਚਿੰਗ, ਮੈਂਟੋਰਸ਼ਿਪ ਅਤੇ ਕਰੀਅਰ ਕੌਂਸਲਿੰਗ ਨੂੰ ਦਿੱਤੀ ਜਾ ਰਹੀ ਤਰਜੀਹ ਸਦਕਾ ਹੀ ਸੰਭਵ ਹੋਈ ਹੈ, ਜਿਸ ਨਾਲ ਸੂਬੇ ਦੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਦੇਸ਼ ਦੇ ਬਿਹਤਰ ਵਿਦਿਆਰਥੀਆਂ ਨਾਲ ਮੁਕਾਬਲਾ ਕਰਨ ਦੇ ਯੋਗ ਬਣਾਇਆ ਗਿਆ ਹੈ ਅਤੇ ਰੰਗਲਾ ਪੰਜਾਬ ਦੀ ਮਜ਼ਬੂਤ ਨੀਂਹ ਰੱਖੀ ਗਈ ਹੈ।

ਸਨਮਾਨ ਸਮਾਰੋਹ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਨੀਟ-2026 ਪਾਸ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਅਤੇ ਉਨ੍ਹਾਂ ਨਾਲ ਗੱਲਬਾਤ ਕੀਤੀ। ਯਾਦਗਾਰ ਪਲ ਵਜੋਂ ਕਈ ਵਿਦਿਆਰਥੀਆਂ ਨੇ ਮੁੱਖ ਮੰਤਰੀ ਦਾ ਆਟੋਗ੍ਰਾਫ ਮੰਗਿਆ ਅਤੇ ਮੁੱਖ ਮੰਤਰੀ ਨੇ ਬੜੇ ਪਿਆਰ ਨਾਲ ਵਿਦਿਆਰਥੀਆਂ ਨੂੰ ਆਪਣਾ ਆਟੋਗ੍ਰਾਫ ਦਿੱਤਾ। ਵਿਦਿਆਰਥੀਆਂ ਨੇ ਬੜੇ ਪਿਆਰ ਨਾਲ ਧੰਨਵਾਦ ਕਰਦਿਆਂ ਹੱਥ ਨਾਲ ਬਣਾਏ ਮੁੱਖ ਮੰਤਰੀ ਦੇ ਚਿੱਤਰ ਵੀ ਉਨ੍ਹਾਂ ਨੂੰ ਭੇਟ ਕੀਤੇ, ਜਿਸ ਨਾਲ ਇਹ ਪਲ ਹੋਰ ਵੀ ਖਾਸ ਬਣ ਗਿਆ।

ਸਨਮਾਨ ਸਮਾਰੋਹ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ‘ਐਕਸ’ ਅਕਾਊਂਟ ’ਤੇ ਕਿਹਾ: ਪੰਜਾਬ ਦੇ ਸਰਕਾਰੀ ਸਕੂਲਾਂ ਦੇ ਹੋਣਹਾਰ ਵਿਦਿਆਰਥੀਆਂ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਜਦੋਂ ਬੱਚਿਆਂ ਨੂੰ ਬਿਹਤਰ ਮੌਕੇ ਤੇ ਮਿਆਰੀ ਸਿੱਖਿਆ ਪ੍ਰਦਾਨ ਕੀਤੀ ਦਿੱਤੀ ਜਾਂਦੀ ਹੈ ਤਾਂ ਕੋਈ ਵੀ ਸੁਪਨਾ ਉਨ੍ਹਾਂ ਦੀ ਪਹੁੰਚ ਤੋਂ ਦੂਰ ਨਹੀਂ ਰਹਿੰਦਾ। ਇਸ ਸਾਲ ਪਹਿਲੀ ਵਾਰ ਸਾਡੇ ਸਰਕਾਰੀ ਸਕੂਲਾਂ ਦੇ 882 ਵਿਦਿਆਰਥੀਆਂ ਨੇ ਨੀਟ ਪ੍ਰੀਖਿਆ ਪਾਸ ਕਰਕੇ ਇਤਿਹਾਸ ਰਚਿਆ ਹੈ। ਨੀਟ ਪ੍ਰੀਖਿਆ ਵਿੱਚ ਆਲ ਇੰਡੀਆ ਰੈਂਕ-1 ਪ੍ਰਾਪਤ ਕਰਨ ਵਾਲਾ ਆਰੀਅਨ ਗੁਪਤਾ ਵੀ ਪੰਜਾਬ ਦਾ ਪੁੱਤਰ ਹੈ ਜਿਸ ਨਾਲ ਸੂਬਾ ਦਾ ਮਾਣ ਹੋ ਵੱਧ ਗਿਆ ਹੈ।

ਉਨ੍ਹਾਂ ਅਖੀਰ ਵਿੱਚ ਕਿਹਾ, ਇਹ ਸ਼ਾਨਦਾਰ ਪ੍ਰਾਪਤੀ ਸਾਡੇ ਵਿਦਿਆਰਥੀਆਂ ਦੀ ਤਨਦੇਹੀ, ਉਨ੍ਹਾਂ ਦੇ ਮਾਪਿਆਂ ਦੇ ਅਟੁੱਟ ਸਹਿਯੋਗ ਅਤੇ ਸਾਡੇ ਅਧਿਆਪਕਾਂ ਦੇ ਅਣਥੱਕ ਯਤਨਾਂ ਦਾ ਨਤੀਜਾ ਹੈ। ਸਾਡੀ ਸਰਕਾਰ ਇਹ ਯਕੀਨੀ ਬਣਾਉਣ ਲਈ ਵਚਨਬੱਧ ਹੈ ਕਿ ਹਰ ਬੱਚੇ ਨੂੰ ਵੱਡੇ ਸੁਪਨੇ ਦੇਖਣ ਅਤੇ ਉਨ੍ਹਾਂ ਸੁਪਨਿਆਂ ਨੂੰ ਹਕੀਕਤ ਵਿੱਚ ਬਦਲਣ ਲਈ ਲੋੜੀਂਦੇ ਮੌਕੇ, ਸਰੋਤ ਅਤੇ ਸਹਾਇਤਾ ਮਿਲੇ। ਸਿੱਖਿਆ ਵਿੱਚ ਇਹ ਤਬਦੀਲੀ ਰੰਗਲਾ ਪੰਜਾਬ ਦੀ ਅਸਲ ਨੀਂਹ ਹੈ।

ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅੱਜ ਸਾਡੇ ਸਾਰਿਆਂ ਲਈ ਬੇਹੱਦ ਮਾਣ ਵਾਲੇ ਪਲ ਹਨ। ਮੈਂ ਇਸ ਸ਼ਾਨਦਾਰ ਪ੍ਰਾਪਤੀ ਲਈ ਨੀਟ ਪ੍ਰੀਖਿਆ ਪਾਸ ਕਰਨ ਵਾਲੇ ਹਰੇਕ ਵਿਦਿਆਰਥੀ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੰਦਾ ਹਾਂ। ਮੈਨੂੰ ਉਮੀਦ ਹੈ ਕਿ ਇਹ ਨੌਜਵਾਨ ਸਮਰਪਿਤ ਡਾਕਟਰ ਬਣਨਗੇ ਅਤੇ ਪੂਰੀ ਤਨਦੇਹੀ ਨਾਲ ਸਮਾਜ ਦੀ ਸੇਵਾ ਕਰਨਗੇ।

ਮੁੱਖ ਮੰਤਰੀ ਨੇ ਕਿਹਾ, ਸਾਲ 2022 ਵਿੱਚ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਸਿਰਫ਼ 82 ਵਿਦਿਆਰਥੀਆਂ ਨੇ ਨੀਟ ਪ੍ਰੀਖਿਆ ਪਾਸ ਕੀਤੀ ਸੀ। ਇਸ ਸਾਲ ਇਹ ਗਿਣਤੀ 882 ਹੋ ਗਈ ਹੈ। ਇਹ ਪੰਜਾਬ ਲਈ ਇਤਿਹਾਸਕ ਪ੍ਰਾਪਤੀ ਹੈ ਜੋ ਸਾਡੀ ਸਿੱਖਿਆ ਪ੍ਰਣਾਲੀ ਵਿੱਚ ਕੀਤੇ ਗਏ ਕ੍ਰਾਂਤੀਕਾਰੀ ਬਦਲਾਅ ਨੂੰ ਦਰਸਾਉਂਦੀ ਹੈ।

ਮੁੱਖ ਮੰਤਰੀ ਨੇ ਕਿਹਾ, ਇਸ ਸਾਲ ਦੇਸ਼ ਭਰ ਤੋਂ ਲਗਭਗ 20 ਲੱਖ ਵਿਦਿਆਰਥੀਆਂ ਨੇ ਨੀਟ ਪ੍ਰੀਖਿਆ ਦਿੱਤੀ ਸੀ। ਸਾਡੇ ਵਿਦਿਆਰਥੀਆਂ ਨੇ ਦੇਸ਼ ਦੀਆਂ ਸਭ ਤੋਂ ਔਖੀਆਂ ਪ੍ਰੀਖਿਆਵਾਂ ਵਿੱਚੋਂ ਇੱਕ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਪੰਜਾਬ ਦਾ ਮਾਣ ਵਧਾਇਆ ਹੈ। ਸਫਲ ਵਿਦਿਆਰਥੀਆਂ ਦੀ ਗਿਣਤੀ ਹੋਰ ਵੀ ਵੱਧ ਹੋ ਸਕਦੀ ਸੀ, ਪਰ ਪ੍ਰੀਖਿਆ ਪੇਪਰ ਲੀਕ ਹੋਣ ਕਾਰਨ ਬਹੁਤ ਸਾਰੇ ਯੋਗ ਵਿਦਿਆਰਥੀਆਂ ਨੂੰ ਹਰਜਾਨਾ ਭੁਗਤਣਾ ਪਿਆ।

ਉਨ੍ਹਾਂ ਕਿਹਾ, ਇਹ ਦੁੱਖ ਦੀ ਗੱਲ ਹੈ ਕਿ ਪੇਪਰ ਲੀਕ ਹੋਣ ਕਾਰਨ ਬਹੁਤ ਸਾਰੇ ਵਿਦਿਆਰਥੀ ਹਤਾਸ਼ ਹੋ ਗਏ ਅਤੇ ਕੁਝ ਨੇ ਤਾਂ ਪ੍ਰੀਖਿਆ ਨਾ ਦੇਣ ਦਾ ਵੀ ਫੈਸਲਾ ਕੀਤਾ। ਬਦਕਿਸਮਤੀ ਨਾਲ ਇਹ ਪਹਿਲੀ ਅਜਿਹੀ ਘਟਨਾ ਨਹੀਂ ਹੈ। ਦੇਸ਼ ਵਿੱਚ 2017, 2024 ਅਤੇ ਹੁਣ ਫਿਰ 2026 ਵਿੱਚ ਪੇਪਰ ਲੀਕ ਦੀਆਂ ਘਟਨਾਵਾਂ ਦੇਖਣ ਨੂੰ ਮਿਲੀਆਂ। ਇਹ ਕੇਂਦਰ ਸਰਕਾਰ ਦੀ ਅਸਫਲਤਾ ਹੈ ਅਤੇ ਇਹ ਬੇਹੱਦ ਨਿੰਦਣਯੋਗ ਹੈ ਅਤੇ ਇਸ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।

ਕੌਮੀ ਪੱਧਰ ਦੀ ਤੁਲਨਾ ਪੰਜਾਬ ਦੇ ਰਿਕਾਰਡ ਨਾਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ, ਸਾਡੀ ਸਰਕਾਰ ਨੂੰ ਸੱਤਾ ਸੰਭਾਲੇ ਚਾਰ ਸਾਲ ਤੋਂ ਵੱਧ ਸਮਾਂ ਹੋ ਗਿਆ ਹੈ ਅਤੇ ਪੰਜਾਬ ਵਿੱਚ ਇੱਕ ਵੀ ਪ੍ਰੀਖਿਆ ਪੇਪਰ ਲੀਕ ਨਹੀਂ ਹੋਇਆ ਹੈ। ਹਾਲ ਹੀ ਵਿੱਚ, ਜਦੋਂ ਫਾਰਮੇਸੀ ਅਫਸਰ ਦੀ ਭਰਤੀ ਪ੍ਰੀਖਿਆ ਵਿੱਚ ਨਕਲ ਦੀ ਕੋਸ਼ਿਸ਼ ਸਾਡੇ ਧਿਆਨ ਵਿੱਚ ਆਈ, ਤਾਂ ਅਸੀਂ ਤੁਰੰਤ ਕਾਰਵਾਈ ਕੀਤੀ।

ਮੁੱਖ ਮੰਤਰੀ ਨੇ ਕਿਹਾ, ਨਕਲ ਕਰਵਾਉਣ ਵਾਲੇ ਰੈਕੇਟ ਵਿੱਚ ਸ਼ਾਮਲ ਸਾਰੇ ਲੋਕਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਇਸ ਮਾਮਲੇ ਵਿੱਚ 21 ਵਿਅਕਤੀਆਂ ਨੂੰ ਜੇਲ੍ਹ ਭੇਜ ਦਿੱਤਾ ਗਿਆ ਹੈ। ਮੈਂ ਪੰਜਾਬ ਦੇ ਹਰ ਨੌਜਵਾਨ ਨੂੰ ਭਰੋਸਾ ਦਿਵਾਉਂਦਾ ਹਾਂ ਕਿ ਇਹ ਸਰਕਾਰ ਕਦੇ ਵੀ ਪੇਪਰ ਲੀਕ ਜਾਂ ਨਕਲ ਦੀ ਇਕ ਵੀ ਘਟਨਾ ਨਾਲ ਉਨ੍ਹਾਂ ਦੇ ਭਵਿੱਖ ਨੂੰ ਕਦੇ ਵੀ ਦਾਅ ’ਤੇ ਨਹੀਂ ਲਾਉਣ ਦੇਵੇਗੀ।

ਸੂਬੇ ਦੀ ਪਾਰਦਰਸ਼ੀ ਭਰਤੀ ਨੀਤੀ ’ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਵਿੱਚ ਸਿਰਫ਼ ਯੋਗਤਾ ਦੇ ਅਧਾਰ ’ਤੇ ਹੀ ਸਰਕਾਰੀ ਨੌਕਰੀਆਂ ਦਿੱਤੀਆਂ ਜਾਂਦੀਆਂ ਹਨ। ਪੂਰੀ ਤਰ੍ਹਾਂ ਪਾਰਦਰਸ਼ੀ ਭਰਤੀ ਪ੍ਰਕਿਰਿਆ ਰਾਹੀਂ ਨੌਜਵਾਨਾਂ ਨੂੰ ਪਹਿਲਾਂ ਹੀ 68,000 ਤੋਂ ਵੱਧ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਜਾ ਚੁੱਕੀਆਂ ਹਨ ਅਤੇ ਇਸ ਵਿੱਚ ਕਿਸੇ ਸਿਫਾਰਸ਼, ਕਿਸੇ ਰਿਸ਼ਵਤ ਅਤੇ ਕਿਸੇ ਵੀ ਪੱਖਪਾਤ ਲਈ ਕੋਈ ਥਾਂ ਨਹੀਂ ਹੈ। ਸਰਕਾਰੀ ਨੌਕਰੀਆਂ ਸਿਰਫ਼ ਯੋਗਤਾ ਦੇ ਆਧਾਰ ’ਤੇ ਦਿੱਤੀਆਂ ਜਾਂਦੀਆਂ ਹਨ। ਕੁਝ ਉਮੀਦਵਾਰਾਂ ਨੇ ਆਪਣੀ ਯੋਗਤਾ ਨਾਲ ਕਈ ਵਾਰ ਸਰਕਾਰੀ ਨੌਕਰੀਆਂ ਪ੍ਰਾਪਤ ਕੀਤੀਆਂ ਹਨ ਅਤੇ ਬਹੁਤ ਸਾਰੇ ਪੰਜਾਬੀ ਨੌਜਵਾਨ ਹੁਣ ਵਿਦੇਸ਼ਾਂ ਤੋਂ ਪੰਜਾਬ ਵਿੱਚ ਕੰਮ ਕਰਨ ਲਈ ਵਾਪਸ ਆ ਰਹੇ ਹਨ।

ਮੁੱਖ ਮੰਤਰੀ ਨੇ ਕਿਹਾ, ਸਾਡੀ ਸਰਕਾਰ ਵਿਦਿਆਰਥੀਆਂ ਨੂੰ ਸਖ਼ਤ ਮੁਕਾਬਲੇ ਲਈ ਤਿਆਰ ਕਰ ਰਹੀ ਹੈ। ਅੱਜ, ਵਿਦਿਆਰਥੀ ਵਧੇਰੇ ਚੁਣੌਤੀਪੂਰਨ ਪ੍ਰੀਖਿਆਵਾਂ ਦੀ ਮੰਗ ਕਰ ਰਹੇ ਹਨ ਕਿਉਂਕਿ ਉਨ੍ਹਾਂ ਨੂੰ ਆਪਣੀ ਯੋਗਤਾ ’ਤੇ ਭਰੋਸਾ ਹੈ। ਵਿਦਿਆਰਥੀ ਪਹਿਲਾਂ ਆਸਾਨ ਪੇਪਰ ਚਾਹੁੰਦੇ ਸਨ ਪਰ ਹੁਣ ਸਥਿਤੀ ਪੂਰੀ ਤਰ੍ਹਾਂ ਬਦਲ ਚੁੱਕੀ ਹੈ।

ਮੁੱਖ ਮੰਤਰੀ ਨੇ ਕਿਹਾ, ਸਿੱਖਿਆ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ, ਅਸੀਂ ਅਧਿਆਪਕਾਂ ਨੂੰ ਆਧੁਨਿਕ ਸਿਖਲਾਈ ਲਈ ਫਿਨਲੈਂਡ ਅਤੇ ਆਈ.ਆਈ.ਐਮ. (ਇੰਡੀਅਨ ਇੰਸਟੀਚਿਊਟ ਆਫ ਮੈਨੇਜਮੈਂਟ) ਵਰਗੀਆਂ ਪ੍ਰਮੁੱਖ ਸੰਸਥਾਵਾਂ ਵਿੱਚ ਭੇਜ ਰਹੇ ਹਾਂ ਤਾਂ ਜੋ ਉਹ ਆਪਣੇ ਹੁਨਰ ਨੂੰ ਹੋਰ ਨਿਖਾਰ ਸਕਣ ਅਤੇ ਸਾਡੇ ਵਿਦਿਆਰਥੀਆਂ ਨੂੰ ਵਿਸ਼ਵ ਪੱਧਰੀ ਸਿੱਖਿਆ ਪ੍ਰਦਾਨ ਕਰ ਸਕਣ। ਉਨ੍ਹਾਂ ਅੱਗੇ ਕਿਹਾ, ਇਨ੍ਹਾਂ ਯਤਨਾਂ ਦੇ ਸਪੱਸ਼ਟ ਨਤੀਜੇ ਸਾਹਮਣੇ ਆ ਰਹੇ ਹਨ ਕਿਉਂਕਿ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਨੀਟ ਵਰਗੀਆਂ ਵੱਕਾਰੀ ਪ੍ਰੀਖਿਆਵਾਂ ਪਾਸ ਕਰ ਰਹੇ ਹਨ। ਸਫ਼ਲਤਾ ਹਾਸਲ ਕਰਕੇ ਕਿਸੇ ਵਿੱਚ ਹੰਕਾਰ ਨਹੀਂ ਆਉਣਾ ਚਾਹੀਦਾ। ਆਤਮ-ਵਿਸ਼ਵਾਸ ਅਤੇ ਸਕਾਰਾਤਮਕ ਨਜ਼ਰੀਆ ਬਹੁਤ ਜ਼ਰੂਰੀ ਹਨ, ਪਰ ਨਿਮਰਤਾ ਅਤੇ ਸਖ਼ਤ ਮਿਹਨਤ ਹੀ ਵੱਡੀ ਸਫ਼ਲਤਾ ਹਾਸਲ ਕਰਨ ਦੀਆਂ ਅਸਲ ਕੁੰਜੀਆਂ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਜਦੋਂ ਸਾਲ 2022 ਵਿੱਚ ਸਾਡੀ ਸਰਕਾਰ ਨੇ ਸੱਤਾ ਸੰਭਾਲੀ ਸੀ ਤਾਂ ਸਕੂਲੀ ਸਿੱਖਿਆ ਵਿੱਚ ਪੰਜਾਬ 27ਵੇਂ ਸਥਾਨ ’ਤੇ ਸੀ। ਅੱਜ ਪੰਜਾਬ ਸਕੂਲੀ ਸਿੱਖਿਆ ਵਿੱਚ ਦੇਸ਼ ਦਾ ਮੋਹਰੀ ਸੂਬਾ ਬਣ ਕੇ ਉੱਭਰਿਆ ਹੈ। ਇਹ ਤਬਦੀਲੀ ਸਿੱਖਿਆ ਖੇਤਰ ਵਿੱਚ ਕੀਤੇ ਲਗਾਤਾਰ ਸੁਧਾਰਾਂ ਅਤੇ ਸਰਕਾਰੀ ਸਕੂਲਾਂ ਨੂੰ ਮਜ਼ਬੂਤ ਕਰਨ ਲਈ ਸਾਡੀ ਅਟੁੱਟ ਵਚਨਬੱਧਤਾ ਦਾ ਨਤੀਜਾ ਹੈ।

## ਵੱਡੀ ਅੱਤਵਾਦੀ ਸਾਜ਼ਿਸ਼ ਨਾਕਾਮ; ਜਲੰਧਰ ਤੋਂ ਬੱਬਰ ਖ਼ਾਲਸਾ ਇੰਟਰਨੈਸ਼ਨਲ ਦਾ ਸੰਚਾਲਕ ਵਿਸਫੋਟਕ ਸਮੱਗਰੀ ਵਾਲੇ ਆਈ.ਈ.ਡੀ. ਸਮੇਤ ਗ੍ਰਿਫ਼ਤਾਰ

**ਜਲੰਧਰ, 27 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਇੱਕ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਸਰਹੱਦ ਪਾਰੋਂ ਅੱਤਵਾਦੀ ਨੈੱਟਵਰਕਾਂ ਵਿਰੁੱਧ ਵੱਡੀ ਸਫਲਤਾ ਵਿੱਚ, ਕਾਊਂਟਰ ਇੰਟੈਲੀਜੈਂਸ (ਸੀਆਈ) ਜਲੰਧਰ ਨੇ ਜਲੰਧਰ ਦਿਹਾਤੀ ਪੁਲਿਸ ਨਾਲ ਸਾਂਝੇ ਆਪ੍ਰੇਸ਼ਨ ਵਿੱਚ, ਵਿਦੇਸ਼ੀ ਹੈਂਡਲਰਾਂ ਵੱਲੋਂ ਚਲਾਏ ਜਾ ਰਹੇ ਆਈ.ਐਸ.ਆਈ. ਦੇ ਸਮਰਥਨ ਵਾਲੇ ਬੱਬਰ ਖਾਲਸਾ ਇੰਟਰਨੈਸ਼ਨਲ (ਬੀਕੇਆਈ) ਅੱਤਵਾਦੀ ਮਾਡਿਊਲ ਦੇ ਸੰਚਾਲਕ ਨੂੰ ਜਲੰਧਰ ਤੋਂ ਗ੍ਰਿਫਤਾਰ ਕਰਕੇ ਇਸ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਸਤਬੀਰ ਸਿੰਘ ਵਾਸੀ ਪਿੰਡ ਪਡਿਆਣਾ, ਆਦਮਪੁਰ, ਜਲੰਧਰ ਵਜੋਂ ਹੋਈ ਹੈ। ਵਿਸਫੋਟਕ ਸਮੱਗਰੀ ਬਰਾਮਦ ਕਰਨ ਤੋਂ ਇਲਾਵਾ, ਪੁਲਿਸ ਟੀਮਾਂ ਨੇ ਉਸ ਦਾ ਕਾਲੇ ਰੰਗ ਦਾ ਪਲਾਟੀਨਾ ਮੋਟਰਸਾਈਕਲ (ਪੀਬੀ-08-ਈਟੀ-6736) , ਜਿਸ ਨੂੰ ਉਹ ਚਲਾ ਰਿਹਾ ਸੀ, ਵੀ ਬਰਾਮਦ ਕੀਤਾ ਹੈ।




ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਇਸ ਕਾਰਵਾਈ ਦੇ ਨਤੀਜੇ ਵਜੋਂ 1.3 ਕਿਲੋਗ੍ਰਾਮ ਉੱਚ ਵਿਸਫੋਟਕ ਨਾਲ ਭਰਿਆ ਇੱਕ ਇੰਪਰੂਵਾਈਜ਼ਡ ਐਕਸਪਲੋਸਿਵ ਡਿਵਾਈਸ (ਆਈਈਡੀ) ਜਿਸ ਵਿੱਚ ਸ਼ਰਾਪਨਲ ਅਤੇ ਬਾਲ ਬੇਅਰਿੰਗ ਸ਼ਾਮਲ ਹਨ, ਬਰਾਮਦ ਹੋਇਆ ਹੈ, ਜਿਸ ਤੋਂ ਪਤਾ ਲੱਗਦਾ ਹੈ ਕਿ ਅੱਤਵਾਦੀ ਮਾਡਿਊਲ ਦਾ ਉਦੇਸ਼ ਸੂਬੇ ਵਿੱਚ ਅਮਨ-ਸ਼ਾਂਤੀ ਭੰਗ ਕਰਨਾ ਸੀ । ਉਨ੍ਹਾਂ ਕਿਹਾ, ਇਸ ਤੁਰੰਤ ਅਤੇ ਸਮੇਂ ਸਿਰ ਕੀਤੀ ਗਈ ਕਾਰਵਾਈ ਨਾਲ ਵੱਡਾ ਅੱਤਵਾਦੀ ਖ਼ਤਰਾ ਟਲ ਗਿਆ ਹੈ ਅਤੇ ਕਈ ਮਾਸੂਮ ਜਾਨਾਂ ਬਚ ਗਈਆਂ ਹਨ।

ਆਪ੍ਰੇਸ਼ਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕਰਦਿਆਂ ਉਨ੍ਹਾਂ ਦੱਸਿਆ ਕਿ ਸੀ.ਆਈ. ਜਲੰਧਰ ਦੀਆਂ ਟੀਮਾਂ ਨੂੰ ਪੁਖ਼ਤਾ ਜਾਣਕਾਰੀ ਮਿਲੀ ਸੀ ਕਿ ਬੀ.ਕੇ.ਆਈ. ਮਾਡਿਊਲ ਦੇ ਕਾਰਕੁੰਨ ਨੇ ਆਪਣੇ ਵਿਦੇਸ਼ੀ ਹੈਂਡਲਰਾਂ ਦੇ ਨਿਰਦੇਸ਼ਾਂ ’ਤੇ ਵਿਸਫੋਟਕ ਦੀ ਖੇਪ ਪ੍ਰਾਪਤ ਕੀਤੀ ਹੈ।

ਉਨ੍ਹਾਂ ਦੱਸਿਆ ਕਿ ਤੁਰੰਤ ਕਾਰਵਾਈ ਕਰਦਿਆਂ ਸੀ.ਆਈ. ਜਲੰਧਰ ਅਤੇ ਜਲੰਧਰ ਦਿਹਾਤੀ ਪੁਲਿਸ ਦੀਆਂ ਟੀਮਾਂ ਨੇ ਪਿੰਡ ਢੰਡੌਰ ਵਿਖੇ ਸਾਂਝਾ ਨਾਕਾ ਲਗਾ ਕੇ ਸ਼ੱਕੀ ਸਤਬੀਰ ਸਿੰਘ ਦੇ ਮੋਟਰਸਾਈਕਲ ਨੂੰ ਰੋਕਿਆ ਅਤੇ ਤਲਾਸ਼ੀ ਦੌਰਾਨ ਉਸ ਦੇ ਬੈਗ ਵਿੱਚੋਂ ਆਈ.ਈ.ਡੀ. ਬਰਾਮਦ ਕੀਤੀ।

ਡੀ.ਜੀ.ਪੀ. ਨੇ ਕਿਹਾ ਕਿ ਇਸ ਸਾਜ਼ਿਸ਼ ਵਿੱਚ ਸ਼ਾਮਲ ਵਿਦੇਸ਼ੀ ਹੈਂਡਲਰਾਂ ਅਤੇ ਸਥਾਨਕ ਨੈੱਟਵਰਕ ਸਮੇਤ ਸਮੁੱਚੇ ਅੱਤਵਾਦੀ ਨੈੱਟਵਰਕ ਦਾ ਪਰਦਾਫਾਸ਼ ਕਰਨ ਅਤੇ ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਜਾਰੀ ਹੈ।

ਇਸ ਸਬੰਧ ਵਿੱਚ ਥਾਣਾ ਪਤਾਰਾ, ਜਲੰਧਰ ਦਿਹਾਤੀ ਵਿਖੇ ਭਾਰਤੀ ਨਿਆਂ ਸੰਹਿਤਾ (ਬੀਐਨਐਸ) ਦੀਆਂ ਧਾਰਾਵਾਂ 113(1) ਅਤੇ 113(3), ਵਿਸਫੋਟਕ ਪਦਾਰਥ ਐਕਟ ਦੀਆਂ ਧਾਰਾਵਾਂ 4 ਅਤੇ 5 ਅਤੇ ਅਸਲਾ ਐਕਟ ਦੀ ਧਾਰਾ 25(1ਬੀ)(ਏ) ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।

## ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਾਰਗਿਲ ਜੰਗ ਦੇ ਸ਼ਹੀਦਾਂ ਨੂੰ ਦਿੱਤੀ ਸ਼ਰਧਾਂਜਲੀ; ਕਿਹਾ- ਉਨ੍ਹਾਂ ਦੀ ਅਦੁੱਤੀ ਸ਼ਹਾਦਤ ਪੀੜ੍ਹੀਆਂ ਨੂੰ ਪ੍ਰੇਰਿਤ ਕਰਦੀ ਰਹੇਗੀ

**ਚੰਡੀਗੜ੍ਹ 27 ਜੁਲਾਈ**
**-ਛਤਰਪਾਲ ਸਿੰਘ-**

ਕਾਰਗਿਲ ਵਿਜੈ ਦਿਵਸ ਦੇ ਮੌਕੇ ’ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਦੇਸ਼ ਦੀ ਪ੍ਰਭੂਸੱਤਾ ਦੀ ਰਾਖੀ ਕਰਦਿਆਂ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਬਹਾਦਰ ਜਵਾਨਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਉਨ੍ਹਾਂ ਕਿਹਾ ਕਿ ਜਵਾਨਾਂ ਦੀ ਬੇਮਿਸਾਲ ਬਹਾਦਰੀ, ਦਲੇਰੀ ਅਤੇ ਲਾਮਿਸਾਲ ਸੇਵਾ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰੇਰਿਤ ਕਰਦੀ ਰਹੇਗੀ। ਮੁੱਖ ਮੰਤਰੀ ਨੇ ਵਾਰ ਮੈਮੋਰੀਅਲ ‘ਤੇ ਫੁੱਲਮਾਲਾ ਭੇਟ ਕਰ ਕੇ ਕਾਰਗਿਲ ਯੁੱਧ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ, ਸ਼ਹੀਦ ਜਵਾਨਾਂ ਦੇ ਪਰਿਵਾਰਾਂ ਅਤੇ ਸਾਬਕਾ ਸੈਨਿਕਾਂ ਨਾਲ ਮੁਲਾਕਾਤ ਕੀਤੀ, ਦਿਵਿਆਂਗ ਸਾਬਕਾ ਸੈਨਿਕਾਂ ਨੂੰ ਪੰਜ ਦੋ-ਪਹੀਆ ਵਾਹਨ ਵੰਡੇ ਅਤੇ ਐਨ.ਸੀ.ਸੀ. ਕੈਡੇਟਾਂ ਦੇ ਨਾਲ-ਨਾਲ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਅਤੇ ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ, ਮੋਹਾਲੀ ਦੇ ਕੈਡੇਟਾਂ ਨੂੰ ਹਥਿਆਰਬੰਦ ਬਲਾਂ ਵਿੱਚ ਸ਼ਾਮਲ ਹੋਣ ਲਈ ਉਤਸ਼ਾਹਿਤ ਕੀਤਾ।

ਮੁੱਖ ਮੰਤਰੀ ਨੇ ਦੇਸ਼ ਦੀ ਰਾਖੀ ਕਰਦਿਆਂ ਸ਼ਹੀਦ ਹੋਏ ਜਵਾਨਾਂ ਦੇ ਪਰਿਵਾਰਾਂ ਅਤੇ ਸਾਬਕਾ ਸੈਨਿਕਾਂ ਦੀ ਭਲਾਈ ਲਈ ਪੰਜਾਬ ਸਰਕਾਰ ਦੀ ਅਟੁੱਟ ਵਚਨਬੱਧਤਾ ਦੁਹਰਾਈ। ਇਸ ਖਾਸ ਮੌਕੇ ਦੀ ਇੱਕ ਝਲਕ ਸਾਂਝੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਕਸ ‘ਤੇ ਲਿਖਿਆ, ਅੱਜ 27ਵੇਂ ਕਾਰਗਿਲ ਵਿਜੈ ਦਿਵਸ ਦੇ ਮੌਕੇ ’ਤੇ ਮੈਂ ਸਾਡੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਸ਼ਾਨ ਦੀ ਰਾਖੀ ਲਈ ਆਪਣੀ ਜਾਨ ਕੁਰਬਾਨ ਕਰਨ ਵਾਲੇ 527 ਬਹਾਦਰ ਜਵਾਨਾਂ ਨੂੰ ਸੱਚੇ ਦਿਲੋਂ ਸ਼ਰਧਾਂਜਲੀ ਭੇਟ ਕਰਦਾ ਹਾਂ। ਉਨ੍ਹਾਂ ਵਿੱਚ ਪੰਜਾਬ ਦੇ 65 ਬਹਾਦਰ ਸਪੂਤ ਵੀ ਸ਼ਾਮਲ ਸਨ, ਜਿਨ੍ਹਾਂ ਦੀ ਕੁਰਬਾਨੀ ਹਰ ਪੰਜਾਬੀ ਨੂੰ ਮਾਣ ਨਾਲ ਭਰ ਦਿੰਦੀ ਹੈ।

ਉਨ੍ਹਾਂ ਕਿਹਾ, ਸ਼ਹਾਦਤ ਦੇਣ ਵਾਲੇ ਜਵਾਨ ਸਿਰਫ਼ ਇੱਕ ਪਰਿਵਾਰ ਦੇ ਨਹੀਂ ਹੁੰਦੇ, ਉਹ ਪੂਰੇ ਦੇਸ਼ ਦੀ ਸਭ ਤੋਂ ਵੱਡੀ ਦੌਲਤ ਹਨ। ਅੱਜ ਅਸੀਂ ਜਿਸ ਆਜ਼ਾਦੀ ਅਤੇ ਸੁਰੱਖਿਆ ਦਾ ਨਿੱਘ ਮਾਣ ਰਹੇ ਹਾਂ, ਉਹ ਸਾਡੇ ਬਹਾਦਰ ਜਵਾਨਾਂ ਦੁਆਰਾ ਦਿੱਤੀਆਂ ਕੁਰਬਾਨੀਆਂ ਦਾ ਹੀ ਨਤੀਜਾ ਹੈ। ਉਨ੍ਹਾਂ ਦੀ ਕੁਰਬਾਨੀ ਨੂੰ ਯਾਦ ਕਰਨਾ ਅਤੇ ਉਨ੍ਹਾਂ ਦੀ ਮਹਾਨ ਵਿਰਾਸਤ ਦਾ ਸਤਿਕਾਰ ਕਰਨਾ ਹੀ ਉਨ੍ਹਾਂ ਨੂੰ ਸੱਚੀ ਸ਼ਰਧਾਂਜਲੀ ਹੈ। ਜੈ ਹਿੰਦ।

ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸਾਡੇ ਬਹਾਦਰ ਜਵਾਨਾਂ ਦੀ ਅਦੁੱਤੀ ਕੁਰਬਾਨੀ ਨੌਜਵਾਨ ਪੀੜ੍ਹੀਆਂ ਨੂੰ ਦੇਸ਼ ਭਗਤੀ, ਸਮਰਪਣ ਅਤੇ ਨਿਸ਼ਕਾਮ ਭਾਵਨਾ ਨਾਲ ਦੇਸ਼ ਦੀ ਸੇਵਾ ਕਰਨ ਲਈ ਪ੍ਰੇਰਿਤ ਕਰਦੀ ਰਹੇਗੀ। ਕਾਰਗਿਲ ਯੁੱਧ ਦੌਰਾਨ 527 ਜਵਾਨਾਂ ਨੇ ਦੇਸ਼ ਦੀ ਸੇਵਾ ਕਰਦਿਆਂ ਆਪਣੀਆਂ ਜਾਨਾਂ ਵਾਰ ਦਿੱਤੀਆਂ, ਜਿਨ੍ਹਾਂ ਵਿੱਚ ਪੰਜਾਬ ਦੇ 65 ਤੋਂ ਵੱਧ ਬਹਾਦਰ ਸਪੂਤ ਸ਼ਾਮਲ ਸਨ। ਉਨ੍ਹਾਂ ਦੀ ਬਹਾਦਰੀ ਅਤੇ ਕੁਰਬਾਨੀ ਹਮੇਸ਼ਾ ਹਰ ਭਾਰਤੀ ਲਈ ਮਾਣ ਅਤੇ ਪ੍ਰੇਰਨਾ ਦਾ ਸਰੋਤ ਬਣੀ ਰਹੇਗੀ।

ਮੁੱਖ ਮੰਤਰੀ ਨੇ ਦੱਸਿਆ, ਪੰਜਾਬ ਦਾ ਇਤਿਹਾਸ ਅਣਗਿਣਤ ਕੁਰਬਾਨੀਆਂ ਨਾਲ ਲਿਖਿਆ ਗਿਆ ਹੈ ਅਤੇ ਜੋ ਕੌਮਾਂ ਆਪਣੇ ਇਤਿਹਾਸ ਦਾ ਸਤਿਕਾਰ ਕਰਦੀਆਂ ਹਨ, ਉਹ ਹਮੇਸ਼ਾ ਤਰੱਕੀ ਕਰਦੀਆਂ ਹਨ। ਸਾਡੇ ਸ਼ਹੀਦ ਸਿਰਫ਼ ਆਪਣੇ ਪਰਿਵਾਰਾਂ ਦੇ ਨਹੀਂ, ਸਗੋਂ ਪੂਰੇ ਦੇਸ਼ ਦੇ ਹਨ।

ਉਨ੍ਹਾਂ ਦੀ ਕੁਰਬਾਨੀ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ ਅਤੇ ਉਨ੍ਹਾਂ ਦੀ ਮਹਾਨ ਵਿਰਾਸਤ ਨੂੰ ਸੰਭਾਲਣਾ ਅਤੇ ਸਤਿਕਾਰ ਦੇਣਾ ਸਾਡੀ ਸਭ ਦੀ ਸਾਂਝੀ ਜ਼ਿੰਮੇਵਾਰੀ ਹੈ।

ਬਹਾਦਰ ਜਵਾਨਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਚਾਹੇ ਕਾਰਗਿਲ ਦੀਆਂ ਬਰਫ਼ੀਲੀਆਂ ਚੋਟੀਆਂ ਹੋਣ ਜਾਂ ਜੈਸਲਮੇਰ ਦੇ ਭਖਦੇ ਰੇਗਿਸਤਾਨ, ਸਾਡੇ ਬਹਾਦਰ ਜਵਾਨ ਦੇਸ਼ ਦੀ ਏਕਤਾ, ਅਖੰਡਤਾ ਅਤੇ ਪ੍ਰਭੂਸੱਤਾ ਦੀ ਰਾਖੀ ਲਈ ਹਮੇਸ਼ਾ ਡਟੇ ਰਹਿੰਦੇ ਹਨ। 1999 ਦੇ ਕਾਰਗਿਲ ਯੁੱਧ ਨੂੰ ਯਾਦ ਕਰਨਾ ਹਰ ਭਾਰਤੀ ਨੂੰ ਮਾਣ ਨਾਲ ਭਰ ਦਿੰਦਾ ਹੈ ਕਿਉਂਕਿ ਉਸ ਨਾਜ਼ੁਕ ਮੋੜ ’ਤੇ ਪੂਰਾ ਦੇਸ਼, ਦੇਸ਼ ਭਗਤੀ ਦੀ ਅਦੁੱਤੀ ਭਾਵਨਾ ਨਾਲ ਇੱਕਜੁੱਟ ਹੋ ਕੇ ਖੜ੍ਹਾ ਸੀ।



ਮੁੱਖ ਮੰਤਰੀ ਨੇ ਕਿਹਾ, ਕਾਰਗਿਲ ਵਿਜੈ ਦਿਵਸ ਸਭ ਤੋਂ ਚੁਣੌਤੀਪੂਰਨ ਹਾਲਾਤ ਵਿੱਚ ਭਾਰਤ ਦੀਆਂ ਹਥਿਆਰਬੰਦ ਸੈਨਾਵਾਂ ਦੁਆਰਾ ਦਿਖਾਈ ਗਈ ਲਾਮਿਸਾਲ ਬਹਾਦਰੀ, ਸਾਹਸ ਅਤੇ ਕੁਰਬਾਨੀ ਦਾ ਪ੍ਰਤੀਕ ਹੈ। ਇਸ ਯੁੱਧ ਦੌਰਾਨ ਸਾਡੇ ਜਵਾਨਾਂ ਦੁਆਰਾ ਦਿਖਾਈ ਗਈ ਬੇਮਿਸਾਲ ਬਹਾਦਰੀ ’ਤੇ ਹਰ ਭਾਰਤੀ ਨੂੰ ਮਾਣ ਹੈ। ਦੇਸ਼ ਲਈ ਉਨ੍ਹਾਂ ਦੇ ਸਮਰਪਣ ਦਾ ਕਰਜ਼ਾ ਕਦੇ ਮੋੜਿਆ ਨਹੀਂ ਜਾ ਸਕਦਾ।

ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਪ੍ਰਤੀ ਪੰਜਾਬ ਸਰਕਾਰ ਦੀ ਵਚਨਬੱਧਤਾ ਦਰਸਾਉਂਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ, ਸਾਡੇ ਜਵਾਨਾਂ ਦੀ ਅਦੁੱਤੀ ਕੁਰਬਾਨੀ ਦੇ ਸਤਿਕਾਰ ਵਜੋਂ ਪੰਜਾਬ ਸਰਕਾਰ ਡਿਊਟੀ ਦੌਰਾਨ ਸ਼ਹੀਦ ਹੋਣ ਵਾਲੇ ਹਰੇਕ ਜਵਾਨ ਦੇ ਪਰਿਵਾਰ ਨੂੰ ਇੱਕ ਕਰੋੜ ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕਰਦੀ ਹੈ। ਇਹ ਸਾਡੀਆਂ ਹਥਿਆਰਬੰਦ ਸੈਨਾਵਾਂ ਦੇ ਬਹਾਦਰ ਜਵਾਨਾਂ ਅਤੇ ਬੀਬੀਆਂ ਦੁਆਰਾ ਨਿਭਾਈ ਗਈ ਅਮੁੱਲ ਸੇਵਾ ਨੂੰ ਮਾਨਤਾ ਦੇਣ ਦਾ ਸਾਡਾ ਇੱਕ ਨਿਮਾਣਾ ਜਿਹਾ ਯਤਨ ਹੈ।

ਐਨ.ਸੀ.ਸੀ. ਕੈਡੇਟਾਂ ਅਤੇ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਅਤੇ ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ, ਮੋਹਾਲੀ ਦੇ ਕੈਡੇਟਾਂ ਨਾਲ ਹੋਈ ਗੱਲਬਾਤ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ, ਹਥਿਆਰਬੰਦ ਬਲਾਂ ਰਾਹੀਂ ਦੇਸ਼ ਦੀ ਸੇਵਾ ਕਰਨਾ ਸਭ ਤੋਂ ਉੱਤਮ ਕਾਰਜਾਂ ਵਿੱਚੋਂ ਇੱਕ ਹੈ। ਮੈਂ ਸਾਡੇ ਨੌਜਵਾਨ ਕੈਡੇਟਾਂ ਨੂੰ ਇਸ ਮਹਾਨ ਕਾਰਜ ਲਈ ਸਮਰਪਿਤ ਹੋਣ ਦੀ ਅਪੀਲ ਕਰਦਾ ਹਾਂ। ਪੰਜਾਬ ਸਰਕਾਰ ਦੇਸ਼ ਸੇਵਾ ਦੇ ਉਨ੍ਹਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਹਰ ਸੰਭਵ ਸਹਿਯੋਗ ਦੇਵੇਗੀ। ਉਹ ਆਉਣ ਵਾਲੀਆਂ ਪੀੜ੍ਹੀਆਂ ਲਈ ਮਿਸਾਲ ਬਣ ਸਕਦੇ ਹਨ ਅਤੇ ਸਾਡੇ ਨੌਜਵਾਨਾਂ ਵਿੱਚ ਦੇਸ਼ ਭਗਤੀ ਅਤੇ ਕੌਮਪ੍ਰਸਤੀ ਦੀ ਭਾਵਨਾ ਨੂੰ ਮਜ਼ਬੂਤ ਕਰ ਸਕਦੇ ਹਨ।

ਇਸ ਮੌਕੇ ਕੈਬਨਿਟ ਮੰਤਰੀ ਮੋਹਿੰਦਰ ਭਗਤ ਅਤੇ ਹਥਿਆਰਬੰਦ ਬਲਾਂ ਦੇ ਸੀਨੀਅਰ ਅਧਿਕਾਰੀ ਵੀ ਵਿਸ਼ੇਸ਼ ਤੌਰ ’ਤੇ ਹਾਜ਼ਰ ਸਨ।

**ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਾਰਗਿਲ ਦੇ ਸ਼ਹੀਦਾਂ ਨੂੰ ਦਿੱਤੀ ਸ਼ਰਧਾਂਜਲੀ**

ਦੇਸ਼ ਦੀ ਰਾਖੀ ਕਰਦਿਆਂ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਬਹਾਦਰ ਜਵਾਨਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਾਰ ਮੈਮੋਰੀਅਲ ’ਤੇ ਫੁੱਲ ਮਾਲਾ ਭੇਟ ਕੀਤੀ। ਇਸ ਦੌਰਾਨ ਜਵਾਨਾਂ ਦੇ ਸਤਿਕਾਰ ਵਿੱਚ ’ਲਾਸਟ ਪੋਸਟ’ ਦੀ ਧੁਨ ਵਜਾਈ ਗਈ ਅਤੇ ਦੋ ਮਿੰਟ ਦਾ ਮੌਨ ਰੱਖਿਆ ਗਿਆ। ਮੁੱਖ ਮੰਤਰੀ ਨੇ ਸਾਬਕਾ ਸੈਨਿਕਾਂ ਅਤੇ ਸ਼ਹੀਦ ਜਵਾਨਾਂ ਦੇ ਪਰਿਵਾਰਾਂ ਨਾਲ ਵੀ ਮੁਲਾਕਾਤ ਕੀਤੀ ਅਤੇ ਦੇਸ਼ ਲਈ ਉਨ੍ਹਾਂ ਦੀ ਅਮੁੱਲ ਸੇਵਾ ਅਤੇ ਅਟੁੱਟ ਸਮਰਪਣ ਦੀ ਸ਼ਲਾਘਾ ਕੀਤੀ। ਇਸ ਤੋਂ ਬਾਅਦ ਉਨ੍ਹਾਂ ਨੇ ਪੀ.ਏ.ਪੀ. ਗਰੁੱਪ ਕਮਾਂਡਰ ਡੀ.ਐਸ.ਪੀ. ਦਵਿੰਦਰ ਸਿੰਘ ਸੈਣੀ ਦੀ ਅਗਵਾਈ ਹੇਠ ਪੀ.ਏ.ਪੀ. ਬੈਂਡ ਦੁਆਰਾ ਪੇਸ਼ ਕੀਤੇ ਗਏ ਸ਼ਾਨਦਾਰ ’ਗਾਰਡ ਆਫ਼ ਆਨਰ’ ਤੋਂ ਸਲਾਮੀ ਲਈ।

## ਡੀ.ਏ.ਵੀ.ਸਕੂਲ, ਮੂਨਕ ਵਿੱਚ ਰੁੱਖ ਲਗਾਓ ਅਭਿਆਨ ਦਾ ਆਯੋਜਨ ਕੀਤਾ ਗਿਆ

**ਮੂਨਕ, 27 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਬਾਬੂ ਬ੍ਰਿਸ਼ ਭਾਨ ਡੀ.ਏ.ਵੀ. ਪਬਲਿਕ ਸਕੂਲ, ਮੂਨਕ ਵਿੱਚ ਪ੍ਰਿੰਸੀਪਲ ਸ਼੍ਰੀ ਸੰਜੀਵ ਕੁਮਾਰ ਸ਼ਰਮਾ ਜੀ ਦੀ ਅਗਵਾਈ ਹੇਠ ਅਧਿਆਪਕਾਂ, ਸਕੂਲ ਦੇ ਕਰਮਚਾਰੀਆਂ ਅਤੇ ਵਿਦਿਆਰਥੀਆਂ ਦੁਆਰਾ ਰੁੱਖ ਲਗਾਓ ਅਭਿਆਨ ਦਾ ਆਯੋਜਨ ਕੀਤਾ ਗਿਆ। ਇਸ ਅਭਿਆਨ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਵਾਤਾਵਰਨ ਪ੍ਰਤੀ ਜਾਗਰੂਕ ਕਰਨਾ ਅਤੇ ਹਰਿਆਲੀ ਵਿੱਚ ਆਪਣਾ ਯੋਗਦਾਨ ਪਾਉਣ ਦੇ ਲਈ ਪ੍ਰੇਰਿਤ ਕਰਨਾ ਸੀ।

ਲਹਿਰਾਗਾਗਾ ਦੇ ਵਣ ਮੰਡਲ ਅਧਿਕਾਰੀਆਂ ਦੁਆਰਾ ਇਸ ਅਭਿਆਨ ਦੇ ਲਈ ਅਲੱਗ ਅਲੱਗ ਤਰ੍ਹਾਂ ਦੇ ਪੌਦੇ ਉਪਲੱਬਧ ਕਰਵਾਏ ਗਏ। ਅਧਿਆਪਕਾਂ , ਸਕੂਲ ਦੇ ਕਰਮਚਾਰੀਆਂ ਦੁਆਰਾ ਅਤੇ ਵਿਦਿਆਰਥੀਆਂ ਦੁਆਰਾ ਇਹ ਪੌਦੇ ਸਕੂਲ ਦੇ ਵਿੱਚ ਅਤੇ ਜੈਨ ਸਮਾਧੀ ਮੂਨਕ ਦੇ ਵਿੱਚ ਲਗਾਏ ਗਏ। ਪ੍ਰਿੰਸੀਪਲ ਸ਼੍ਰੀ ਸੰਜੀਵ ਕੁਮਾਰ ਸ਼ਰਮਾ ਜੀ ਨੇ ਲਹਿਰਾਗਾਗਾ ਵਣ ਮੰਡਲ ਦੇ ਅਧਿਕਾਰੀਆਂ ਦਾ ਇਸ ਅਭਿਆਨ ਦੇ ਲਈ ਪੌਦੇ ਉਪਲੱਬਧ ਕਰਵਾਉਣ ਦੇ ਲਈ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਵਿਦਿਆਰਥੀਆਂ ਨੂੰ ਆਪਣੇ ਘਰਾਂ ਦੇ ਵਿੱਚ ਇੱਕ - ਇੱਕ ਪੌਦਾ ਲਗਾ ਕੇ ਉਸਦੀ ਦੇਖਭਾਲ ਕਰਨ ਦੇ ਲਈ ਪ੍ਰੇਰਿਤ ਕੀਤਾ। ਸਾਰਿਆਂ ਨੇ ਪੌਦੇ ਲਗਾਉਣ ਦਾ ਅਤੇ ਉਹਨਾਂ ਦੀ ਦੇਖਭਾਲ ਕਰਨ ਦਾ ਸੰਕਲਪ ਲਿਆ।

## ਕਾਰਗਿਲ ਦੇ ਵੀਰ ਸ਼ਹੀਦਾਂ ਦਾ ਬਲਿਦਾਨ ਦੇਸ਼ਵਾਸੀਆਂ ਲਈ ਸਦਾ ਰਹੇਗਾ ਪ੍ਰੇਰਣਾਸਰੋਤ : ਬ੍ਰਮ ਸ਼ੰਕਰ ਜਿੰਪਾ



**ਹੁਸ਼ਿਆਰਪੁਰ, 27 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਕਾਰਗਿਲ ਵਿਜੇ ਦਿਵਸ ਦੇ ਮੌਕੇ ’ਤੇ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਅੱਜ ਸਥਾਨਕ ਸ਼ਹੀਦੀ ਸਮਾਰਕ ਵਿਖੇ ਪਹੁੰਚ ਕੇ ਕਾਰਗਿਲ ਯੁੱਧ ਦੇ ਅਮਰ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਉਨ੍ਹਾਂ ਨੇ ਦੇਸ਼ ਦੀ ਰੱਖਿਆ ਲਈ ਕੁਰਬਾਨੀ ਦੇਣ ਵਾਲੇ ਵੀਰ ਜਵਾਨਾਂ ਦੇ ਸਾਹਸ, ਬਹਾਦਰੀ ਅਤੇ ਬਲਿਦਾਨ ਨੂੰ ਨਿੱਘੀ ਸ਼ਰਧਾਂਜਲੀ ਭੇਟ ਕੀਤੀ। ਵਿਧਾਇਕ ਜਿੰਪਾ ਨੇ ਕਿਹਾ ਕਿ ਕਾਰਗਿਲ ਵਿਜੇ ਦਿਵਸ ਸਿਰਫ਼ ਇੱਕ ਇਤਿਹਾਸਕ ਜਿੱਤ ਦਾ ਪ੍ਰਤੀਕ ਨਹੀਂ, ਸਗੋਂ ਇਹ ਭਾਰਤੀ ਫੌਜ ਦੇ ਬੇਮਿਸਾਲ ਕੁਰਬਾਨੀ, ਦ੍ਰਿੜ੍ਹ ਸੰਕਲਪ ਅਤੇ ਰਾਸ਼ਟਰ ਭਗਤੀ ਦਾ ਗੌਰਵਮਈ ਅਧਿਆਇ ਹੈ। ਸਾਲ 1999 ਵਿੱਚ ਭਾਰਤੀ ਜਵਾਨਾਂ ਨੇ ਬੇਹੱਦ ਮੁਸ਼ਕਲ ਹਾਲਾਤਾਂ ਵਿੱਚ ਦੁਸ਼ਮਣ ਨੂੰ ਮਾਤ ਦੇ ਕੇ ਦੇਸ਼ ਦੀਆਂ ਸਰਹੱਦਾਂ ਦੀ ਰੱਖਿਆ ਕੀਤੀ ਅਤੇ ਪੂਰੀ ਦੁਨੀਆ ਅੱਗੇ ਭਾਰਤੀ ਫੌਜ ਦੀ ਬਹਾਦਰੀ ਦਾ ਸਬੂਤ ਦਿੱਤਾ।

ਉਨ੍ਹਾਂ ਕਿਹਾ ਕਿ ਦੇਸ਼ ਦੇ ਵੀਰ ਜਵਾਨਾਂ ਦੇ ਬਲਿਦਾਨ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਦੇ ਤਿਆਗ ਅਤੇ ਸਮਰਪਣ ਸਦਕਾ ਹੀ ਦੇਸ਼ਵਾਸੀ ਸੁਰੱਖਿਅਤ ਮਾਹੌਲ ਵਿੱਚ ਜੀਵਨ ਬਤੀਤ ਕਰ ਰਹੇ ਹਨ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਸ਼ਹੀਦਾਂ ਦੇ ਜੀਵਨ ਤੋਂ ਪ੍ਰੇਰਣਾ ਲੈ ਕੇ ਰਾਸ਼ਟਰ ਸੇਵਾ, ਅਨੁਸ਼ਾਸਨ ਅਤੇ ਦੇਸ਼ਭਗਤੀ ਦੀ ਭਾਵਨਾ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣ।

ਵਿਧਾਇਕ ਜਿੰਪਾ ਨੇ ਕਿਹਾ ਕਿ ਪੰਜਾਬ ਵੀਰਾਂ ਦੀ ਧਰਤੀ ਹੈ ਅਤੇ ਇੱਥੋਂ ਦੇ ਸੈਨਿਕਾਂ ਨੇ ਹਰ ਯੁੱਧ ਵਿੱਚ ਦੇਸ਼ ਦੀ ਰੱਖਿਆ ਲਈ ਅਹਿਮ ਯੋਗਦਾਨ ਪਾਇਆ ਹੈ। ਉਨ੍ਹਾਂ ਕਿਹਾ ਕਿ ਹੁਸ਼ਿਆਰਪੁਰ ਜ਼ਿਲ੍ਹੇ ਦੇ ਵੀ ਕਈ ਸਪੂਤਾਂ ਨੇ ਕਾਰਗਿਲ ਯੁੱਧ ਵਿੱਚ ਆਪਣੇ ਪ੍ਰਾਣਾਂ ਦਾ ਬਲਿਦਾਨ ਦੇ ਕੇ ਰਾਸ਼ਟਰ ਦਾ ਮਾਣ ਵਧਾਇਆ। ਉਨ੍ਹਾਂ ਕਿਹਾ ਕਿ ਸ਼ਹੀਦਾਂ ਦਾ ਸਨਮਾਨ ਕਰਨਾ ਹਰ ਨਾਗਰਿਕ ਦਾ ਨੈਤਿਕ ਫਰਜ਼ ਹੈ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਉਨ੍ਹਾਂ ਦੀਆਂ ਬਹਾਦਰੀ ਭਰੀਆਂ ਗਾਥਾਵਾਂ ਤੋਂ ਜਾਣੂ ਕਰਵਾਉਣਾ ਸਮੇਂ ਦੀ ਲੋੜ ਹੈ।

ਇਸ ਮੌਕੇ ਹਾਜ਼ਰ ਸਾਰੇ ਲੋਕਾਂ ਨੇ ਦੋ ਮਿੰਟ ਦਾ ਮੌਨ ਧਾਰਨ ਕਰਕੇ ਕਾਰਗਿਲ ਦੇ ਅਮਰ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਉਨ੍ਹਾਂ ਦੇ ਦਿਖਾਏ ਰਾਹ ’ਤੇ ਚੱਲਣ ਦਾ ਸੰਕਲਪ ਵੀ ਲਿਆ। ਵਿਧਾਇਕ ਜਿੰਪਾ ਨੇ ਕਿਹਾ ਕਿ ਦੇਸ਼ ਦੀ ਏਕਤਾ, ਅਖੰਡਤਾ ਅਤੇ ਪ੍ਰਭੂਸੱਤਾ ਦੀ ਰੱਖਿਆ ਲਈ ਸ਼ਹੀਦਾਂ ਦਾ ਬਲਿਦਾਨ ਸਦਾ ਹੀ ਦੇਸ਼ਵਾਸੀਆਂ ਨੂੰ ਪ੍ਰੇਰਿਤ ਕਰਦਾ ਰਹੇਗਾ।

ਇਸ ਮੌਕੇ ਕੌਂਸਲਰ ਪ੍ਰਵੀਨ ਸੈਣੀ, ਮੋਹਨ ਲਾਲ ਪਹਿਲਵਾਨ, ਬਹਾਦੁਰ ਸਿੰਘ ਸੁਨੇਤ, ਮਨਜੀਤ ਸਿੰਘ, ਪ੍ਰਦੀਪ ਸੈਣੀ, ਸੰਜੇ ਸ਼ਰਮਾ, ਸਤਪਾਲ, ਜਸਵੰਤ ਰਾਏ, ਜਸਬੀਰ ਸਿੰਘ ਕੋਚ, ਹਰਬਿੰਦਰ ਸਿੰਘ ਹੈਰੀ, ਮਦਨ ਲਾਲ, ਸੁਜਾਤਾ ਬਰਜਾਤਾ ਤੋਂ ਇਲਾਵਾ ਹੋਰ ਪਤਵੰਤੇ ਵੀ ਹਾਜ਼ਰ ਸਨ।

## ਸ਼ਾਮਚੁਰਾਸੀ ਹਲਕੇ ਵਿੱਚ ਰਿਕਾਰਡ ਵਿਕਾਸ ਕਾਰਜ ਹੋਏ: ਡਾ. ਰਵਜੋਤ ਸਿੰਘ



**ਹੁਸ਼ਿਆਰਪੁਰ, 27 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਅੱਜ ਪਿੰਡ ਬਾਗਪੁਰ ਵਿਖੇ ਕਰਵਾਈ ਗਈ ਲੋਕ ਮਿਲਣੀ ਦੌਰਾਨ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਧਿਆਨ ਨਾਲ ਸੁਣੀਆਂ ਅਤੇ ਉਨ੍ਹਾਂ ਦੇ ਜਲਦ ਹੱਲ ਦਾ ਭਰੋਸਾ ਦਿੱਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਦੀਆਂ ਉਮੀਦਾਂ ’ਤੇ ਪੂਰੀ ਤਰ੍ਹਾਂ ਖਰੀ ਉਤਰ ਰਹੀ ਹੈ ਅਤੇ ਸ਼ਾਮਚੁਰਾਸੀ ਵਿਧਾਨ ਸਭਾ ਹਲਕੇ ਵਿੱਚ ਵਿਕਾਸ ਕਾਰਜ ਤੇਜ਼ੀ ਨਾਲ ਕਰਵਾਏ ਜਾ ਰਹੇ ਹਨ।

ਡਾ. ਰਵਜੋਤ ਸਿੰਘ ਨੇ ਆਪਣੇ ਸੰਬੋਧਨ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਸ਼ਾਮਚੁਰਾਸੀ ਹਲਕੇ ਦੇ ਵਿਕਾਸ ਲਈ ਖੁੱਲ੍ਹੇ ਦਿਲ ਨਾਲ ਫੰਡ ਜਾਰੀ ਕੀਤੇ ਜਾ ਰਹੇ ਹਨ, ਜਿਸ ਕਾਰਨ ਪਿੰਡਾਂ ਵਿੱਚ ਸੜਕਾਂ, ਪੀਣ ਵਾਲੇ ਪਾਣੀ, ਸਿੰਚਾਈ, ਸਿੱਖਿਆ, ਸਿਹਤ ਅਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਸਿਰਫ਼ ਐਲਾਨ ਕਰਨ ਤੱਕ ਸੀਮਿਤ ਨਹੀਂ, ਸਗੋਂ ਹਰ ਯੋਜਨਾ ਨੂੰ ਜ਼ਮੀਨੀ ਪੱਧਰ ’ਤੇ ਲਾਗੂ ਕਰਨਾ ਹੈ।

ਉਨ੍ਹਾਂ ਕਿਹਾ ਕਿ ਲੋਕ ਮਿਲਣੀ ਪ੍ਰੋਗਰਾਮਾਂ ਰਾਹੀਂ ਲੋਕਾਂ ਨਾਲ ਸਿੱਧਾ ਸੰਵਾਦ ਸਥਾਪਤ ਹੋ ਰਿਹਾ ਹੈ ਅਤੇ ਆਮ ਲੋਕਾਂ ਦੀਆਂ ਸਮੱਸਿਆਵਾਂ ਦਾ ਮੌਕੇ ’ਤੇ ਹੀ ਨਿਪਟਾਰਾ ਕਰਨ ਲਈ ਅਧਿਕਾਰੀਆਂ ਨੂੰ ਹਦਾਇਤਾਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਹਲਕੇ ਦੇ ਹਰ ਪਿੰਡ ਦਾ ਸੰਤੁਲਿਤ ਵਿਕਾਸ ਯਕੀਨੀ ਬਣਾਇਆ ਜਾਵੇਗਾ ਅਤੇ ਕਿਸੇ ਵੀ ਪਿੰਡ ਨਾਲ ਵਿਤਕਰਾ ਨਹੀਂ ਕੀਤਾ ਜਾਵੇਗਾ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਲਈ ਪੂਰੀ ਤਨਦੇਹੀ ਨਾਲ ਕੰਮ ਕਰ ਰਹੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਸ਼ਾਮਚੁਰਾਸੀ ਹਲਕੇ ਦੇ ਸਰਬਪੱਖੀ ਵਿਕਾਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਸਮੱਸਿਆਵਾਂ ਅਤੇ ਸੁਝਾਅ ਬਿਨਾਂ ਕਿਸੇ ਝਿਜਕ ਦੇ ਸਰਕਾਰ ਤੱਕ ਪਹੁੰਚਾਉਣ, ਤਾਂ ਜੋ ਵਿਕਾਸ ਦੀ ਰਫ਼ਤਾਰ ਹੋਰ ਤੇਜ਼ ਕੀਤੀ ਜਾ ਸਕੇ। ਇਸ ਮੌਕੇ ਪਿੰਡ ਦੀ ਸਰਪੰਚ ਗੁਰਪ੍ਰੀਤ ਕੌਰ, ਜ਼ਿਲ੍ਹਾ ਪਰਿਸ਼ਦ ਮੈਂਬਰ ਇੰਦਰਜੀਤ ਕੌਰ, ਸਰਦਾਰ ਹਰਦੇਵ ਸਿੰਘ ਕੌਂਸਲ, ਮਨੀਸ਼ ਸੈਣੀ, ਮਲਕੀਤ ਸਿੰਘ, ਸਾਬਕਾ ਸਰਪੰਚ ਗੁਰਮੀਤ ਸਿੰਘ, ਕੁਲਦੀਪ ਭਾਗਪੁਰੀ, ਗੁਰਮੁਖ ਸਿੰਘ, ਹਰਪ੍ਰੀਤ ਸਿੰਘ, ਡਾ. ਸੰਦੀਪ ਅਤੇ ਸੁਖਵਿੰਦਰ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ। ਹਾਜ਼ਰੀਨ ਨੇ ਕੈਬਨਿਟ ਮੰਤਰੀ ਦਾ ਨਿੱਘਾ ਸਵਾਗਤ ਕਰਦਿਆਂ ਪਿੰਡ ਦੇ ਵਿਕਾਸ ਕਾਰਜਾਂ ਲਈ ਧੰਨਵਾਦ ਪ੍ਰਗਟ ਕੀਤਾ।

## 20 ਸਾਲਾਂ ਦਾ ਇੰਤਜ਼ਾਰ ਖ਼ਤਮ: ਗਿੱਲਪੱਤੀ-ਸਿਵੀਆਂ ਰੋਡ ਇੰਡਸਟਰੀਅਲ ਏਰੀਆ ਵਿੱਚ ਵਾਟਰ ਸਪਲਾਈ ਅਤੇ ਸੀਵਰੇਜ ਪਾਈਪਲਾਈਨ ਪ੍ਰੋਜੈਕਟ ਦੀ ਸ਼ੁਰੂਆਤ, ਮੇਅਰ ਨੇ ਕੀਤਾ ਉਦਘਾਟਨ

**ਬਠਿੰਡਾ, 27 ਜੁਲਾਈ**
**-ਗੁਰਤੇਜ ਅਤਲਾ-**

ਸ਼ਹਿਰ ਦੇ ਗਿੱਲਪੱਤੀ-ਸਿਵੀਆਂ ਰੋਡ ‘ਤੇ ਸਥਿਤ ਉਦਯੋਗਿਕ ਖੇਤਰ ਦੇ ਉਦਯੋਗਪਤੀਆਂ ਅਤੇ ਕਰਮਚਾਰੀਆਂ ਦਾ ਲਗਭਗ 20 ਸਾਲਾਂ ਦਾ ਲੰਮਾ ਇੰਤਜ਼ਾਰ ਆਖ਼ਿਰਕਾਰ ਖ਼ਤਮ ਹੋ ਗਿਆ। ਬਠਿੰਡਾ ਦੇ ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਦੇ ਵਿਸ਼ੇਸ਼ ਯਤਨਾਂ ਸਦਕਾ ਇਸ ਉਦਯੋਗਿਕ ਖੇਤਰ ਵਿੱਚ ਵਾਟਰ ਸਪਲਾਈ ਅਤੇ ਸੀਵਰੇਜ ਪਾਈਪਲਾਈਨ ਪ੍ਰੋਜੈਕਟ ਦਾ ਵਿਧੀਵਤ ਉਦਘਾਟਨ ਕੀਤਾ ਗਿਆ।

ਇਹ ਕੰਮ ਅੰਮ੍ਰਿਤ ਯੋਜਨਾ ਤਹਿਤ ਕਰਵਾਇਆ ਜਾ ਰਿਹਾ ਹੈ, ਜਿਸ ਦਾ ਉਦੇਸ਼ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਆਧੁਨਿਕ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਹੈ।

ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਨੇ ਮੌਕੇ ’ਤੇ ਪਹੁੰਚ ਕੇ ਟੱਕ ਲਗਾ ਕੇ ਕੰਮ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਵਾਰਡ ਨੰਬਰ 1 ਤੋਂ ਸ੍ਰੀ ਰਾਣਾ, ਆਪ ਦੇ ਬਲਾਕ ਪ੍ਰਧਾਨ ਸ੍ਰੀ ਅੰਕਿਤ ਸਹਿਗਲ, ਸ੍ਰੀ ਮੋਹਿਤ ਗੋਇਲ, ਇੰਡਸਟਰੀਅਲ ਏਰੀਆ ਦੇ ਅਹੁਦੇਦਾਰ ਸ੍ਰੀ ਬਿਮਲ ਬਾਂਸਲ ਲੱਕੀ, ਸ੍ਰੀ ਵਿਕਰਮ ਗਰਗ ਲੱਕੀ, ਸ੍ਰੀ ਪ੍ਰਮੋਦ ਸੈਣੀ, ਸ੍ਰੀ ਪਵਨ, ਸ੍ਰੀ ਜਗਦੀਪ, ਸ੍ਰੀ ਨਿਖਿਲ ਸੈਣੀ, ਸ੍ਰੀ ਸਤੀਸ਼ ਕੁਮਾਰ ਸਮੇਤ ਸਮੂਹ ਉਦਯੋਗਪਤੀ ਹਾਜ਼ਰ ਸਨ।



ਇਸ ਮੌਕੇ ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਨੇ ਕਿਹਾ, ਗਿੱਲਪੱਤੀ-ਸਿਵੀਆਂ ਰੋਡ ਦਾ ਉਦਯੋਗਿਕ ਖੇਤਰ ਪਿਛਲੇ ਕਰੀਬ ਦੋ ਦਹਾਕਿਆਂ ਤੋਂ ਪੀਣ ਵਾਲੇ ਪਾਣੀ ਅਤੇ ਸੀਵਰੇਜ ਵਰਗੀਆਂ ਬੁਨਿਆਦੀ ਸਹੂਲਤਾਂ ਤੋਂ ਵਾਂਝਾ ਸੀ। ਇਹ ਉਦਯੋਗਾਂ ਦੇ ਵਿਕਾਸ ਵਿੱਚ ਸਭ ਤੋਂ ਵੱਡੀਆਂ ਰੁਕਾਵਟਾਂ ਵਿੱਚੋਂ ਇੱਕ ਸੀ। ਸਾਡੀ ਪਹਿਲ ਸ਼ਹਿਰ ਦੇ ਹਰ ਖੇਤਰ ਤੱਕ ਬਰਾਬਰੀ ਨਾਲ ਵਿਕਾਸ ਪਹੁੰਚਾਉਣ ਦੀ ਹੈ। ਇਸੇ ਸੋਚ ਤਹਿਤ ਅੱਜ ਇਸ ਮਹੱਤਵਪੂਰਨ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ ਹੈ।

ਉਨ੍ਹਾਂ ਕਿਹਾ ਕਿ ਅੰਮ੍ਰਿਤ ਯੋਜਨਾ ਤਹਿਤ ਸ਼ੁਰੂ ਕੀਤਾ ਗਿਆ ਇਹ ਪ੍ਰੋਜੈਕਟ ਮੁਕੰਮਲ ਹੋਣ ਤੋਂ ਬਾਅਦ ਉਦਯੋਗਾਂ ਨੂੰ ਸਾਫ਼ ਪੀਣ ਵਾਲੇ ਪਾਣੀ ਦੀ ਨਿਯਮਿਤ ਸਪਲਾਈ ਮਿਲੇਗੀ ਅਤੇ ਆਧੁਨਿਕ ਸੀਵਰੇਜ ਪ੍ਰਬੰਧ ਸਥਾਪਿਤ ਹੋਣ ਨਾਲ ਜਲ ਭਰਾਅ ਅਤੇ ਗੰਦਗੀ ਵਰਗੀਆਂ ਸਮੱਸਿਆਵਾਂ ਤੋਂ ਸਥਾਈ ਰਾਹਤ ਮਿਲੇਗੀ।

ਮੇਅਰ ਨੇ ਅੱਗੇ ਕਿਹਾ ਕਿ ਬਠਿੰਡਾ ਨਗਰ ਨਿਗਮ ਸ਼ਹਿਰ ਦੇ ਹਰ ਖੇਤਰ ਵਿੱਚ ਬੁਨਿਆਦੀ ਸਹੂਲਤਾਂ ਦੇ ਵਿਸਥਾਰ ਲਈ ਵਚਨਬੱਧ ਹੈ। ਆਉਣ ਵਾਲੇ ਸਮੇਂ ਵਿੱਚ ਵੀ ਵਿਕਾਸ ਕਾਰਜਾਂ ਦੀ ਇਹੀ ਰਫ਼ਤਾਰ ਜਾਰੀ ਰਹੇਗੀ ਅਤੇ ਲੋਕਾਂ ਦੀਆਂ ਸਾਲਾਂ ਪੁਰਾਣੀਆਂ ਸਮੱਸਿਆਵਾਂ ਦਾ ਹੱਲ ਪਹਿਲ ਦੇ ਆਧਾਰ ’ਤੇ ਕੀਤਾ ਜਾਵੇਗਾ।

# ਬਿਜਲੀ ਮੁਲਾਜ਼ਮ ਸੰਘਰਸ਼ਸ਼ੀਲ ਮੋਰਚੇ ਦੀ ਵਿੱਤ ਮੰਤਰੀ ਪੰਜਾਬ ਨਾਲ ਮੀਟਿੰਗ ਵਿੱਚ ਬਣੀਆਂ ਸਹਿਮਤੀਆਂ



**ਪਟਿਆਲਾ, 27 ਜੁਲਾਈ**
**-ਜੀ. ਐਸ. ਤੁੰਗ-**

ਮੁੱਖ ਦਫਤਰ ਪਟਿਆਲਾ ਵਿਖੇ ਬਿਜਲੀ ਮੁਲਾਜ਼ਮ ਸੰਘਰਸ਼ਸ਼ੀਲ ਮੋਰਚੇ ਦੀ ਵਿੱਤ ਮੰਤਰੀ ਪੰਜਾਬ ਸਰਦਾਰ ਹਰਪਾਲ ਸਿੰਘ ਚੀਮਾ ਅਤੇ ਸਮੁੱਚੀ ਬਿਜਲੀ ਨਿਗਮ ਮੈਨੇਜ਼ਮੈਂਟ ਨਾਲ ਮੀਟਿੰਗ ਹੋਈ। ਜਿਸ ਵਿੱਚ ਬਿਜਲੀ ਮੁਲਾਜ਼ਮਾਂ ਦੇ ਪਿਛਲੇ ਲੰਬੇ ਸਮੇ ਤੋ ਚਲਦੇ ਆ ਰਹੇ ਮਸਲਿਆਂ ਬਾਰੇ ਵਿਸਥਾਰ ਪੂਰਵਕ ਗੱਲਬਾਤ ਹੋਈ, ਇੱਥੇ ਇਹ ਵੀ ਵਰਣਨਯੋਗ ਹੈ ਕਿ ਮੋਰਚੇ ਦੀਆਂ ਬਿਜਲੀ ਨਿਗਮ ਮੈਨੇਜ਼ਮੈਂਟ ਨਾਲ ਮਿਤੀ 22.7.26 ਅਤੇ ਮਿਤੀ 24.7.26 ਨੂੰ ਪਹਿਲਾਂ ਹੀ ਬਹੁਤ ਸਾਰੇ ਮਸਲਿਆਂ ਤੇ ਬਣੀਆਂ ਸਹਿਮਤੀਆਂ ਤੇ ਵਿੱਤ ਮੰਤਰੀ ਜੀ ਦੀ ਹਾਜ਼ਰੀ ਵਿੱਚ ਬਣੀਆਂ ਸਹਿਮਤੀਆਂ ਜਿੰਨਾਂ ਵਿੱਚ ਮੁਲਾਜ਼ਮਾਂ ਦੀਆਂ ਪ੍ਰਮੁੱਖ ਮੰਗਾਂ ਜਿਵੇ ਕਿ ਮੁਢਲੀ ਤਨਖਾਹ 35400 ਕਰਨਾ, ਮਿਤੀ 17.7.2020 ਤੋ ਬਾਅਦ ਆਏ ਕਰਮਚਾਰੀਆਂ ਨੂੰ 6ਵਾ ਬਿਜਲੀ ਨਿਗਮ ਦਾ ਸਕੇਲ, ਸੀਆਰਏ 249/04, 267/11 ਅਤੇ 281/13 ਦਾ ਮਸਲਾ, 16.4.2010 ਤੋ ਪਹਿਲਾ ਤਰਸ ਦੇ ਅਧਾਰ ਤੇ ਭਰਤੀ ਹੋਏ ਕਰਮਚਾਰੀਆਂ ਦਾ ਮਸਲਾ, ਮੀਟਰ ਰੀਡਰ ।ਪਾਰਟ ਟਾਈਮ ਸਵੀਪਰ, ਪੈਸਕੋ, ਐਨਸੀਸੀ ਨੂੰ ਸਿੱਧੇ ਤੌਰ ਤੇ ਕੰਟਰੈਕਟ ਤੇ ਲੈਣ ਦਾ ਮਸਲਾ, ਬਿਜਲੀ ਘਰਾਂ ਅੰਦਰ ਸੇਫਟੀ ਅਤੇ ਟੂਲ ਕਿਟਾਂ ਦੇਣ, ਓਵਰਟਾਈਮ ਦੀ ਅਦਾਇਗੀ, ਡਿਪਟੀ ਸੀਈਓ ਦਾ ਟਾਈਮਗੈਪ, ਵਿੱਤ ਸਰਕੂਲਰ 3/24 ਪੇ ਪੈਰਿਟੀ, ਏ.ਐਸ.ਐਸ.ਏ. ਦੀਆਂ ਤਰੱਕੀਆਂ, ਸਿੱਧੀ ਭਰਤੀ ਦੀਆਂ ਖਾਲੀ ਪਈਆਂ ਅਸਾਮੀਆਂ ਨੂੰ ਭਰਨਾ, ਪਾਰਟ ਟਾਈਮ ਸਵੀਪਰਾਂ ਨੂੰ ਘੱਟੋ ਘੱਟ ਉਜਰਤਾਂ ਅਤੇ ਸਮਾ ਵਧਾਉਣ, ਲਾਈਨਮੈਨ ਦੀ ਸਿੱਧੀ ਭਰਤੀ ਅਤੇ ਪੈਟਰੌਲ ਅਲਾਊਸ ਵਿੱਚ ਵਾਧਾ, 2011 ਤੋ ਬਾਅਦ ਭਰਤੀ ਕਰਮਚਾਰੀਆਂ ਨੂੰ ਮੁਫਤ ਬਿਜਲੀ, ਫੀਲਡ ਦਫਤਰਾਂ ਅੰਦਰ ਏ.ਸੀ ਦੀ ਸਹੂਲਤ, ਬਿਲਡਿੰਗਾਂ ਦੇ ਸੁਧਾਰ ਲਈ ਲਈ ਰਕਮ, ਮਨਿਸਟਰੀਅਲ ਲੇਖਾ ਵਿਭਾਗੀ ਪ੍ਰਖਿਆਂ ਸਾਲ ਵਿੱਚ ਦੋ ਵਾਰ, ਸਰਕਲ ਪੱਧਰ ਤੇ ਸੀਨੀਅਰ ਸਹਾਇਕ ਦੀਆਂ ਅਸਾਮੀਆਂ ਦੀ ਰਚਨਾ, ਸੁਪਰਡੈਂਟ ਗਰੇਡ 2 ਦੀ ਟਾਈਮ ਗੈਪ 7 ਸਾਲ ਤੋ 5 ਸਾਲ, ਪੇ ਪੈਰਿਟੀ ਅਤੇ ਪੇ ਅਨਾਮਲੀ ਦੇ ਮਸਲੇ, ਪ੍ਰੋਬੇਸ਼ਨ ਸਮੇ ਦੌਰਾਨ ਨੋਸ਼ਨਲ ਨਿਕਰੀਮੈਂਟਾਂ, ਰੋਸਟਰ ਰਜਿਸਟਰ ਤਿਆਰ ਕਰਕੇ ਅਪਲੋਡ ਕਰਨੇ, ਗਰੈਚੁਟੀ ਅਤੇ ਪੈਨਸ਼ਨ ਟਰੱਸਟ ਸ਼ੁਰੂ ਕਰਨ, ਜੇਐਮਆਰ ਤੇ ਦਰਜਾ 4 ਤੋ ਪ੍ਰਮੋਟ ਕਰਮਚਾਰੀਆਂ ਨੂੰ 55 ਸਾਲ ਤੋ ਬਾਅਦ ਟਾਈਪ ਟੈਸਟ ਤੋ ਛੋਟ, ਸ੍ਰੀ ਗੁਰੂ ਅਮਰਦਾਸ ਥਰਮਲ ਪਲਾਂਟ ਵਿਖੇ ਨਵੀਆਂ ਅਸਾਮੀਆਂ ਦੀ ਰਚਨਾ, ਬੇਨਾਮੀ ਸ਼ਿਕਾਇਤਾਂ ਦੇ ਨਿਪਟਾਰੇ ਅਤੇ ਕੈਸ਼ਲੈਸ ਵਰਗੀਆਂ ਸਹੂਲਤਾਂ ਮੁਲਾਜਮਾਂ ਨੂੰ ਦੇਣ ਵਰਗੇ ਮਹੱਤਵਪੂਰਨ ਮੁੱਦਿਆਂ ਤੇ ਸਹਿਮਤੀ ਬਣੀ ਅਤੇ ਵਿੱਤ ਮੰਤਰੀ ਵੱਲੋ ਇੱਕ ਹਫਤੇ ਤੱਕ ਮੋਰਚੇ ਨੂੰ ਸਰਕਾਰ ਨਾਲ ਮੀਟਿੰਗ ਲਈ ਚੰਡੀਗੜ ਬੁਲਾਇਆ ਗਿਆ ਹੈ। ਅੱਜ ਹੋਈ ਮੀਟਿੰਗ ਵਿੱਚ ਹਰਪਾਲ ਸਿੰਘ ਚੀਮਾ, ਚੇਅਰਮੈਨ ਡਾ:ਬਸੰਤ ਗਰਗ ਤੋ ਇਲਾਵਾ ਜੱਥੇਬੰਦੀ ਵੱਲੋ ਸਕੱਤਰ ਸ੍ਰੀ ਅਵਤਾਰ ਸਿੰਘ ਕੈਂਥ, ਹਰਪ੍ਰੀਤ ਸਿੰਘ, ਗੁਰਵਿੰਦਰ ਸਿੰਘ ਗੁਰੂ, ਕਰਮਜੀਤ ਸਿੰਘ ਸਿੱਧੂ, ਅਮਿਤ ਕੁਮਾਰ, ਸੁਰਿੰਦਰ ਧਰਾਂਗਵਾਲਾ, ਛਿੰਦਰ ਸਿੰਘ, ਸਰਦਾਰਾ ਸਿੰਘ ਗੱਜੂਮਾਜਰਾ, ਇੰਜ: ਪਵਿੱਤਰ ਸਿੰਘ ਨੌਲੱਖਾ, ਹਰਜਸ ਸਿੰਘ ਮਹਿਰਾ, ਲਖਵੀਰ ਸਿੰਘ ਖੰਨਾ, ਬਲਵਿੰਦਰ ਸਿੰਘ ਲਹਿਰਾ ਆਦਿ ਸ਼ਾਮਲ ਸਨ।.

# ਵਾਲਮੀਕਿ ਭਾਈਚਾਰੇ ਦੇ ਸੱਦੇ 'ਤੇ ਦੋਆਬਾ 'ਚ 'ਪੰਜਾਬ ਬੰਦ' ਵਰਗਾ ਮਾਹੌਲ; ਦੁਕਾਨਾਂ ਤੇ ਸਕੂਲ ਰਹੇ ਬੰਦ, ਪੁਲਿਸ ਪ੍ਰਸ਼ਾਸਨ ਹਾਈ ਅਲਰਟ 'ਤੇ

**ਜਲੰਧਰ, 27 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਵਾਲਮੀਕਿ ਭਾਈਚਾਰੇ ਵੱਲੋਂ ਦਿੱਤੇ ਗਏ 'ਪੰਜਾਬ ਬੰਦ' ਦੇ ਸੱਦੇ ਕਾਰਨ ਸੋਮਵਾਰ ਨੂੰ ਪੂਰੇ ਦੋਆਬਾ ਖੇਤਰ ਵਿੱਚ ਬੰਦ ਵਰਗੀ ਸਥਿਤੀ ਦੇਖਣ ਨੂੰ ਮਿਲੀ। ਭਾਈਚਾਰੇ ਦੇ ਆਗੂਆਂ ਵੱਲੋਂ ਦੁਕਾਨਾਂ, ਵਪਾਰਕ ਅਦਾਰਿਆਂ ਅਤੇ ਵਿਦਿਅਕ ਅਦਾਰਿਆਂ ਨੂੰ ਬੰਦ ਰੱਖਣ ਦੀ ਅਪੀਲ ਕੀਤੀ ਗਈ ਸੀ, ਜਿਸ ਦਾ ਵਿਆਪਕ ਅਸਰ ਦੇਖਣ ਨੂੰ ਮਿਲਿਆ।

ਇਹ ਬੰਦ ਕੁੱਝ ਦਿਨ ਪਹਿਲਾਂ ਬਰਨਾਲਾ ਵਿਖੇ ਸਫ਼ਾਈ ਸੇਵਕਾਂ 'ਤੇ ਹੋਏ ਲਾਠੀਚਾਰਜ ਦੇ ਵਿਰੋਧ ਵਿੱਚ ਬੁਲਾਇਆ ਗਿਆ ਸੀ। ਜਲੰਧਰ ਵਿੱਚ ਵਿਪਨ ਸਭਰਵਾਲ ਦੀ ਅਗਵਾਈ ਹੇਠ ਭਾਈਚਾਰਕ ਆਗੂਆਂ ਨੇ ਇਸ ਪੁਲੀਸ ਕਾਰਵਾਈ ਲਈ ਜ਼ਿੰਮੇਵਾਰ ਡੀਐੱਸਪੀ ਸਤਬੀਰ ਸਿੰਘ ਨੂੰ ਬਰਖ਼ਾਸਤ ਕਰਨ ਦੀ ਮੰਗ ਕੀਤੀ ਹੈ, ਜਿਨ੍ਹਾਂ ਨੂੰ ਪਹਿਲਾਂ ਹੀ ਮੁਅੱਤਲ (ਸਸਪੈਂਡ) ਕੀਤਾ ਜਾ ਚੁੱਕਾ ਹੈ।

ਬੰਦ ਦੇ ਸੱਦੇ ਨੂੰ ਦੇਖਦਿਆਂ ਕੈਮਬ੍ਰਿਜ ਇਨੋਵੇਟਿਵ ਸਕੂਲ, ਇਨੋਸੈਂਟ ਹਾਰਟਸ ਸਕੂਲ, ਡਿਪਸ (DIPS) ਸਕੂਲ ਅਤੇ ਐੱਮ.ਜੀ.ਐੱਨ. ($7©) ਸਕੂਲ ਸਮੇਤ ਜ਼ਿਆਦਾਤਰ ਨਿੱਜੀ ਸਕੂਲਾਂ ਨੇ ਐਤਵਾਰ ਰਾਤ ਨੂੰ ਹੀ ਮਾਪਿਆਂ ਨੂੰ ਮੈਸੇਜ ਭੇਜ ਕੇ ਬੱਚਿਆਂ ਨੂੰ ਸਕੂਲ ਨਾ ਭੇਜਣ ਦੀ ਹਦਾਇਤ ਕਰ ਦਿੱਤੀ ਸੀ ਅਤੇ ਸਕੂਲ ਬੰਦ ਰੱਖਣ ਦਾ ਐਲਾਨ ਕੀਤਾ ਸੀ।

ਜ਼ਿਕਰਯੋਗ ਹੈ ਕਿ ਦੋਆਬੇ ਦੇ ਜ਼ਿਲ੍ਹਿਆਂ: ਜਲੰਧਰ, ਹੁਸ਼ਿਆਰਪੁਰ, ਕਪੂਰਥਲਾ ਅਤੇ ਨਵਾਂਸ਼ਹਿਰ ਵਿੱਚ ਵਾਲਮੀਕਿ ਭਾਈਚਾਰੇ ਦੀ ਵਧੀਆ ਗਿਣਤੀ ਹੈ, ਜਿਸ ਕਾਰਨ ਬੰਦ ਦੇ ਸੱਦੇ ਦਾ ਸਭ ਤੋਂ ਵੱਧ ਪ੍ਰਭਾਵ ਇਸੇ ਖੇਤਰ ਵਿੱਚ ਦੇਖਣ ਨੂੰ ਮਿਲਿਆ। ਸਥਿਤੀ ਨੂੰ ਦੇਖਦਿਆਂ ਪੁਲੀਸ ਪ੍ਰਸ਼ਾਸਨ ਵੀ ਪੂਰੀ ਤਰ੍ਹਾਂ ਚੌਕਸ ਅਤੇ ਹਾਈ ਅਲਰਟ 'ਤੇ ਹੈ।

# ਮਾਡਲ ਸਕੂਲ ਵਿਖੇ ਵਿਦਿਆਰਥੀਆਂ ਵੱਲੋਂ ਡਾ. ਏ.ਪੀ.ਜੇ ਅਬਦੁਲ ਕਲਾਮ ਜੀ ਨੂੰ ਅਤੇ ਕਾਰਗਿੱਲ ਵਿਜੇ ਦਿਵਸ ਦੇ ਸ਼ਹੀਦਾਂ ਨੂੰ ਯਾਦ ਕੀਤਾ ਗਿਆ




**ਪਟਿਆਲਾ, 27 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਡਲ ਸਕੂਲ ਵਿਖੇ ਅੱਜ ਸਵੇਰ ਦੀ ਸਭਾ ਵਿੱਚ ਵਿਦਿਆਰਥੀਆਂ ਵੱਲੋਂ 27ਵਾਂ ਕਾਰਗਿੱਲ ਵਿਜੇ ਦਿਵਸ ਮਨਾਉਣ ਦੇ ਨਾਲ ਹੀ ਡਾ. ਏ. ਪੀ .ਜੇ ਅਬਦੁਲ ਕਲਾਮ ਜੀ ਨੂੰ ਯਾਦ ਕੀਤਾ ਗਿਆ। ਇਸ ਮੌਕੇ ਵਿਦਿਆਰਥਣ ਸੁਖਮਨਪ੍ਰੀਤ ਕੌਰ, ਰਮਨਪ੍ਰੀਤ ਕੌਰ, ਦਿ ?ਸਟੀ ਅਤੇ ਚਾਹਤ ਭਾਰਦਵਾਜ ਵੱਲੋਂ ਕਾਰਗਿੱਲ ਵਿਜੇ ਦਿਵਸ ਅਤੇ ਡਾ. ਏ.ਪੀ.ਜੇ ਅਬਦੁਲ ਕਲਾਮ ਜੀ ਤੇ ਚਾਨਣਾ ਪਾਇਆ ਅਤੇ ਆਪਣੇ ਵਿਚਾਰ ਸਾਂਝੇ ਕੀਤੇ। ਇਸੇ ਮੌਕੇ ਸਕੂਲ ਵਿਦਿਆਰਥੀਆਂ ਵੱਲੋਂ ਪੂਰਵ ਰਾਸ਼ਟਰਪਤੀ ਡਾ. ਏ.ਪੀ.ਜੇ ਅਬਦੁਲ ਕਲਾਮ ਜੀ ਨੂੰ ਯਾਦ ਕੀਤਾ ਗਿਆ। ਇਸ ਮੌਕੇ ਸਕੂਲ ਦੇ ਇੰਚਾਰਜ ਸ੍. ਸਤਵੀਰ ਸਿੰਘ ਗਿੱਲ ਨੇ ਵਿਦਿਆਰਥੀਆਂ ਨੂੰ 26 ਜੁਲਾਈ 1999 ਨੂੰ ਹੋਈ ਕਾਰਗਿੱਲ ਜੰਗ ਤੇ ਦੇਸ਼ ਦੀ ਖਾਤਰ ਆਪਣੀ ਆਨ -ਬਾਨ ਤੇ ਸ਼ਾਨ ਦੀ ਖਾਤਰ ਜਾਨਾ ਨਿਛਾਵਰ ਕਰਨ ਵਾਲੇ ਅਤੇ ਤਿਰੰਗੇ ਝੰਡੇ ਦੀ ਰਾਖੀ ਕਰਨ ਵਾਲੇ ਬਹਾਦਰ ਫ਼ੌਜੀਆਂ ਨੂੰ ਸ਼ਰਧਾਜਲੀ ਭੇਟ ਕੀਤੀ ਅਤੇ ਨਾਲ ਹੀ ਇੰਨ੍ਹਾਂ ਵੱਲੋਂ ਬੱਚਿਆਂ ਨੂੰ ਦੱਸਿਆ ਗਿਆ ਕਿ ਡਾ. ਅਬਦੁਲ ਕਲਾਮ 1974 ਵਿੱਚ ਭਾਰਤ ਦਾ ਪਹਿਲਾ ਐਟਮੀ ਤਜਰਬਾ ਕੀਤਾ ਸੀ। ਜਿਸਦੇ ਸਬੱਬ ਉਨ੍ਹਾਂ ਨੂੰ ਮਿਜ਼ਾਹੀਲ ਮੈਨ ਵੀ ਕਿਹਾ ਜਾਂਦਾ ਸੀ। ਇੰਚਾਰਜ ਸਕੂਲ ਵੱਲੋਂ ਵਿਦਿਆਰਥੀਆਂ ਨੂੰ ਅਜਿਹੀ ਸਖਸ਼ਿਅਤ ਤੋਂ ਸੇਧ ਲੈਣ ਦਾ ਸੁਨੇਹਾ ਦਿੱਤਾ।

ਇਸ ਮੌਕੇ ਸਕੂਲ ਦਾ ਸਾਰਾ ਸਟਾਫ ਮੌਜੂਦ ਰਿਹਾ।

# ਸਪੀਕਰ ਕੁਲਤਾਰ ਸਿੰਘ ਸੰਧਵਾਂ, ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੱਲੋਂ 'ਭੰਡਾ ਭੰਡਾਰੀਆ' ਲੋਕ ਅਰਪਣ, ਪੰਜਾਬ ਦੀ ਲੋਕ-ਵਿਰਾਸਤ ਨੂੰ ਸੰਭਾਲਣ ਦਾ ਸੱਦਾ

**ਬਠਿੰਡਾ, 27 ਜੁਲਾਈ**
**-ਗੁਰਤੇਜ ਅਤਲਾ-**




ਸਪੀਕਰ ਪੰਜਾਬ ਸ਼੍ਰੀ ਕੁਲਤਾਰ ਸਿੰਘ ਸੰਧਵਾਂ ਅਤੇ ਮੰਤਰੀ ਸ਼੍ਰੀ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਪੰਜਾਬੀ ਭਾਸ਼ਾ ਅਤੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਵਾਲੀ ਕਿਤਾਬ ਭੰਡਾ ਭੰਡਾਰੀਆ ਅੱਜ ਬਠਿੰਡਾ ਵਿਖੇ ਲੋਕ ਅਰਪਣ ਕੀਤੀ ਗਈ।

ਇਸ ਮੌਕੇ ਉਨ੍ਹਾਂ ਲੇਖਕ ਸਾਧੂ ਰਾਮ ਕੁਸਲਾ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਪੰਜਾਬ ਦੀ ਲੋਕ-ਸੱਭਿਆਚਾਰਕ ਵਿਰਾਸਤ ਨੂੰ ਸੰਭਾਲਣਾ ਅਤੇ ਇਸ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣਾ ਸਮੇਂ ਦੀ ਮੁੱਖ ਲੋੜ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪੰਜਾਬੀ ਭਾਸ਼ਾ, ਲੋਕ-ਕਲਾ, ਲੋਕ-ਸਾਹਿਤ ਅਤੇ ਸੱਭਿਆਚਾਰ ਦੇ ਪ੍ਰਚਾਰ-ਪ੍ਰਸਾਰ ਲਈ ਵਿਸ਼ੇਸ਼ ਉਪਰਾਲੇ ਕਰ ਰਹੀ ਹੈ, ਤਾਂ ਜੋ ਪੰਜਾਬ ਦੀ ਅਮੀਰ ਵਿਰਾਸਤ ਨੂੰ ਸੰਭਾਲਿਆ ਜਾ ਸਕੇ ਅਤੇ ਆਉਣ ਵਾਲੀਆਂ ਪੀੜ੍ਹੀਆਂ ਆਪਣੀਆਂ ਜੜ੍ਹਾਂ ਨਾਲ ਜੁੜੀਆਂ ਰਹਿਣ।

ਕੈਬਨਿਟ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ 'ਭੰਡਾ ਭੰਡਾਰੀਆ' ਪੁਸਤਕ ਨੂੰ ਪੰਜਾਬ ਦੀ ਲੋਕ-ਵਿਰਾਸਤ ਨੂੰ ਸਾਂਭਣ ਵਾਲਾ ਮਹੱਤਵਪੂਰਨ ਉਪਰਾਲਾ ਕਰਾਰ ਦਿੰਦਿਆਂ ਕਿਹਾ ਕਿ ਅਜਿਹੀਆਂ ਪੁਸਤਕਾਂ ਸਾਡੀ ਲੋਕ-ਸੱਭਿਆਚਾਰਕ ਧਰੋਹਰ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।

ਇਸ ਦੌਰਾਨ ਹਾਜ਼ਰ ਸਾਹਿਤਕਾਰਾਂ ਨੇ ਕਿਤਾਬ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਅਜਿਹੇ ਉਪਰਾਲੇ ਪੰਜਾਬੀ ਸਾਹਿਤ ਦੇ ਭੰਡਾਰ ਨੂੰ ਹੋਰ ਅਮੀਰ ਕਰਨਗੇ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੀ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ ਅਤੇ ਭਰੋਸਾ ਦਿੱਤਾ ਗਿਆ ਕਿ ਜ਼ਿਲ੍ਹੇ ਦੇ ਸਕੂਲਾਂ ਅਤੇ ਲਾਇਬ੍ਰੇਰੀਆਂ ਵਿੱਚ ਇਸ ਕਿਤਾਬ ਨੂੰ ਪੜ੍ਹਨ ਲਈ ਉਪਲਬਧ ਕਰਵਾਇਆ ਜਾਵੇਗਾ। ਸਮਾਗਮ ਦੇ ਅੰਤ ਵਿੱਚ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਵਿਧਾਇਕ ਬਠਿੰਡਾ (ਸ਼ਹਿਰੀ) ਸ. ਜਗਰੂਪ ਸਿੰਘ ਗਿੱਲ,ਵਿਧਾਇਕ ਭੁੱਚੋ ਮੰਡੀ ਮਾਸਟਰ ਜਗਸੀਰ ਸਿੰਘ, ਮੇਅਰ ਨਗਰ ਨਿਗਮ ਸ੍ਰੀ ਪਦਮਜੀਤ ਸਿੰਘ ਮਹਿਤਾ, ਪੰਜਾਬ ਮੀਡੀਅਮ ਇੰਡਸਟਰੀ ਡਿਵੈਲਪਮੈਂਟ ਬੋਰਡ ਦੇ ਚੇਅਰਮੈਨ ਸ੍ਰੀ ਨੀਲ ਗਰਗ, ਸਾਬਕਾ ਵਿਧਾਇਕ ਸ੍ਰੀ ਹਰਦੇਵ ਅਰਸ਼ੀ ਤੋਂ ਇਲਾਵਾ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸਾਹਿਤਕਾਰਾਂ, ਅਧਿਆਪਕਾਂ, ਵਿਦਿਆਰਥੀਆਂ ਅਤੇ ਸੱਭਿਆਚਾਰਕ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਭਾਗ ਲਿਆ।

# ਕਾਰਗਿਲ ਵਿਜੇ ਦਿਵਸ਼ ਮੋਕੇ ਦੇਸ਼ ਦੇ ਸ਼ਹੀਦ ਬਹਾਦਰ ਜਵਾਨਾਂ ਦੀ ਨਿੱਘੀ ਯਾਦ ਵਿੱਚ ਬੂਟੇ ਲਗਾਏ

**ਪਟਿਆਲਾ, 27 ਜੁਲਾਈ**
**-ਜੀ. ਐਸ. ਤੁੰਗ-**



ਵਾਤਾਵਰਨ ਨੂੰ ਸ਼ੁੱਧ ਅਤੇ ਹਰਾ-ਭਰਾ ਬਣਾਉਣ ਦੇ ਮੰਤਵ ਨਾਲ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਪਾਵਰ ਹਾਊਸ ਯੂਥ ਕਲੱਬ , ਯੁਵਕ ਸੇਵਾਵਾਂ ਕਲੱਬ ਦੀਪ ਨਗਰ ਵੱਲੋਂ ਕਾਰਗਿਲ ਵਿਜੇ ਦਿਵਸ਼ ਮੌਕੇ ਪਟਿਆਲਾ ਦੇ ਵੱਖ ਵੱਖ ਪਾਰਕਾਂ ਵਿਖੇ ਬੂਟੇ ਲਗਾਉਣ ਦੀ ਵਿਸ਼ੇਸ਼ ਮੁਹਿੰਮ ਦਾ ਆਯੋਜਨ ਕੀਤਾ ਗਿਆ। ਇਸ ਮੁਹਿੰਮ ਵਿੱਚ ਵਿਸ਼ੇਸ਼ ਤੌਰ 'ਤੇ ਐਸ.ਪੀ. ਓਲੰਪੀਅਨ ਹਰਵੰਤ ਕੌਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਵਿਸ਼ੇਸ਼ ਤੌਰ ਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ ਪਟਿਆਲਾ ਪੁਲਿਸ, ਮੈਂਬਰ ਵੂਮੈਨ ਕੋਸਲਿਗ ਸੈਲ ਪਟਿਆਲਾ ਪੁਲਿਸ, ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੋਰਮਿੰਟ ਬਿਕਰਮ ਕਾਲਜ ਆਫ ਕਾਮਰਸ, ਗੁਰਜੀਤ ਸਿੰਘ ਲੱਕੀ ਹਰਦਾਸਪੁਰ, ਗੁਰਸਾਹਿਬ ਸਿੰਘ, ਗੁਰਕੀਰਤ ਸਿੰਘ,ਗੁਰਮਨਜੋਤ ਕੋਰ, ਗਗਨਪ੍ਰੀਤ ਕੋਰ, ਖੁਸ਼ਪ੍ਰੀਤ ਕੋਰ ਨੇ ਸ਼ਿਰਕਤ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਓਲੰਪੀਅਨ ਹਰਵੰਤ ਕੌਰ ਨੇ ਕਿਹਾ ਕਿ ਸਮਾਜ ਸੇਵੀ ਸੰਸਥਾਵਾਂ ਵੱਲੋਂ ਕਾਰਗਿਲ ਵਿਜੇ ਦਿਵਸ਼ ਮੌਕੇ ਦੇਸ਼ ਦੇ ਸ਼ਹੀਦ ਬਹਾਦਰ ਜਵਾਨਾਂ ਦੀ ਯਾਦ ਵਿੱਚ ਬੂਟੇ ਲਗਾਕੇ ਉਹਨਾਂ ਨੂੰ ਸ਼ਰਧਾਂਜਲੀ ਭੇਟ ਕਰਨਾ ਸ਼ਲਾਘਾਯੋਗ ਉਪਰਾਲਾ ਹੈ। ਅੱਜ ਦੇ ਸਮੇਂ ਵਿੱਚ ਵਾਤਾਵਰਨ ਪ੍ਰਦੂਸ਼ਣ ਇੱਕ ਗੰਭੀਰ ਸਮੱਸਿਆ ਬਣ ਚੁੱਕਾ ਹੈ। ਵੱਧ ਰਹੇ ਪ੍ਰਦੂਸ਼ਣ ਕਾਰਨ ਮਨੁੱਖੀ ਸਿਹਤ 'ਤੇ ਬੁਰਾ ਅਸਰ ਪੈ ਰਿਹਾ ਹੈ। ਇਸ ਤੋਂ ਬਚਾਅ ਦਾ ਇੱਕੋ-ਇੱਕ ਹੱਲ ਵੱਧ ਤੋਂ ਵੱਧ ਬੂਟੇ ਲਗਾਉਣਾ ਹੈ।

# ਸਰਕਾਰੀ ਪੌਲੀਟੈਕਨਿਕ ਕਾਲਜ, ਪਟਿਆਲਾ ਨੂੰ ਫਾਰਮੇਸੀ ਵਿੱਚ ਡਿਪਲੋਮਾ ਪ੍ਰੋਗਰਾਮ ਲਈ ਪ੍ਰਾਪਤ ਹੋਈ ਗ੍ਰੇਡ 'ਏ' ਕਿਊ ਸੀ ਆਈ ਮਾਨਤਾ

**ਪਟਿਆਲਾ, 27 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਰਕਾਰੀ ਪੌਲੀਟੈਕਨਿਕ ਕਾਲਜ, ਪਟਿਆਲਾ ਨੇ ਮੌਜੂਦਾ ਅਕਾਦਮਿਕ ਸੈਸ਼ਨ ਲਈ ਆਪਣੇ ਫਾਰਮੇਸੀ ਪ੍ਰੋਗਰਾਮ ਲਈ ਨੈਸ਼ਨਲ ਐਕਰੀਡੀਟੇਸ਼ਨ ਬੋਰਡ ਫਾਰ ਐਜੂਕੇਸ਼ਨ ਐਂਡ ਟ੍ਰੇਨਿੰਗ (ਐਨ ਏ ਬੀ ਈ ਟੀ) ਰਾਹੀਂ ਕੁਆਲਿਟੀ ਕੌਂਸਲ ਆਫ਼ ਇੰਡੀਆ (ਕਿਊ ਸੀ ਆਈ) ਤੋਂ ਗ੍ਰੇਡ 'ਏ' ਮਾਨਤਾ ਪ੍ਰਾਪਤ ਕਰਕੇ ਇੱਕ ਮਹੱਤਵਪੂਰਨ ਮੀਲ ਪੱਥਰ ਪ੍ਰਾਪਤ ਕੀਤਾ ਹੈ।

ਜਾਣਕਾਰੀ ਸਾਂਝੀ ਕਰਦੇ ਹੋਏ, ਪ੍ਰਿੰਸੀਪਲ ਜਗਦੇਵ ਸਿੰਘ ਕਾਲੇਕਾ ਨੇ ਕਿਹਾ ਕਿ ਸੰਸਥਾ ਨੂੰ ਡੈਸਕਟੌਪ ਮੁਲਾਂਕਣ, ਇੱਕ ਆਨ-ਸਾਈਟ ਮੁਲਾਂਕਣ ਅਤੇ ਇੱਕ ਵਿਆਪਕ ਸੰਸਥਾਗਤ ਸਮੀਖਿਆ ਸਮੇਤ ਇੱਕ ਸਖ਼ਤ ਤਿੰਨ-ਪੜਾਵੀ ਮੁਲਾਂਕਣ ਪ੍ਰਕਿਰਿਆ ਨੂੰ ਸਫਲਤਾਪੂਰਵਕ ਕਰਨ ਤੋਂ ਬਾਅਦ ਵੱਕਾਰੀ ਮਾਨਤਾ ਪ੍ਰਦਾਨ ਕੀਤੀ ਗਈ।

ਉਨ੍ਹਾਂ ਕਿਹਾ ਕਿ ਇਹ ਮੁਲਾਂਕਣ ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਪੰਜਾਬ ਦੀ ਅਗਵਾਈ ਹੇਠ ਕੀਤਾ ਗਿਆ ਸੀ, ਅਤੇ ਇਹ ਸੰਸਥਾ ਦੀ ਅਕਾਦਮਿਕ ਉੱਤਮਤਾ, ਗੁਣਵੱਤਾ ਸਿੱਖਿਆ ਅਤੇ ਸੰਸਥਾਗਤ ਸ਼ਾਸਨ ਦੇ ਉੱਚ ਮਿਆਰਾਂ ਨੂੰ ਬਣਾਈ ਰੱਖਣ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਪ੍ਰਾਪਤੀ ਨੂੰ ਉਜਾਗਰ ਕਰਦੇ ਹੋਏ, ਪ੍ਰਿੰਸੀਪਲ ਨੇ ਦੱਸਿਆ ਕਿ ਸਰਕਾਰੀ ਪੌਲੀਟੈਕਨਿਕ ਕਾਲਜ, ਪਟਿਆਲਾ ਕਿਊ ਸੀ ਆਈ-ਐਨ ਏ ਬੀ ਈ ਟੀ ਮਾਨਤਾ ਢਾਂਚੇ ਦੇ ਤਹਿਤ ਖੇਤਰ ਵਿੱਚ ਦੂਜੇ ਸਭ ਤੋਂ ਉੱਚੇ ਦਰਜੇ ਵਾਲੇ ਸੰਸਥਾਂ ਵਜੋਂ ਉਭਰਿਆ ਹੈ, ਜਿਸ ਵਿੱਚ ਪੰਜਾਬ, ਚੰਡੀਗੜ੍ਹ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਰਾਜਸਥਾਨ ਸ਼ਾਮਲ ਹਨ।

ਜਗਦੇਵ ਸਿੰਘ ਕਾਲੇਕਾ ਨੇ ਕਿਹਾ ਕਿ ਇਹ ਮਾਨਤਾ ਫੈਕਲਟੀ, ਸਟਾਫ਼ ਅਤੇ ਵਿਦਿਆਰਥੀਆਂ ਦੇ ਗੁਣਵੱਤਾਪੂਰਨ ਸਿੱਖਿਆ ਅਤੇ ਨਿਰੰਤਰ ਸੁਧਾਰ ਨੂੰ ਯਕੀਨੀ ਬਣਾਉਣ ਲਈ ਸਮਰਪਿਤ ਯਤਨਾਂ ਦਾ ਪ੍ਰਮਾਣ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਮਾਨਤਾ ਸੰਸਥਾ ਦੀ ਸਾਖ ਨੂੰ ਹੋਰ ਮਜ਼ਬੂਤ ਕਰੇਗੀ ਅਤੇ ਆਉਣ ਵਾਲੇ ਸਾਲਾਂ ਵਿੱਚ ਇਸਨੂੰ ਹੋਰ ਵੀ ਵੱਡੀ ਅਕਾਦਮਿਕ ਉੱਤਮਤਾ ਪ੍ਰਾਪਤ ਕਰਨ ਲਈ ਪ੍ਰੇਰਿਤ ਕਰੇਗੀ।

# 20 ਸਾਲ ਪੁਰਾਣੇ ਅਕਾਲੀ ਦਲ ਐਸ.ਸੀ. ਵਿੰਗ ਦੇ ਸੀਨੀਅਰ ਆਗੂ ਆਪਣੇ ਸਾਥੀਆਂ ਸਮੇਤ ਆਪ ਵਿੱਚ ਹੋਏ ਸ਼ਾਮਲ



**ਪਟਿਆਲਾ, 27 ਜੁਲਾਈ**
**-ਛਤਰਪਾਲ ਸਿੰਘ-**

ਜਿਲਾ ਯੋਜਨਾ ਬੋਰਡ ਦੇ ਚੇਅਰਮੈਨ ਤੇਜਿੰਦਰ ਮਹਿਤਾ ਅਤੇ ਮਸੀਹ ਭਲਾਈ ਬੋਰਡ ਦੇ ਚੇਅਰਮੈਨ ਸ਼ਹਿਰੀ ਜ਼ੋਨ ਮਸੀਹ ਦੀ ਹਾਜਰੀ ਵਿੱਚ ਅਕਾਲੀ ਦਲ ਨੂੰ ਉਸ ਵੇਲੇ ਵੱਡਾ ਝੱਟਕਾ ਲੱਗਿਆ ਜਦੋਂ ਸ਼੍ਰੋਮਣੀ ਅਕਾਲੀ ਦਲ ਐਸ.ਸੀ. ਵਿੰਗ ਵਿੱਚ 20 ਸਾਲ ਜਿਲਾ ਪੱਧਰ ਤੇ ਸੇਵਾਵਾਂ ਨਿਭਾਉਣ ਵਾਲੇ ਦੋ ਸੀਨੀਅਰ ਆਗੂ ਗੁਰਪਾਲ ਸਿੰਘ ਸਿੱਧੂ ਐਡਵੋਕੇਟ ਅਤੇ ਰਾਜੇਸ਼ ਕੁਮਾਰ ਕਾਲਾ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ, ਜਿਨ੍ਹਾਂ ਦਾ ਚੇਅਰਮੈਨ ਤੇਜਿੰਦਰ ਮਹਿੰਤਾ ਵੱਲੋਂ ਸਵਾਗਤ ਕੀਤਾ ਗਿਆ। ਗੁਰਪਾਲ ਸਿੰਘ ਸਿੱਧੂ ਐਡਵੋਕੇਟ ਅਕਾਲੀ ਦਲ ਐਸ.ਸੀ. ਵਿੰਗ ਵਿੱਚ ਜਿਲਾ ਪੱਧਰ ਤੇ ਬਤੌਰ ਸੀਨੀਅਰ ਮੀਤ ਪ੍ਰਧਾਨ ਅਤੇ ਰਾਜੇਸ਼ ਕੁਮਾਰ ਕਾਲਾ ਜਨਰਲ ਸਕੱਤਰ ਦੇ ਅਹੁਦਿਆ ਤੇ ਰਹੇ ਸਨ ਜਿਹੜੇ ਕਿ 20 ਸਾਲ ਅਕਾਲੀ ਨਾਲ ਜੁੜੇ ਰਹੇ। ਇਸ ਦੌਰਾਨ ਆਪ ਵਿੱਚ ਸ਼ਾਮਲ ਹੋਣ ਦੇ ਸਬੰਧ ਵਿੱਚ ਗੁਰਪਾਲ ਸਿੰਘ ਸਿੱਧੂ ਐਡਵੋਕੇਟ ਅਤੇ ਰਾਜੇਸ਼ ਕੁਮਾਰ ਕਾਲਾ ਨੇ ਸਾਂਝੇ ਤੌਰ ਤੇ ਕਿਹਾ ਕਿ ਅਕਾਲੀ ਦਲ ਦੇ ਦਲਿਤ ਵੋਟ ਬੈਂਕ ਦੀ ਮਜਬੂਤੀ ਉਹ ਇਮਾਨਦਾਰੀ ਤੇ ਤਨਦੇਹੀ ਨਾਲ ਕਾਰਜ ਕਰਦੇ ਤੇ ਆਪਣਾ ਕੀਮਤੀ ਸਮਾਂ ਕੱਢਦੇ ਰਹੇ ਹਨ। ਪਰ ਇਸਦੇ ਬਾਵਜੂਦ ਪਾਰਟੀ ਹਿੱਤ ਵਿੱਚ ਕੀਤੇ ਗਏ ਕਾਰਜਾਂ ਬਦਲੇ ਬਣਦਾ ਸਨਮਾਨ ਸਾਨੂੰ ਅਕਾਲੀ ਦਲ ਵਿੱਚ ਕਦੇ ਵੀ ਨਹੀਂ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਜਿੱਥੇ ਆਪਣੀ ਲੋਕ ਭਲਾਈ ਨੀਤੀਆਂ ਰਾਹੀਂ ਪੰਜਾਬ ਵਾਸੀਆਂ ਦੇ ਦਿਲਾਂ ਨੂੰ ਜਿੱਤਣ ਵਿੱਚ ਕਾਮਯਾਬ ਰਹੀ ਹੈ ਉੱਥੇ ਹੀ ਆਪ ਦੇ ਵਰਕਰਾਂ, ਅਹੁਦੇਦਾਰਾਂ ਨੂੰ ਵੀ ਮਾਨ-ਸਨਮਾਨ ਦੇਣ ਵਿੱਚ ਪਿੱਛੇ ਨਹੀਂ ਹੈ। ਜਿਸ ਕਾਰਨ ਅਸੀਂ ਆਪ ਵਿੱਚ ਸ਼ਾਮਲ ਹੋਏ ਹਾਂ। ਉਨ੍ਹਾਂ ਕਿਹਾ ਕਿ ਜਲਦ ਹੀ ਦਲਿਤ ਭਾਈਚਾਰੇ ਨਾਲ ਸਬੰਧਤ ਪਰਿਵਾਰਾਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਆਮ ਆਦਮੀ ਪਾਰਟੀ ਨਾਲ ਜ਼ੋੜਿਆ ਜਾਵੇਗਾ। ਇਸ ਮੌਕੇ ਸੋਹਣ ਸਿੰਘ ਸਿੱਧੂ, ਲੱਕੀ ਖੋਖਰ, ਸੁਨੀਤਾ ਵਰਮਾ, ਲਾਭ ਸਿੰਘ, ਕ੍ਰਿਸ਼ਨ ਲਾਲ ਐਡਵੋਕੇਟ, ਆਦਿ ਸਾਥੀ ਵੀ ਮੌਜੂਦ ਸਨ।

# ਨਾਭਾ ਦੇ ਪਿੰਡ ਰੈਸਲ ਤੇ ਗੋਬਿੰਦਪੁਰਾ 'ਚ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀ ਦਸਤਾਵੇਜ਼ੀ ਦਾ ਪ੍ਰਦਰਸ਼ਨ

**ਨਾਭਾ, 27 ਜੁਲਾਈ**
**-ਹਰਸ਼ਪ੍ਰੀਤ ਕੌਰ-**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਤਹਿਤ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਐਲ.ਈ.ਡੀ. ਸਕਰੀਨਾਂ ਰਾਹੀਂ 30 ਮਿੰਟ ਦੀ ਦਸਤਾਵੇਜ਼ੀ ਦਿਖਾਈ ਗਈ। ਨਾਭਾ ਬਲਾਕ ਦੇ ਪਿੰਡ ਰੈਸਲ ਅਤੇ ਗੋਬਿੰਦਪੁਰਾ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਸ ਦਾ ਲਾਹਾ ਲਿਆ।

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਤਿਆਰ ਕੀਤੀ ਗਈ ਇਹ ਦਸਤਾਵੇਜ਼ੀ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫ਼ੇ ਅਤੇ ਸਮਾਨਤਾ, ਸਮਾਜਿਕ ਨਿਆਂ, ਪ੍ਰਭੂ ਭਗਤੀ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਮਹੱਤਵਪੂਰਨ ਉਪਰਾਲਾ ਹੈ। ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ ਹਰੇਕ ਪਿੰਡ ਵਿੱਚ ਇਹ ਦਸਤਾਵੇਜ਼ੀ ਦਿਖਾਈ ਜਾ ਰਹੀ ਹੈ ਤਾਂ ਜੋ ਖ਼ਾਸ ਕਰਕੇ ਨੌਜਵਾਨ ਪੀੜ੍ਹੀ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੋਂ ਜਾਣੂ ਹੋ ਸਕੇ। ਦਸਤਾਵੇਜ਼ੀ ਦੇਖਣ ਉਪਰੰਤ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੂੰ ਸੱਚੀ ਸ਼ਰਧਾਂਜਲੀ ਹੈ। ਪਿੰਡ ਵਾਸੀਆਂ ਨੇ ਕਿਹਾ ਕਿ ਗੁਰੂ ਸਾਹਿਬ ਦਾ ਸਮਾਨਤਾ, ਭਾਈਚਾਰੇ ਅਤੇ ਭੇਦਭਾਵ ਰਹਿਤ ਸਮਾਜ ਦਾ ਸੰਦੇਸ਼ ਅੱਜ ਵੀ ਉਤਨਾ ਹੀ ਪ੍ਰਸੰਗਿਕ ਹੈ ਅਤੇ ਅਜਿਹੀਆਂ ਪਹਿਲਕਦਮੀਆਂ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਆਦਰਸ਼ਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ। ਇਸ ਮੌਕੇ ਪਿੰਡਾਂ ਦੇ ਪੰਚਾਇਤੀ ਨੁਮਾਇੰਦੇ, ਸਮਾਜ ਸੇਵੀ, ਧਾਰਮਿਕ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਆਪਣੇ ਜਨਮ ਦਿਨ ਤੇ ਹਰ ਮਨੁੱਖ ਲਾਵੇ ਦੋ ਰੁੱਖ ਮੁਹਿੰਮ ਨਾਲ ਜੁੜੋ : ਡਾ ਰਵਿੰਦਰਪਾਲ ਸਿੰਘ ਡਿਪਟੀ ਡੀ ਓ



**ਪਟਿਆਲਾ, 27 ਜੁਲਾਈ**
**-ਛਤਰਪਾਲ ਸਿੰਘ-**

ਅੱਜ ਪੀ ਐਮ ਸ੍ਰੀ ਸਹਿਜ ਸਕੂਲ ਮਲਟੀਪਰਪੱਜ ਪਾਸੀ ਰੋਡ ਪਟਿਆਲਾ ਦੇ ਸਪੋਰਟਸ ਕੰਪਲੈਕਸ ਦੇ ਵਿਖੇ ਗਿਆਨ ਜਯੋਤੀ ਐਜੂਕੇਸ਼ਨ ਸੁਸਾਇਟੀ ( ਰਜਿ) ਪਟਿਆਲਾ ਜਿਸ ਦੇ ਪ੍ਰਧਾਨ ਉਪਕਾਰ ਸਿੰਘ ਹਨ ਇਹਨਾਂ ਦੀ ਟੀਮ ਵਲੋਂ ਸਪੋਰਟਸ ਕੰਪਲੈਕਸ ਦੇ ਆਲੇ ਦੁਆਲੇ ਰੁੱਖ ਲਗਾਏ।ਇਸ ਮੌਕੇ ਉਪ ਜ਼ਿਲਾ ਸਿੱਖਿਆ ਅਫਸਰ ( ਸ) ਪਟਿਆਲਾ ਨੇ ਰੁੱਖ ਲਾਉਂਦੇ ਕਿਹਾਂ ਕਿ ਹਰ ਸਾਲ ਅਨੇਕਾਂ ਰੁੱਖ ਲਗਾਏ ਜਾਂਦੇ ਹਨ।ਪ੍ਰੰਤੂ ਉਹਨਾਂ ਰੁੱਖਾਂ ਦੀ ਸਾਭ-ਸੰਭਾਲ ਬਹੁਤ ਘੱਟ ਹੁੰਦੀ ਹੈ।ਜਿਸ ਨਾਲ ਅਨੇਕਾਂ ਰੁੱਖ ਖਤਮ ਹੋ ਜਾਂਦੇ ਹਨ।ਇਸ ਲਈ ਡੀ ਡੀ ਓ ਡਾ ਰਵਿੰਦਰਪਾਲ ਸਿੰਘ ਜੀ ਨੇ ਵਦਿਆਰਥੀਆ ਨੂੰ ਅਪੀਲ ਕੀਤੀ ਹਰੇਕ ਵਿਦਿਆਰਥੀ ਆਪਣੇ ਜਨਮ ਦਿਨ ਤੇ ਹਰ ਮਨੁੱਖ ਲਾਵੇ ਦੋ ਰੁੱਖ ਜਰੂਰ ਲਾਵੇ ਮੈਂ ਕਲਾਸ ਇਨਚਾਰਜ ਨੂੰ ਕਹਾਂ ਗਾ ਜਹਿੜਾ ਵਿਦਿਆਰਥੀ ਰੁੱਖ ਲਗਾਵੇ ਤਾਂ ਰੁੱਖ ਕੋਲ ਉਸ ਦੀ ਨੇਮ ਪਲੇਟ ਲਾਈ ਜਾਵੇ ਤਾਂ ਦੋ ਵਿਦਿਆਰਥੀ ਉਸ ਰੁੱਖ ਦੀ ਦੇਖ ਭਾਲ ਵੀ ਕਰੇਗਾ ਇਹ ਰੁੱਖਾਂ ਦੇ ਨਾਲ ਨੇਮ ਪਲੇਟ ਦੀ ਸ਼ੁਰੂਆਤ ਅਸੀਂ ਆਪਣੇ ਸਕੂਲੋਂ ਤੋਂ ਕਰਦੇ ਹਾਂ।ਇਸ ਤੋਂ ਪਹਿਲਾਂ ਸਕੂਲ ਪ੍ਰਿੰਸੀਪਲ ਵਿਜੇ ਕੁਮਾਰੀ ਨੇ ਡਿ ਡੀ ਓ ਤੇ ਸੁਸਾਇਟੀ ਮੈਂਬਰਜ਼ ਨੂੰ ਜੀ ਆਇਆਂ ਨੂੰ ਕਹਿੰਦੀਆਂ ਖਿਡਾਰੀਆਂ ਨੂੰ ਸੰਬੋਧਿਤ ਕਰਦੇ ਹੋਏ ਕਿਹਾ ਰੁੱਖ ਬੇਸ਼ਕ ਘੱਟ ਲਗਾਓ ਲੇਕਿਨ ਉਹਨਾਂ ਦੀ ਸਾਂਭ ਸੰਭਾਲ ਜਰੂਰ ਕਰਨ ਅੱਜ ਦੋ ਰੁੱਖ ਲਗਾਏ ਗਏ ਹਨ ਇਨਾਂ ਦੀ ਪਾਲਣਾ ਵੀ ਤੁਸੀਂ ਕਰਨੀ ਹੈ ਉਹਨਾ ਦੱਸਿਆ ਅੱਜ ਹਰ ਦਿਨ ਵੱਧਦੇ ਤਾਪਮਾਨ ਲਈ ਇਨਸਾਨ ਖੁੱਦ ਜ਼ਿੰਮੇਵਾਰ ਹੈ।ਮਨੁੱਖ ਨੇ ਆਪਣੀਆਂ ਲੋੜਾਂ ਪੂਰੀਆਂ ਕਰਨ ਲਈ ਰੁੱਖਾਂ ਨੂੰ ਕਟਣਾ ਸਰੂ ਕਰ ਦਿੱਤਾ ਹੈ।ਕਨੇਡਾ ਵਰਗੇ ਮੁਲਕਾਂ ਵਿੱਚ ਘਰ ਦਾ ਵੀ ਰੁੱਖ ਬਿਨਾਂ ਮੰਨਜ਼ੂਰੀ ਕੱਟ ਨਹੀਂ ਸਕਦੇ।ਸੁਸਾਇਟੀ ਦੇ ਸੀਨੀਅਰ ਮੀਤ ਪ੍ਰਧਾਨ ਡਾ ਹਰਨੇਕ ਸਿੰਘ ਨੇ ਕਿਹਾ ਵਾਤਾਵਰਨ ਨੂੰ ਦੂਸਿਤ ਹੁੰਦੇ ਬਚਾਉਣ ਲਈ ਸਾਨੂੰ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ।ਸਾਡੀ ਸੁਸਾਇਟੀ ਵਲੋਂ ਪਿਛਲੇ ਢਾਈ ਦਹਾਕਿਆਂ ਤੋਂ ਹਰ ਮਨੁੱਖ ਲਾਵੇ ਦੋ ਰੁੱਖ ਚਲਾਈ ਮੁਹਿੰਮ ਨਾਲ ਜੁੜੋ।ਪੌਦੇ ਸਾਡੇ ਤੋਂ ਪ੍ਰਾਪਤ ਕਰੋ ਇਸ ਮੌਕੇ ਸਪੋਰਟਸ ਕੰਪਲੈਕਸ ਦੇ ਇਨਚਾਰਜ ਅਮਰਜੋਤ ਨੇ ਵਿਦਿਆਰਥੀਆ ਨੂੰ ਸੁਹੰ ਚੁਕਾਈ ਅਸੀਂ ਆਪਣੇ ਜਨਮ ਦਿਨ ਤੇ ਪੌਦੇ/ਰੁੱਖ ਜ਼ਰੂਰ ਲਾਵਾਂਗੇ ਤੇ ਇਨਾਂ ਦੀ ਸਾਂਭ ਸੰਭਾਲ ਵੀ ਅਸੀਂ ਕਰਾਂਗੇ।ਇਸ ਮੌਕੇ ਸਪੋਰਟਸ ਵਿੰਗ ਦੇ ਸਾਰੇ ਖਿਡਾਰੀ ਸਮੂੰਹ ਸਟਾਫ ਵੀ ਹਾਜ਼ਰ ਸਨ।ਸੁਸਾਇਟੀ ਵਲੋਂ ਚਰਨਪਾਲ ਸਿੰਘ,ਦੀਪਕ ਕਪੂਰ,ਮੋਹਨ ਲਾਲ ਖੰਨਾ,ਰਮੇਸ਼ ਲਹਿਲ,ਬਲਵਿੰਦਰ ਕੋਰ ਜਨਰਲ ਸਕੱਤਰ ਵਿਨੇ ਜੀ ਵਿੱਕੀ ਸਿੰਘ ਗੁਰਿੰਦਰਪਾਲ ਸਿੰਘ ਸੰਧੂ ਨੇ ਵੀ ਰੁੱਖ ਲਗਾਉਣ ਵਿੱਚ ਸਹਿਯੋਗ ਕੀਤਾ ਅਖੀਰ ਵਿੱਚ ਸੁਖਵਿੰਦਰ ਸਿੰਘ ਵਾਇਸ ਪ੍ਰਿੰਸੀਪਲ ਤੇ ਮਨਪ੍ਰੀਤ ਕੋਰ ਨੇ ਸਭ ਦਾ ਧੰਨਵਾਦ ਕੀਤਾ।ਤੇ ਵਿਸ਼ਵਾਸ ਦੁਆਇਆ ਅਸੀਂ ਹਰ ਮਨੁੱਖ ਲਾਵੇ ਦੋ ਰੁੱਖ ਮੁਹਿੰਮ ਦੇ ਨਾਲ ਜੁੜਾਂਗੇ।

# ਸਫ਼ਾਈ ਕਰਮਚਾਰੀਆਂ ਦੀ ਮਾਰਕੁੱਟ ਦੇ ਵਿਰੋਧ ਵਿੱਚ ਭਾਰਤੀਯ ਵਾਲਮੀਕਿ ਧਰਮ ਸਮਾਜ ਨੇ ਪੁਰਾਣੇ ਬੱਸ ਸਟੈਂਡ ਨਜਦੀਕ ਫੂਕਿਆ ਮੁੱਖ ਮੰਤਰੀ ਦਾ ਪੁੱਤਲਾ

**ਪਟਿਆਲਾ, 27 ਜੁਲਾਈ**
**-ਛਤਰਪਾਲ ਸਿੰਘ-**



ਭਾਰਤੀਯ ਵਾਲਮੀਕਿ ਧਰਮ ਸਮਾਜ (ਭਾਵਾਧਸ) ਦੀ ਸ਼ਹਿਰੀ ਇਕਾਈ ਦੇ ਵੱਖ-ਵੱਖ ਸ਼ਾਖਾਵਾਂ ਦੇ ਪ੍ਰਧਾਨਾਂ ਦੀ ਹਾਜਰੀ ਵਿੱਚ ਅਤੇ ਸੰਗਠਨ ਦੇ ਰਾਸ਼ਟਰੀ ਕਾਰਜਕਾਰੀ ਮੈਂਬਰ ਤੇ ਸ਼੍ਰੋਮਣੀ ਅਕਾਲੀ ਦਲ ਐਸ.ਸੀ. ਵਿੰਗ ਦੇ ਕੌਮੀ ਮੀਤ ਪ੍ਰਧਾਨ ਨਰੇਸ਼ ਕੁਮਾਰ ਨਿੰਦੀ ਦੀ ਅਗਵਾਈ ਵਿੱਚ ਬਰਨਾਲਾ ਵਿਖੇ ਸਫਾਈ ਕਰਮਚਾਰੀਆਂ ਦੀ ਧਰਨੇ ਦੌਰਾਨ ਪਲਿਸ ਵੱਲੋਂ ਕੀਤੀ ਗਈ ਮਾਰਕੁੱਟ ਦੇ ਵਿਰੋਧ ਵਿੱਚ ਪੁਰਾਣੇ ਬਸ ਸਟੈਂਡ ਨਜਦੀਕ ਪੰਜਾਬ ਸਰਕਾਰ ਵਿਰੁੱਧ ਜੰਮਕੇ ਨਾਰੇਬਾਜੀ ਕਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਪੁੱਤਲਾ ਫੂਕਿਆ ਗਿਆ। ਜਿਸ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਸ਼ਹਿਰੀ ਦੇ ਇੰਚਾਰਜ ਅਮਰਿੰਦਰ ਸਿੰਘ ਬਜਾਜ ਵਲੋਂ ਵੀ ਸ਼ਮੂਲੀਅਤ ਕੀਤੀ ਗਈ।

ਇਸ ਮੌਕੇ ਅਮਰਿੰਦਰ ਸਿੰਘ ਬਜਾਜ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਕਾਰਗੁਜਾਰੀਆਂ ਤੇ ਸਵਾਲ ਚੁੱਕਦਿਆਂ ਕਿਹਾ ਕਿ ਠੇਕਾ ਆਧਾਰਤ ਸਫਾਈ ਕਰਮਚਾਰੀ ਪੰਜਾਬ ਸਰਕਾਰ ਤੋਂ ਕੇਵਲ ਇਹੋ ਮੰਗ ਕਰ ਰਹੇ ਹਨ ਕਿ ਉਨ੍ਹਾਂ ਨੂੰ ਪੱਕਾ ਕੀਤਾ ਜਾਵੇ। ਆਪ ਦੀ ਸਰਕਾਰ ਬਨਣ ਤੋਂ ਪਹਿਲਾਂ ਜਿੱਥੇ ਭਗਵੰਤ ਮਾਨ ਨੇ ਪੰਜਾਬ ਵਾਸੀਆਂ ਨੂੰ ਅਨੇਕਾ ਸਬਜਬਾਗ ਵਿਖਾਏ ਉੱਥੇ ਹੀ ਇਨ੍ਹਾਂ ਨੇ ਇਹ ਵੀ ਵਾਅਦਾ ਪੰਜਾਬ ਵਾਸੀਆਂ ਨਾਲ ਕੀਤਾ ਸੀ ਕਿ ਪਾਰਟੀ ਦੀ ਸਰਕਾਰ ਬਨਣ ਤੋਂ ਬਾਅਦ ਕੱਚੇ ਆਊਟ ਸੋਰਸ ਕਰਮਚਾਰੀਆਂ ਨੂੰ ਪਹਿਲ ਦੇ ਆਧਾਰ ਤੇ ਪੱਕਾ ਕੀਤਾ ਜਾਵੇਗਾ। ਪਰ ਸਫਾਈ ਕਰਮਚਾਰੀ ਜਾਣਦੇ ਹੀ ਨਹੀਂ ਸਨ ਕਿ ਇਨ੍ਹਾਂ ਨੂੰ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਹੱਕ ਮੰਗਣ ਦੇ ਬਦਲੇ ਲਾਠੀਆਂ, ਬਰਸਾ ਕੇ ਅੱਧ ਮਰਿਆ ਕਰ ਦੇਵੇਗੀ ਜਦੋਂ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਦੌਰਾਨ ਬਹੁ ਗਿਣਤੀ ਕੱਚੇ ਸਫਾਈ ਕਰਮਚਾਰੀਆਂ ਨੂੰ ਪੱਕੇ ਕੀਤਾ ਗਿਆ ਸੀ ਅਤੇ ਵਾਲਮੀਕਿ ਸਮਾਜ ਦੀ ਧਾਰਮਿਕ ਆਸਥਾ ਨੂੰ ਮੁੱਖ ਰੱਖਦਿਆ ਅੰਮ੍ਰਿਤਸਰ ਵਿਖੇ ਵਾਲਮੀਕਿ ਤੀਰਥ ਸਥਾਨ ਦਾ ਸੁੰਦਰੀਕਰਨ ਅਕਾਲੀ ਦਲ ਦੀ ਸਰਕਾਰ ਸਮੇਂ ਹੀ ਹੋਇਆ।

ਇਸ ਮੌਕੇ ਭਾਰਤੀਯ ਵਾਲਮੀਕਿ ਧਰਮ ਸਮਾਜ ਦੇ ਰਾਸ਼ਟਰੀਯ ਕਾਰਜਕਾਰੀ ਮੈਂਬਰ ਤੇ ਸ਼੍ਰੋਮਣੀ ਅਕਾਲੀ ਦਲ ਦੇ ਐਸ.ਸੀ. ਵਿੰਗ ਦੇ ਕੌਮੀ ਮੀਤ ਪ੍ਰਧਾਨ ਨਰੇਸ਼ ਕੁਮਾਰ ਨਿੰਦੀ ਨੇ ਬਰਨਾਲਾ ਦੀ ਇਸ ਘਟਨਾ ਦੀ ਨਿੰਦਿਆ ਕਰਦਿਆ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਪਹਿਲੀ ਅਜਿਹੀ ਸਰਕਾਰ ਹੈ ਜਿਸ ਦੇ ਦੌਰਾਨ ਸ਼ਾਤਮਈ ਤਰੀਕੇ ਨਾਲ ਪ੍ਰਦਰਸ਼ਨ ਕਰ ਰਹੇ ਸਫਾਈ ਕਰਮਚਾਰੀਆਂ ਤੇ ਅੰਨਾ ਤਸੱਦਦ ਹੋਇਆ ਹੈ। ਉਨ੍ਹਾਂ ਘਟਨਾ ਨਾਲ ਸਬੰਧਤ ਪੁਲਿਸ ਅਧਿਕਾਰੀਆਂ ਨੂੰ ਬਰਖਾਸਤ ਕਰਨ ਦੀ ਮੰਗ ਕੀਤੀ। ਇਸ ਮੌਕੇ ਭਾਵਾਧਸ ਸ਼ਾਖਾ ਲਾਹੋਰੀ ਗੇਟ ਦੇ ਪ੍ਰਧਾਨ ਵਿਸ਼ਾਲ ਕੁਮਾਰ, ਬਾਰਾਦਰੀ ਸ਼ਾਖਾ ਪ੍ਰਧਾਨ ਵਿਸ਼ਾਲ ਕਲਿਆਣ, ਬਡੂੰਗਰ ਸ਼ਾਖਾ ਪ੍ਰਧਾਨ ਗੁਰਧੀਰ ਸਿੰਘ ਗੋਗੀ, ਪਿੰਡ ਚੌਰਾ ਪ੍ਰਧਾਨ ਸੰਕਰ ਕੁਮਾਰ, ਗੁਰਬਖਸ਼ ਕਲੋਨੀ ਸ਼ਾਖਾ ਪ੍ਰਧਾਨ ਲੱਕੀ, ਸ਼ਾਖਾ ਸ਼ਹੀਦ ਭਗਤ ਸਿੰਘ ਕਲੋਨੀ ਸ਼ਾਖਾ ਪ੍ਰਧਾਨ ਦੀਪਕ ਕਲਿਆਣ, ਤ੍ਰਿਪੜੀ ਸ਼ਾਖਾ ਪ੍ਰਧਾਨ ਕ੍ਰਿਸ਼ਨ ਕੁਮਾਰ, ਮੱਥੁਰਾ ਕਾਲੋਨੀ ਸ਼ਾਖਾ ਦੇ ਪ੍ਰਧਾਨ ਰਿਸ਼ੀ ਕੁਮਾਰ, ਬਿਸ਼ਨ ਨਗਰ ਸ਼ਾਖਾ ਪ੍ਰਧਾਨ ਗੌਰਵ ਕੁਮਾਰ, ਪਿੰਡ ਸ਼ੇਖੁਪੁਰਾ ਪ੍ਰਧਾਨ ਸੰਜੀਵ ਕੁਮਾਰ ਸੰਜੂ, ਅਤੇ ਇਨ੍ਹਾਂ ਤੋਂ ਇਲਾਵਾ ਵਾਲਮੀਕਿ ਸਮਾਜ ਦੇ ਸੀਨੀਅਰ ਆਗੂ ਅਰੁਣ ਧਾਰੀਵਾਲ ਸ਼ਾਮਲ ਸਨ।

# ਸਤਲੁਜ ਦਰਿਆ ਵਿੱਚ ਨਜਾਇਜ਼ ਮਾਈਨਿੰਗ ਜ਼ੋਰਾਂ 'ਤੇ, ਰਾਤ ਦੇ ਕਾਲੇ ਹਨ੍ਹੇਰੇ ਵਿੱਚ ਚੋਰੀ ਕੀਤਾ ਜਾਂਦਾ ਚਿੱਟਾ ਸੋਨਾ

**ਮਾਛੀਵਾੜਾ ਸਾਹਿਬ, 27 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਮਾਛੀਵਾੜਾ ਸਾਹਿਬ ਨਜ਼ਦੀਕ ਵਗਦੇ ਸਤਲੁਜ ਦਰਿਆ ਵਿੱਚੋਂ ਰਾਤ ਦੇ ਕਾਲੇ ਹਨ੍ਹੇਰੇ ਵਿੱਚ ਨਜਾਇਜ਼ ਮਾਈਨਿੰਗ ਜੋਰਾਂ ਤੇ ਚੱਲ ਰਹੀ ਹੈ। ਭਾਵੇਂ ਕਿ ਸਰਕਾਰ ਵੱਲੋਂ ਹਰ ਪਾਸੇ ਰੇਤੇ ਦੀ ਮਾਈਨਿੰਗ ਤੇ ਪੂਰਨ ਤੌਰ ਤੇ ਰੋਕ ਲੱਗੀ ਹੋਈ ਹੈ ਪਰ ਮਾਛੀਵਾੜਾ ਸਾਹਿਬ ਦੇ ਨਜ਼ਦੀਕ ਦਰਿਆ ਕੰਢੇ ਵਸੇ ਪਿੰਡਾਂ ਵਿੱਚ ਇਸ ਚਿੱਟੇ ਸੋਨੇ ਦੀ ਚੋਰੀ ਸ਼ਰੇਆਮ ਰਾਤ ਦੇ ਕਾਲੇ ਹਨ੍ਹੇਰੇ ਵਿੱਚ ਕੀਤੀ ਜਾਂਦੀ ਹੈ ਜਿਸ ਨੂੰ ਕੋਈ ਵੀ ਨਹੀਂ ਰੋਕ ਰਿਹਾ।

ਸਤਲੁਜ ਦਰਿਆ ਦੇ ਨਾਲ ਵਸੇ ਪਿੰਡ ਧੁੱਲੇਵਾਲ ਤੋਂ ਥੋੜ੍ਹਾ ਜਿਹਾ ਜਦੋਂ ਛਿਪਦੇ ਪਾਸੇ ਨੂੰ ਜਾਂਦੇ ਹਾਂ ਤਾਂ ਸ਼ਰੇਆਮ ਰੇਤੇ ਦੇ ਟੱਕ ਚਲਾਏ ਜਾ ਰਹੇ ਹਨ। ਸਾਰੀ ਰਾਤ ਟਰਾਲੀਆਂ ਰਾਹੀਂ ਰੇਤ ਚੋਰੀ ਕਰ ਵੱਖ-ਵੱਖ ਥਾਵਾਂ ਤੇ ਵੇਚਿਆ ਜਾਂਦਾ ਹੈ ਜਿਸ ਨੂੰ ਟਰੈਕਟਰ ਅੱਗੇ ਲੱਗੇ ਸਿਸਟਮ ਨਾਲ ਮਿੰਟਾ ਵਿੱਚ ਹੀ ਭਰਿਆ ਜਾਂਦਾ ਹੈ। ਬੀਤੇ ਕੱਲ ਵੀ ਜਦੋਂ ਕੁਝ ਪੱਤਰਕਾਰਾਂ ਵੱਲੋਂ ਸ਼ਾਮ ਸਮੇਂ ਉੱਥੇ ਮੌਕਾ ਦੇਖਿਆ ਗਿਆ ਤਾਂ ਉੱਥੇ ਮੌਜੂਦ ਦਸ ਤੋਂ ਵੱਧ ਵਿਅਕਤੀ ਪੱਤਰਕਾਰਾ ਨੂੰ ਆਉਂਦਿਆਂ ਦੇਖ ਭੱਜ ਗਏ, ਜੋ ਰੇਤੇ ਦੀ ਟਰਾਲੀਆਂ ਵਿੱਚ ਭਰਤੀ ਲਈ ਆਪਣੇ ਬੇਲਚੇ ਕਹੀਆਂ ਆਦਿ ਨਾਲ ਤਿਆਰ ਬੈਠੇ ਸਨ। ਜੇਕਰ ਇਹਨਾਂ ਦੀ ਕੋਈ ਸ਼ਿਕਾਇਤ ਕਰਦੇ ਹੋਏ ਤਾਂ ਉਸ ਨਾਲ ਝਗੜਾ ਕਰਨ ਲੱਗ ਪੈਂਦੇ ਹਨ। ਪ੍ਰਸ਼ਾਸਨ ਅਤੇ ਸਰਕਾਰ ਤੋਂ ਬੇ-ਡਰ ਇਹ ਲੋਕ ਨਜਾਇਜ਼ ਮਾਈਨਿੰਗ ਰਾਹੀਂ ਜਿੱਥੇ ਆਪਣੀਆਂ ਜੇਬਾਂ ਭਰਦੇ ਹਨ, ਉਥੇ ਸਰਕਾਰ ਨੂੰ ਵੀ ਕਰੋੜਾਂ ਦਾ ਚੂਨਾ ਲਾਉਂਦੇ ਹਨ। ਇਹ ਲੋਕ ਜਾਂ ਤਾਂ ਪ੍ਰਸ਼ਾਸਨ ਅਤੇ ਸਰਕਾਰ ਤੋਂ ਬਿਲਕੁਲ ਨਹੀਂ ਡਰਦੇ ਜਾਂ ਇਹ ਸਭ ਮਿਲੀ ਭੁਗਤ ਨਾਲ ਹੋ ਰਿਹਾ ਹੈ।



# ਹਰਿਆਣਾ ਖ਼ਬਰਨਾਮਾ



## ਡਿਜ਼ਿਟਲ ਮਾਧਿਅਮ ਰਾਹੀਂ ਸਰਕਾਰ ਦੀਆਂ ਜਨ-ਕਲਿਆਣਕਾਰੀ ਯੋਜਨਾਵਾਂ ਅਤੇ ਸੰਗਠਨ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਵਰਕਰਾਂ ਨੂੰ ਦਿੱਤੇ ਦਿਸ਼ਾ-ਨਿਰਦੇਸ਼



**ਫਤਿਹਾਬਾਦ, 27 ਜੁਲਾਈ**
**-ਸੰਜੀਵ ਸ਼ਰਮਾ-**

ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਪ੍ਰਵੀਨ ਜੋੜਾ ਨੇ ਅੱਜ ਜ਼ਿਲ੍ਹਾ ਭਾਜਪਾ ਦਫ਼ਤਰ ਵਿੱਚ ਸੋਸ਼ਲ ਮੀਡੀਆ ਅਤੇ ਆਈਟੀ ਵਿਭਾਗ ਨਾਲ ਜੁੜੇ ਵਰਕਰਾਂ ਦੀ ਮੀਟਿੰਗ ਕੀਤੀ। ਮੀਟਿੰਗ ਦੌਰਾਨ ਸੰਗਠਨ ਦੀਆਂ ਡਿਜ਼ਿਟਲ ਗਤੀਵਿਧੀਆਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ, ਸਰਕਾਰ ਦੀਆਂ ਜਨ-ਕਲਿਆਣਕਾਰੀ ਯੋਜਨਾਵਾਂ ਅਤੇ ਸੰਗਠਨ ਦੀਆਂ ਨੀਤੀਆਂ ਨੂੰ ਸੋਸ਼ਲ ਮੀਡੀਆ ਰਾਹੀਂ ਲੋਕਾਂ ਤੱਕ ਪਹੁੰਚਾਉਣ ਅਤੇ ਵੱਖ-ਵੱਖ ਡਿਜ਼ਿਟਲ ਮੁਹਿੰਮਾਂ ਨੂੰ ਮਜ਼ਬੂਤੀ ਨਾਲ ਚਲਾਉਣ ਸਬੰਧੀ ਵਿਸਥਾਰ ਨਾਲ ਚਰਚਾ ਕੀਤੀ ਗਈ।

ਜ਼ਿਲ੍ਹਾ ਪ੍ਰਧਾਨ ਪ੍ਰਵੀਨ ਜੋੜਾ ਨੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੌਜੂਦਾ ਸਮੇਂ ਵਿੱਚ ਸੋਸ਼ਲ ਮੀਡੀਆ ਸੰਗਠਨ ਦਾ ਇੱਕ ਬਹੁਤ ਹੀ ਪ੍ਰਭਾਵਸ਼ਾਲੀ ਮਾਧਿਅਮ ਬਣ ਚੁੱਕਾ ਹੈ। ਉਨ੍ਹਾਂ ਕਿਹਾ ਕਿ ਹਰ ਵਰਕਰ ਸਕਾਰਾਤਮਕ ਸੋਚ ਨਾਲ ਸੰਗਠਨ ਦੀ ਵਿਚਾਰਧਾਰਾ ਅਤੇ ਜਨਹਿਤ ਦੇ ਕੰਮਾਂ ਨੂੰ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਉਣ ਲਈ ਸਰਗਰਮ ਭੂਮਿਕਾ ਨਿਭਾਏ। ਉਨ੍ਹਾਂ ਨੇ ਆਉਣ ਵਾਲੇ ਪ੍ਰੋਗਰਾਮਾਂ ਅਤੇ ਮੁਹਿੰਮਾਂ ਸਬੰਧੀ ਵੀ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ ਅਤੇ ਸਾਰੇ ਵਰਕਰਾਂ ਨੂੰ ਆਪਸੀ ਤਾਲਮੇਲ ਅਤੇ ਸਰਗਰਮੀ ਨਾਲ ਕੰਮ ਕਰਨ ਦਾ ਸੱਦਾ ਦਿੱਤਾ।

ਇਸ ਮੌਕੇ ਜ਼ਿਲ੍ਹਾ ਮੀਡੀਆ ਪ੍ਰਭਾਰੀ ਕੰਵਲ ਚੌਧਰੀ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਸੋਸ਼ਲ ਮੀਡੀਆ ਜਾਣਕਾਰੀ ਦੇ ਆਦਾਨ-ਪ੍ਰਦਾਨ ਦਾ ਸਭ ਤੋਂ ਪ੍ਰਭਾਵਸ਼ਾਲੀ ਮੰਚ ਹੈ। ਇਸ ਲਈ ਹਰ ਵਰਕਰ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਸੰਗਠਨ ਦੀਆਂ ਗਤੀਵਿਧੀਆਂ, ਸਰਕਾਰ ਦੀਆਂ ਉਪਲਬਧੀਆਂ ਅਤੇ ਜਨਹਿਤਕਾਰੀ ਯੋਜਨਾਵਾਂ ਦੀ ਸਹੀ, ਤੱਥਾਂ 'ਤੇ ਆਧਾਰਿਤ ਅਤੇ ਜ਼ਿੰਮੇਵਾਰ ਜਾਣਕਾਰੀ ਲੋਕਾਂ ਤੱਕ ਪਹੁੰਚਾਏ। ਉਨ੍ਹਾਂ ਨੇ ਕਿਹਾ ਕਿ ਭ੍ਰਮਕ ਅਤੇ ਝੂਠੀਆਂ ਜਾਣਕਾਰੀਆਂ ਤੋਂ ਬਚਦੇ ਹੋਏ ਕੇਵਲ ਪ੍ਰਮਾਣਿਕ ਜਾਣਕਾਰੀ ਹੀ ਸਾਂਝੀ ਕੀਤੀ ਜਾਵੇ।

ਮੀਟਿੰਗ ਵਿੱਚ ਜ਼ਿਲ੍ਹਾ ਮਹਾਮੰਤਰੀ ਵਿਕਾਸ ਲਲੋਦਾ, ਜ਼ਿਲ੍ਹਾ ਸੋਸ਼ਲ ਮੀਡੀਆ ਪ੍ਰਭਾਰੀ ਰਾਮਮੇਹਰ ਧਾਰਸੂਲ, ਜ਼ਿਲ੍ਹਾ ਆਈਟੀ ਪ੍ਰਮੁੱਖ ਸੁਭਾਸ਼ ਸਾਹੂ, ਪਵਨ ਕੁਮਾਰ, ਰਾਹੁਲ ਸੇਠੀ, ਸੰਦੀਪ ਸਿੰਘ, ਸੁਭਾਸ਼ ਕਸਵਾਂ, ਸੰਜੀਵ ਸਹਾਰਨ, ਲਾਇਕ ਰਾਮ ਗੜ੍ਹਵਾਲ, ਸੋਨੂ ਵਰਮਾ, ਪਵਨ ਭਾਦੂ, ਸੰਨੀ ਬੰਸਲ, ਕੁਲਵਿੰਦਰ ਸਿੰਘ, ਸਤਬੀਰ ਢਾਕਾ, ਯੋਗੇਸ਼ ਮਾਚਰਾ ਸਮੇਤ ਸੋਸ਼ਲ ਮੀਡੀਆ ਅਤੇ ਆਈਟੀ ਵਿਭਾਗ ਦੇ ਕਈ ਵਰਕਰ ਹਾਜ਼ਰ ਰਹੇ।

## ਯੁਵਾ ਪੀੜ੍ਹੀ ਨੂੰ ਪ੍ਰੇਰਿਤ ਕਰਨ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਹੁਨਰਮੰਦ ਲੋਕਾਂ ਦੇ ਹੁਨਰ ਨੂੰ ਕੀਤਾ ਸਾਂਝਾ: ਮੁੱਖ ਮੰਤਰੀ




**ਚੰਡੀਗੜ੍ਹ, 27 ਜੁਲਾਈ**
**-ਸੰਜੀਵ ਸਿੰਗਲਾ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੇ ਦੇਸ਼ ਦੀ ਯੁਵਾ ਪੀੜ੍ਹੀ ਨੂੰ ਪ੍ਰੇਰਿਤ ਕਰਨ ਲਈ ਹੁਨਰਮੰਦ ਲੋਕਾਂ ਦੇ ਹੁਨਰ ਨੂੰ 'ਮਨ ਕੀ ਬਾਤ' ਪ੍ਰੋਗਰਾਮ ਦੌਰਾਨ ਸਾਂਝਾ ਕੀਤਾ। ਪ੍ਰਧਾਨ ਮੰਤਰੀ ਹਰ ਮਹੀਨੇ 'ਮਨ ਕੀ ਬਾਤ' ਪ੍ਰੋਗਰਾਮ ਵਿੱਚ ਅਜਿਹੇ ਲੋਕਾਂ ਦੇ ਹੁਨਰ ਨੂੰ ਸਾਂਝਾ ਕਰਦੇ ਹਨ, ਜੋ ਦੂਜੇ ਲੋਕਾਂ ਨੂੰ ਆਤਮ-ਨਿਰਭਰ ਬਣਨ ਲਈ ਸਵੈ-ਰੁਜ਼ਗਾਰ ਸ਼ੁਰੂ ਕਰਨ ਦਾ ਹੌਂਸਲਾ ਦਿੰਦੇ ਹਨ। ਇਹ ਕਦਮ ਪ੍ਰਧਾਨ ਮੰਤਰੀ ਦੇ ਵਿਕਸਤ ਭਾਰਤ ਦੇ ਸੁਪਨੇ ਨੂੰ ਸਾਕਾਰ ਕਰਨ ਦੀ ਅਹਿਮ ਕੜੀ ਹੈ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਐਤਵਾਰ ਨੂੰ ਕੁਰੂਕਸ਼ੇਤਰ ਦੇ ਲਾਡਵਾ ਵਿਧਾਨਸਭਾ ਖੇਤਰ ਦੇ ਆਈ.ਜੀ.ਐਨ. ਕਾਲਜ ਵਿੱਚ ਸਥਿਤ ਧਨੌਰਾ ਜਾਟਾਨ ਬੂਥ 'ਤੇ ਪ੍ਰਧਾਨ ਮੰਤਰੀ ਦੇ 'ਮਨ ਕੀ ਬਾਤ' ਪ੍ਰੋਗਰਾਮ ਨੂੰ ਨਾਗਰਿਕਾਂ ਨਾਲ ਸੁਣਿਆ। ਇਸ ਤੋਂ ਬਾਅਦ ਉਨ੍ਹਾਂ ਨੇ ਨਾਗਰਿਕਾਂ ਨਾਲ ਇਸ ਵਿਸ਼ੇ 'ਤੇ ਚਰਚਾ ਵੀ ਕੀਤੀ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨੇ 'ਕਾਰਗਿਲ ਵਿਜੇ ਦਿਵਸ' 'ਤੇ ਵੱਖ-ਵੱਖ ਖੇਡਾਂ ਦੇ ਜੇਤੂ ਖਿਡਾਰੀਆਂ ਨੂੰ ਵਧਾਈ ਦਿੱਤੀ। ਇਸ ਦੇ ਨਾਲ ਹੀ 'ਇੱਕ ਰੁੱਖ ਮਾਂ ਦੇ ਨਾਮ' ਲਗਾਉਣ ਦੀ ਅਪੀਲ ਕੀਤੀ।

ਉਨ੍ਹਾਂ ਕਿਹਾ ਕਿ ਸੂਬੇ ਵਿੱਚ 1 ਕਰੋੜ 86 ਲੱਖ ਬੂਟੇ ਲਗਾਉਣ ਦਾ ਟੀਚਾ ਤੈਅ ਕੀਤਾ ਹੈ। ਇਸ ਟੀਚੇ ਨੂੰ ਪੂਰਾ ਕਰਨ ਲਈ ਸੂਬੇ ਦੇ ਵੱਖ-ਵੱਖ ਖੇਤਰਾਂ ਵਿੱਚ ਬੂਟੇ ਲਗਾਏ ਜਾ ਰਹੇ ਹਨ। ਮੁੱਖ ਮੰਤਰੀ ਨੇ ਆਮ ਜਨਤਾ ਨੂੰ ਅਪੀਲ ਕਰਦਿਆਂ ਕਿਹਾ ਕਿ ਪਰਿਵਾਰ ਵਿੱਚ ਕਿਸੇ ਖੁਸ਼ੀ ਦੇ ਮੌਕੇ ਜਿਵੇਂ ਜਨਮਦਿਨ, ਵਿਆਹ ਦੀ ਵਰ੍ਹੇਗੰਢ ਆਦਿ 'ਤੇ ਬੂਟਾ ਜ਼ਰੂਰ ਲਗਾਓ।

ਇਸ ਮੌਕੇ ਸਾਬਕਾ ਰਾਜ ਮੰਤਰੀ ਸ੍ਰੀ ਸੁਭਾਸ਼ ਸੁਧਾ, ਡਿਪਟੀ ਕਮਿਸ਼ਨਰ ਸ੍ਰੀ ਵਿਸ਼ਰਾ ? ਕੁਮਾਰ ਮੀਣਾ, ਪੁਲਿਸ ਸੁਪਰਡੈਂਟ ਸ੍ਰੀ ਚੰਦਰ ਮੋਹਨ, ਏ.ਡੀ.ਸੀ. ਸ੍ਰੀ ਵਿਵੇਕ ਆਰੀਆ, ਐਸ.ਡੀ.ਐਮ. ਸ੍ਰੀ ਅਨੁਭਵ ਮਹਿਤਾ, ਚੇਅਰਮੈਨ ਸ੍ਰੀ ਸੁਭਾਸ਼ ਕਲਸਾਨਾ, ਭਾਜਪਾ ਦੇ ਸੀਨੀਅਰ ਨੇਤਾ ਸ੍ਰੀ ਜੈਭਗਵਾਨ ਸ਼ਰਮਾ ਡੀਡੀ, ਚੇਅਰਮੈਨ ਸ੍ਰੀ ਗੁਰਨਾਮ ਸੈਣੀ, ਸ੍ਰੀ ਰਵਿੰਦਰ ਸਾਂਗਵਾਨ, ਜ਼ਿਲ੍ਹਾ ਪ੍ਰਧਾਨ ਸ੍ਰੀ ਰਮੇਸ਼ ਸੈਣੀ, ਚੇਅਰਪਰਸਨ ਸਾਕਸ਼ੀ ਖੁਰਾਨਾ ਸਮੇਤ ਪਤਵੰਤੇ ਮੌਜੂਦ ਸਨ।

## ਮੁੱਖ ਮੰਤਰੀ ਨੇ 'ਇੱਕ ਪੇੜ ਮਾਂ ਦੇ ਨਾਮ' ਮੁਹਿੰਮ ਤਹਿਤ ਕੀਤਾ ਪੌਧਾਰੋਪਣ

**ਚੰਡੀਗੜ੍ਹ, 27 ਜੁਲਾਈ**
**-ਸੰਜੀਵ ਸ਼ਰਮਾ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਯਮੁਨਾਨਗਰ ਵਿੱਚ ਆਯੋਜਿਤ 'ਨਸ਼ੇ ਸੇ ਜੰਗ-ਯਮੁਨਾਨਗਰ ਕੇ ਸੰਗ' ਪ੍ਰੋਗਰਾਮ ਤੋਂ ਬਾਅਦ ਪੁਲਿਸ ਲਾਈਨ ਵਿੱਚ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਪ੍ਰੇਰਣਾ ਨਾਲ ਚਲਾਏ ਜਾ ਰਹੇ 'ਇੱਕ ਰੁੱਖ ਮਾਂ ਦੇ ਨਾਮ' ਮੁਹਿੰਮ ਤਹਿਤ ਪੌਦਾ ਲਗਾਇਆ। ਮੁੱਖ ਮੰਤਰੀ ਨੇ ਇਸ ਦੌਰਾਨ ਸੂਬਾ ਵਾਸੀਆਂ ਨੂੰ ਵੱਧ ਤੋਂ ਵੱਧ ਪੌਦੇ ਲਗਾਉਣ ਅਤੇ ਉਨ੍ਹਾਂ ਦੀ ਸੰਭਾਲ ਦਾ ਸੁਨੇਹਾ ਦਿੱਤਾ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਬੂਟੇ ਸਿਰਫ਼ ਵਾਤਾਵਰਣ ਨੂੰ ਸਾਫ਼ ਰੱਖਣ ਦਾ ਮਾਧਿਅਮ ਨਹੀਂ ਹਨ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਲਈ ਸੁਰੱਖਿਅਤ ਅਤੇ ਸਿਹਤਮੰਦ ਭਵਿੱਖ ਦੀ ਅਨਮੋਲ ਧਰੋਹਰ ਵੀ ਹਨ। ਉਨ੍ਹਾਂ ਕਿਹਾ ਕਿ ਹਰ ਨਾਗਰਿਕ ਨੂੰ ਆਪਣੇ ਜੀਵਨ ਵਿੱਚ ਘੱਟੋ-ਘੱਟ ਇੱਕ ਬੂਟਾ ਜ਼ਰੂਰ ਲਗਾਉਣਾ ਚਾਹੀਦਾ ਹੈ ਅਤੇ ਉਸਦੀ ਦੇਖਭਾਲ ਵੀ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਕੁਦਰਤ ਦ ਸਰੰਖਣ ਸਭ ਦੀ ਸਾਂਝੀ ਜ਼ਿੰਮੇਵਾਰੀ ਹੈ ਅਤੇ ਲੋਕਾਂ ਦੀ ਸਾਝੇਦਾਰੀ ਨਾਲ ਹੀ ਹਰਿਆਣਾ ਨੂੰ ਹੋਰ ਹਰਿਆ-ਭਰਿਆ ਅਤੇ ਵਾਤਾਵਰਣ ਦੇ ਅਨੁਕੂਲ ਬਣਾਇਆ ਜਾ ਸਕਦਾ ਹੈ।

ਉਨ੍ਹਾਂ ਦੱਸਿਆ ਕਿ ਪੁਲਿਸ ਲਾਈਨ ਯਮੁਨਾਨਗਰ ਕੈਂਪਸ ਵਿੱਚ ਵਿਸ਼ੇਸ਼ ਪੌਦੇ ਲਗਾਉਣ ਦੀ ਮੁਹਿੰਮ ਤਹਿਤ ਲਗਭਗ 1500 ਪੌਦੇ ਲਗਾਏ ਜਾਣਗੇ। ਮੁੱਖ ਮੰਤਰੀ ਨੇ ਕਿਹਾ ਕਿ ਅਜਿਹੀਆਂ ਮੁਹਿੰਮਾਂ ਵਾਤਾਵਰਣ ਦੇ ਸਰੰਖਣ ਦੇ ਨਾਲ-ਨਾਲ ਸਮਾਜ ਵਿੱਚ ਜਾਗਰੂਕਤਾ ਵਧਾਉਣ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਡੀ.ਏ.ਵੀ. ਸਕੂਲ ਪੁਲਿਸ ਲਾਈਨ ਦੇ ਬੱਚਿਆਂ ਨੇ ਇਸ ਬੂਟੇ ਲਗਾਉਣ ਦੀ ਮੁਹਿੰਮ ਨੂੰ ਸਫ਼ਲ ਬਣਾਉਣ ਵਿੱਚ ਅਹਿਮ ਯੋਗਦਾਨ ਪਾਇਆ। ਇਸ ਮੌਕੇ ਵਿਧਾਇਕ ਸ੍ਰੀ ਘਨਸ਼ਿਆਮ ਦਾਸ ਅਰੋੜਾ, ਸਾਬਕਾ ਕੈਬਨਿਟ ਮੰਤਰੀ ਸ੍ਰੀ ਕੰਵਰਪਾਲ ਗੁੱਜਰ, ਸਾਬਕਾ ਵਿਧਾਇਕ ਸ੍ਰੀ ਬਲਵੰਤ ਸਿੰਘ, ਭਾਜਪਾ ਜ਼ਿਲ੍ਹਾ ਪ੍ਰਧਾਨ ਸ੍ਰੀ ਰਾਜੇਸ਼ ਸਪਰਾ, ਜ਼ਿਲ੍ਹਾ ਜਨਰਲ ਸਕੱਤਰ ਸ੍ਰੀ ਨਰਿੰਦਰ ਰਾਣਾ, ਡਿਪਟੀ ਕਮਿਸ਼ਨਰ ਪ੍ਰੀਤੀ, ਪੁਲਿਸ ਸੁਪਰਡੈਂਟ ਸ੍ਰੀ ਕਮਲਦੀਪ ਗੋਇਲ, ਵਧੀਕ ਡਿਪਟੀ ਕਮਿਸ਼ਨਰ ਸ੍ਰੀ ਨਵੀਨ ਆਹੂਜਾ ਸਮੇਤ ਹੋਰ ਪਤਵੰਤੇ ਸੱਜਣ ਅਤੇ ਪ੍ਰਸ਼ਾਸਨਿਕ ਅਧਿਕਾਰੀ ਮੌਜੂਦ ਸਨ।

## ਪੰਜਾਬ ਸਰਕਾਰ ਨੌਜਵਾਨਾਂ ਨਾਲ ਕਰ ਰਹੀ ਹੈ ਧੋਖਾ : ਮੁੱਖ ਮੰਤਰੀ ਨਾਇਬ ਸਿੰਘ ਸੈਣੀ

### ਐਕਸਾਈਜ਼ ਇੰਸਪੈਕਟਰ ਦੇ ਪ੍ਰੀਖਿਆ ਨਤੀਜੇ ਅਤੇ ਫਾਰਮੇਸੀ ਦੇ ਪੇਪਰ ਲੀਕ ਮਾਮਲੇ ਵਿੱਚ ਸਰਕਾਰ ਨੂੰ ਘੇਰਿਆ



**ਫਗਵਾੜਾ 27 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਪੰਜਾਬ ਵਿੱਚ 'ਆਪ' ਪਾਰਟੀ ਦੀ ਸਰਕਾਰ 'ਤੇ ਨੌਜਵਾਨਾਂ ਨਾਲ ਧੋਖਾ ਕਰਨ ਦਾ ਦੋਸ਼ ਲਗਾਉਂਦਿਆਂ ਕਿਹਾ ਕਿ ਹਾਲ ਹੀ ਵਿੱਚ ਪੰਜਾਬ ਵਿੱਚ ਐਕਸਾਈਜ਼ ਇੰਸਪੈਕਟਰ ਦੇ ਪ੍ਰੀਖਿਆ ਨਤੀਜੇ ਵਿੱਚ ਭਾਰੀ ਗੜਬੜੀ ਹੋਈ ਹੈ, ਪਾਸ ਹੋਏ ਨੌਜਵਾਨਾਂ ਦੇ ਨਾਮ ਅਜੀਬੋ-ਗ਼ਰੀਬ ਹਨ। ਇਸ ਦੇ ਨਾਲ ਹੀ ਹੋਰ ਤਰ੍ਹਾਂ ਦੀਆਂ ਗੜਬੜੀਆਂ ਸਾਹਮਣੇ ਆਈਆਂ ਹਨ। ਇੰਨਾ ਹੀ ਨਹੀਂ, ਚਾਰ ਦਿਨ ਪਹਿਲਾਂ ਪੰਜਾਬ ਸਰਕਾਰ ਵੱਲੋਂ ਕਰਵਾਇਆ ਗਿਆ ਫਾਰਮੇਸੀ ਦਾ ਪੇਪਰ ਵੀ ਲੀਕ ਹੋਇਆ ਹੈ ਜੋ ਕਿ 'ਆਪ' ਪਾਰਟੀ ਦੀ ਸਰਕਾਰ ਦਾ ਪ੍ਰਤਿਭਾਵਾਨ ਨੌਜਵਾਨਾਂ ਨਾਲ ਧੋਖਾ ਹੈ।

ਸ੍ਰੀ ਨਾਇਬ ਸਿੰਘ ਸੈਣੀ ਪੰਜਾਬ ਦੇ ਫਗਵਾੜਾ ਵਿੱਚ ਆਯੋਜਿਤ ਖ਼ੂਨਦਾਨ ਕੈਂਪ ਅਤੇ ਐਂਬੂਲੈਂਸ ਦੇ ਲੋਕਾਰਪਣ ਪ੍ਰੋਗਰਾਮ ਨੂੰ ਸੰਬੋਧਿਤ ਕਰ ਰਹੇ ਸਨ। ਇਸ ਮੌਕੇ ਸਾਬਕਾ ਕੇਂਦਰੀ ਮੰਤਰੀ ਸ੍ਰੀ ਵਿਜੇ ਸਾਂਪਲਾ, ਰਾਜ ਸਭਾ ਮੈਂਬਰ ਸ੍ਰੀ ਅਸ਼ੋਕ ਮਿੱਤਲ, ਸੰਤ ਗੁਰਚਰਨ ਸਿੰਘ ਪਾਂਡਵਾ ਤੋਂ ਇਲਾਵਾ ਹੋਰ ਮਾਣਯੋਗ ਵਿਅਕਤੀ ਮੌਜੂਦ ਸਨ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਪ੍ਰੋਗਰਾਮ ਦੇ ਆਯੋਜਕ ਸਾਂਪਲਾ ਫਾਊਂਡੇਸ਼ਨ ਅਤੇ ਨਵਿਆ ਹੈਲਪਿੰਗ ਹੈਂਡਸ ਦੀ ਸੇਵਾ ਭਾਵਨਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਸੇਵਾ ਨੂੰ ਆਪਣਾ ਮਿਸ਼ਨ ਬਣਾਇਆ ਹੈ।

ਸਮਾਜ ਵਿੱਚ ਅਜਿਹੀਆਂ ਅਦਾਰਿਆਂ ਦੀ ਗਿਣਤੀ ਜਿੰਨੀ ਵਧੇਗੀ, ਸਾਡਾ ਦੇਸ਼ ਓਨਾ ਹੀ ਮਜ਼ਬੂਤ ਬਣੇਗਾ। ਉਨ੍ਹਾਂ ਮਾਸੂਮ ਬੇਟੀ ਨਵਿਆ ਨੂੰ ਸਮੇਂ ਤੋਂ ਪਹਿਲਾਂ ਖੋਹ ਦੇਣ ਦੀ ਡੂੰਘੀ ਪੀੜ ਪ੍ਰਗਟ ਕਰਦਿਆਂ ਉਨ੍ਹਾਂ ਦੇ ਪਰਿਵਾਰ ਵੱਲੋਂ ਉਸਦੀ ਯਾਦ ਵਿੱਚ ਕੀਤੀ ਜਾ ਰਹੀ ਸੇਵਾ ਦੀ ਵਿਰਾਟ ਸਾਧਨਾ ਨੂੰ ਨਮਨ ਕੀਤਾ।

ਉਨ੍ਹਾਂ ਨੌਜਵਾਨਾਂ ਨੂੰ ਖ਼ੂਨਦਾਨ ਕਰਨ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਖ਼ੂਨ ਦੀ ਕੋਈ ਫ਼ੈਕਟਰੀ ਨਹੀਂ ਹੁੰਦੀ। ਇਸਨੂੰ ਕਿਸੇ ਮਸ਼ੀਨ ਵਿੱਚ ਤਿਆਰ ਨਹੀਂ ਕੀਤਾ ਜਾ ਸਕਦਾ। ਵਿਗਿਆਨ ਨੇ ਬਹੁਤ ਤਰੱਕੀ ਕੀਤੀ ਹੈ, ਪਰ ਖ਼ੂਨ ਦਾ ਨਿਰਮਾਣ ਸਿਰਫ਼ ਮਨੁੱਖੀ ਸਰੀਰ ਵਿੱਚ ਹੁੰਦਾ ਹੈ। ਲੋੜਵੰਦ ਤੱਕ ਇਹ ਤਾਂਹੀ ਪਹੁੰਚਦਾ ਹੈ, ਜਦੋਂ ਕੋਈ ਖ਼ੂਨਦਾਨ ਕਰਦਾ ਹੈ।

ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਦੀ ਧਰਤੀ ਵੀਰਾਂ ਦੀ ਧਰਤੀ ਹੈ। ਸੇਵਾ ਅਤੇ ਕੁਰਬਾਨੀ ਦੀ ਧਰਤੀ ਹੈ। ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਤਿਆਗ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਬਹਾਦਰੀ ਅਤੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਦਾ ਬਲਿਦਾਨ ਸਾਨੂੰ ਸਿਖਾਉਂਦਾ ਹੈ ਕਿ ਜੀਵਨ ਦੀ ਮਹਾਨਤਾ ਉਸਦੇ ਉਦੇਸ਼ ਵਿੱਚ ਹੁੰਦੀ ਹੈ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ 'ਕਾਰਗਿਲ ਵਿਜੇ ਦਿਵਸ' 'ਤੇ ਉਨ੍ਹਾਂ ਵੀਰ ਸੈਨਿਕਾਂ ਨੂੰ ਵੀ ਸ਼ਰਧਾਪੂਰਵਕ ਨਮਨ ਕੀਤਾ, ਜਿਨ੍ਹਾਂ ਨੇ ਭਾਰਤ ਮਾਂ ਦੀ ਰੱਖਿਆ ਕਰਦਿਆਂ ਆਪਣੇ ਜੀਵਨ ਦਾ ਸਰਵਉੱਚ ਬਲਿਦਾਨ ਦਿੱਤਾ ਸੀ। ਉਨ੍ਹਾਂ ਕਿਹਾ ਕਿ ਸਾਡੇ ਵੀਰ ਜਵਾਨਾਂ ਨੇ ਆਪਣਾ ਖ਼ੂਨ ਦੇ ਕੇ ਰਾਸ਼ਟਰ ਦੀਆਂ ਸਰਹੱਦਾਂ ਦੀ ਰੱਖਿਆ ਕੀਤੀ ਅਤੇ ਅੱਜ ਸਾਡੇ ਖ਼ੂਨਦਾਨੀ ਆਪਣਾ ਖ਼ੂਨ ਦੇ ਕੇ ਮਨੁੱਖੀ ਜੀਵਨ ਦੀ ਰੱਖਿਆ ਕਰਨ ਦਾ ਸੰਕਲਪ ਲੈ ਰਹੇ ਹਨ। ਇੱਕ ਪਾਸੇ ਰਾਸ਼ਟਰ ਰੱਖਿਆ ਦਾ ਅਦੁੱਤੀ ਸਾਹਸ ਹੈ, ਦੂਜੇ ਪਾਸੇ ਜੀਵਨ ਰੱਖਿਆ ਦੀ ਅਨੁਪਮ ਕਰੁਣਾ ਹੈ। ਦੋਵਾਂ ਦੇ ਮੂਲ ਵਿੱਚ ਤਿਆਗ ਹੈ, ਕਰਤੱਵ ਹੈ ਅਤੇ ਆਪਣੇ ਤੋਂ ਪਹਿਲਾਂ ਦੂਜਿਆਂ ਨੂੰ ਰੱਖਣ ਦੀ ਮਹਾਨ ਭਾਵਨਾ ਹੈ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਹਰਿਆਣਾ ਸਰਕਾਰ ਵੱਲੋਂ ਨਸ਼ੇ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਦੀ ਜਾਣਕਾਰੀ ਦਿੰਦਿਆਂ ਕਿਹਾ ਕਿ ਨੌਜਵਾਨਾਂ ਨੂੰ ਮੈਰਾਥਨ ਅਤੇ ਹੋਰ ਗਤੀਵਿਧੀਆਂ ਰਾਹੀਂ ਜਾਗਰੂਕ ਕੀਤਾ ਜਾ ਰਿਹਾ ਹੈ, ਕਿਉਂਕਿ ਜੇਕਰ ਇੱਕ ਨੌਜਵਾਨ ਨਸ਼ਾ ਕਰਦਾ ਹੈ ਤਾਂ ਉਸਦੇ ਪਰਿਵਾਰ 'ਤੇ ਮਾੜਾ ਅਸਰ ਪੈਂਦਾ ਹੈ ਅਤੇ ਉਹ ਗ਼ਰੀਬੀ ਦੇ ਦਲਦਲ ਵਿੱਚ ਧੱਸਦਾ ਜਾਂਦਾ ਹੈ। ਉਨ੍ਹਾਂ ਸਰਕਾਰ ਵੱਲੋਂ ਹਰਿਆਣਾ ਵਿੱਚ ਚਲਾਈਆਂ ਗਈਆਂ ਯੋਜਨਾਵਾਂ ਦਾ ਵਰਨਣ ਕਰਦਿਆਂ ਕਿਹਾ ਕਿ ਇੱਕ ਲੱਖ ਅੱਸੀ ਹਜ਼ਾਰ ਰੁਪਏ ਤੱਕ ਦੀ ਸਾਲਾਨਾ ਆਮਦਨ ਵਾਲੀਆਂ ਮਹਿਲਾਵਾਂ ਨੂੰ ਮਹਿਜ਼ 500 ਰੁਪਏ ਵਿੱਚ ਗੈਸ ਸਿਲੰਡਰ ਉਪਲਬਧ ਕਰਵਾਇਆ ਜਾ ਰਿਹਾ ਹੈ, ਲਾਡੋ ਲੱਛਮੀ ਯੋਜਨਾ ਤਹਿਤ ਯੋਗ ਮਹਿਲਾ ਨੂੰ 2100 ਰੁਪਏ ਪ੍ਰਤੀ ਮਹੀਨਾ ਦਿੱਤੇ ਜਾ ਰਹੇ ਹਨ। ਕਿਸਾਨਾਂ ਦੀਆਂ 24 ਫ਼ਸਲਾਂ ਨੂੰ ਐਮ.ਐਸ.ਪੀ. 'ਤੇ ਖ਼ਰੀਦਿਆ ਜਾ ਰਿਹਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਵਿੱਚ ਨੌਜਵਾਨਾਂ ਨੂੰ ਬਿਨਾਂ ਪਰਚੀ-ਖਰਚੀ ਮੈਰਿਟ ਦੇ ਆਧਾਰ 'ਤੇ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ। ਦੋ ਦਿਨ ਪਹਿਲਾਂ ਜਿਹੜਾ ਜੇ.ਬੀ.ਟੀ. ਅਧਿਆਪਕਾਂ ਦਾ ਪ੍ਰੀਖਿਆ ਨਤੀਜਾ ਆਇਆ ਹੈ, ਉਸ ਵਿੱਚ 1500 ਨੌਜਵਾਨਾਂ ਨੂੰ ਮੈਰਿਟ ਦੇ ਆਧਾਰ 'ਤੇ ਨੌਕਰੀ ਮਿਲੀ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਵਿੱਚ ਸਾਰੇ ਵਰਗ ਕੇਂਦਰ ਅਤੇ ਸੂਬਾ ਸਰਕਾਰ ਦੀਆਂ ਨੀਤੀਆਂ ਤੋਂ ਖੁਸ਼ ਹਨ।

## ਸਰਕਾਰ ਦਾ ਸੰਕਲਪ ਸਪੱਸ਼ਟ ਹੈ, ਕੋਈ ਵੀ ਗ਼ਰੀਬ ਪਿੱਛੇ ਨਹੀਂ ਰਹੇਗਾ, ਕੋਈ ਵੀ ਲੋੜਵੰਦ ਮੌਕੇ ਤੋਂ ਵਾਂਝਾ ਨਹੀਂ ਰਹੇਗਾ : ਮੁੱਖ ਮੰਤਰੀ ਨਾਇਬ ਸਿੰਘ ਸੈਣੀ



**ਕੁਰੂਕਸ਼ੇਤਰ, 27 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਅੰਤੋਦਯ ਪਰਿਵਾਰ ਉਥਾਨ ਯੋਜਨਾ ਤਹਿਤ ਪ੍ਰਦੇਸ਼ ਭਰ ਵਿੱਚ ਲੱਗਣ ਵਾਲੇ ਅੰਤੋਦਯ ਮੇਲੇ ਆਸ਼ਾਵਾਂ, ਮੌਕਿਆਂ ਅਤੇ ਆਤਮ-ਨਿਰਭਰਤਾ ਦੇ ਮੇਲੇ ਹਨ। ਅੰਤੋਂਦੇਯ ਮੇਲਿਆਂ ਰਾਹੀਂ ਸਰਕਾਰ ਦੀ ਕੋਸ਼ਿਸ਼ ਹੈ ਕਿ ਵਿਕਾਸ ਦਾ ਲਾਭ ਉਨ੍ਹਾਂ ਲੋਕਾਂ ਤੱਕ ਪਹੁੰਚਾਇਆ ਜਾਵੇ, ਜੋ ਦਹਾਕਿਆਂ ਤੋਂ ਅਣਗੌਲੇ ਰਹੇ ਹਨ। ਮੇਲਿਆਂ ਵਿੱਚ ਇੱਕੋ ਮੰਚ 'ਤੇ 19 ਵਿਭਾਗਾਂ ਦੀਆਂ 47 ਯੋਜਨਾਵਾਂ ਦਾ ਲਾਭ ਸਿੱਧਾ ਯੋਗ ਲਾਭਕਾਰ ਨੂੰ ਦਿੱਤਾ ਜਾ ਰਿਹਾ ਹੈ। ਅਹਿਮ ਪਹਿਲੂ ਇਹ ਹੈ ਕਿ ਸੂਬੇ ਵਿੱਚ ਹੁਣ ਤੱਕ 166 ਥਾਵਾਂ 'ਤੇ ਅੰਤੋਂਦੇਯ ਮੇਲਿਆਂ ਦਾ ਆਯੋਜਨ ਕੀਤਾ ਜਾ ਚੁੱਕਾ ਹੈ, ਜਿਨ੍ਹਾਂ ਵਿੱਚ 4 ਲੱਖ 24 ਹਜ਼ਾਰ 278 ਪਰਿਵਾਰਾਂ ਨੂੰ ਸੱਦਾ ਵੀ ਦਿੱਤਾ ਗਿਆ ਹੈ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਕੁਰੂਕਸ਼ੇਤਰ ਦੇ ਲਾਡਵਾ ਦੇ ਆਈ.ਜੀ.ਐਨ. ਕਾਲਜ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੁੱਖ ਮੰਤਰੀ ਅੰਤੋਂਦੇਯ ਪਰਿਵਾਰ ਉਥਾਨ ਯੋਜਨਾ ਤਹਿਤ ਲਗਾਏ ਗਏ ਮੇਲੇ ਦਾ ਉਦਘਾਟਨ ਕਰਨ ਤੋਂ ਬਾਅਦ ਸੰਬੋਧਿਤ ਕਰ ਰਹੇ ਸਨ। ਇਸ ਦੌਰਾਨ ਉਨ੍ਹਾਂ ਨੇ ਮੇਲੇ ਵਿੱਚ ਵੱਖ-ਵੱਖ ਵਿਭਾਗਾਂ ਵੱਲੋਂ ਯੋਜਨਾਵਾਂ ਦੇ ਲਾਭ ਦੇਣ ਲਈ ਲਗਾਏ ਗਏ ਸਟਾਲਾਂ ਦਾ ਜਾਇਜ਼ਾ ਵੀ ਲਿਆ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਪਿੰਡ ਗੋਬਿੰਦਪੁਰਾ ਨਿਵਾਸੀ ਲਾਭਕਾਰ ਤਾਰਾਚੰਦ ਨੂੰ ਪੀ.ਐਮ. ਸਟ੍ਰੀਟ ਵੈਂਡਰ ਯੋਜਨਾ ਤਹਿਤ ਪ੍ਰਵਾਨਗੀ ਪੱਤਰ ਸੌਂਪਿਆ। ਆਪਣੇ ਸੰਬੋਧਨ ਵਿੱਚ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਅੰਤੋਂਦੇਯ ਮੇਲੇ ਰਾਹੀਂ ਸਰਕਾਰ ਖੁਦ ਚੱਲ ਕੇ ਉਨ੍ਹਾਂ ਗ਼ਰੀਬ ਲੋੜਵੰਦ ਪਰਿਵਾਰਾਂ ਤੱਕ ਪਹੁੰਚੀ ਹੈ, ਜੋ ਆਪਣੇ ਅਧਿਕਾਰ ਅਤੇ ਮੌਕੇ ਦੀ ਉਡੀਕ ਕਰ ਰਹੇ ਸਨ। ਇਹ ਅੰਤੋਂਦੇਯ ਮੇਲਾ ਉਸ ਸੰਕਲਪ ਦਾ ਜਿਉਂਦਾ-ਜਾਗਦਾ ਸਰੂਪ ਹੈ, ਜਿਸ ਵਿੱਚ ਸਰਕਾਰ ਦੀ ਹਰ ਯੋਜਨਾ, ਹਰ ਸਾਧਨ ਅਤੇ ਹਰ ਕੋਸ਼ਿਸ਼ ਆਖ਼ਰੀ ਕਤਾਰ ਵਿੱਚ ਖੜ੍ਹੇ ਆਖ਼ਰੀ ਵਿਅਕਤੀ ਲਈ ਹੈ। ਉਨ੍ਹਾਂ ਕਿਹਾ ਕਿ ਅੰਤੋਂਦੇਯ ਸਾਡੇ ਲਈ ਸਿਰਫ਼ ਇੱਕ ਸਰਕਾਰੀ ਪ੍ਰੋਗਰਾਮ ਨਹੀਂ ਹੈ, ਸਗੋਂ ਸਾਡੀ ਸੰਸਕ੍ਰਿਤੀ ਦਾ ਸੰਸਕਾਰ ਹੈ। ਯਾਨੀ ਸਾਰੇ ਸੁਖੀ ਹੋਣ, ਸਾਰੇ ਸਿਹਤਮੰਦ ਹੋਣ ਅਤੇ ਕੋਈ ਵੀ ਦੁਖੀ ਨਾ ਰਹੇ। ਪੰਡਿਤ ਦੀਨਦਿਆਲ ਉਪਾਧਿਆਏ ਨੇ ਇਸੇ ਭਾਵਨਾ ਨੂੰ ਅੰਤੋਂਦੇਯ ਦਾ ਨਾਮ ਦਿੱਤਾ ਸੀ। ਉਨ੍ਹਾਂ ਦਾ ਵਿਚਾਰ ਸੀ ਕਿ ਵਿਕਾਸ ਦੀ ਸਾਰਥਕਤਾ ਤਾਂਹੀ ਹੈ, ਜਦੋਂ ਉਸਦਾ ਪ੍ਰਕਾਸ਼ ਆਖ਼ਰੀ ਘਰ ਤੱਕ ਪਹੁੰਚੇ ਅਤੇ ਉਸਦੀ ਗਰਮਾਹਟ ਆਖ਼ਰੀ ਵਿਅਕਤੀ ਮਹਿਸੂਸ ਕਰੇ। ਉਨ੍ਹਾਂ ਕਿਹਾ ਕਿ ਅੱਜ ਸੂਬੇ ਵਿੱਚ ਡਬਲ ਇੰਜਣ ਸਰਕਾਰ ਅੰਤੋਂਦੇਯ ਦੇ ਵਿਚਾਰ ਨੂੰ ਜ਼ਮੀਨ 'ਤੇ ਉਤਾਰ ਰਹੀ ਹੈ। ਸਰਕਾਰ ਦਾ ਸੰਕਲਪ ਸਪੱਸ਼ਟ ਹੈ, ਕੋਈ ਗ਼ਰੀਬ ਪਿੱਛੇ ਨਹੀਂ ਰਹੇਗਾ, ਕੋਈ ਲੋੜਵੰਦ ਮੌਕੇ ਤੋਂ ਵਾਂਝਾ ਨਹੀਂ ਰਹੇਗਾ ਅਤੇ ਕਿਸੇ ਵੀ ਪਰਿਵਾਰ ਨੂੰ ਸਿਰਫ਼ ਇਸ ਲਈ ਅੱਗੇ ਵਧਣ ਤੋਂ ਨਹੀਂ ਰੋਕਿਆ ਜਾਵੇਗਾ ਕਿ ਉਸ ਕੋਲ ਸਾਧਨ, ਪਹੁੰਚ ਜਾਂ ਸਹੀ ਜਾਣਕਾਰੀ ਨਹੀਂ ਹੈ। ਸਰਕਾਰ ਲਈ ਸ਼ਾਸਨ ਦਾ ਅਰਥ ਸਿਰਫ਼ ਦਫ਼ਤਰਾਂ ਵਿੱਚ ਫ਼ਾਈਲਾਂ ਚਲਾਉਣਾ ਨਹੀਂ ਹੈ, ਸਗੋਂ ਜਨਤਾ ਦੀਆਂ ਮੁਸ਼ਕਲਾਂ ਨੂੰ ਸਮਝਣਾ, ਹੱਲ ਨੂੰ ਸਰਲ ਬਣਾਉਣਾ ਅਤੇ ਉਸ ਹੱਲ ਨੂੰ ਲੋੜਵੰਦ ਦੇ ਦਰਵਾਜ਼ੇ ਤੱਕ ਪਹੁੰਚਾਉਣਾ ਹੈ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸਰਕਾਰ ਦੀ ਮੁੱਖ ਮੰਤਰੀ ਅੰਤੋਂਦੇਯ ਪਰਿਵਾਰ ਉਥਾਨ ਯੋਜਨਾ ਦਾ ਉਦੇਸ਼ ਸਿਰਫ਼ ਆਰਥਿਕ ਸਹਾਇਤਾ ਦੇਣਾ ਨਹੀਂ, ਸਗੋਂ ਹਰ ਲੋੜਵੰਦ ਪਰਿਵਾਰ ਨੂੰ ਪੱਕੇ ਰੁਜ਼ਗਾਰ ਨਾਲ ਜੋੜਨਾ ਹੈ। ਸਵੈ-ਰੁਜ਼ਗਾਰ, ਹੁਨਰ ਵਿਕਾਸ, ਰੁਜ਼ਗਾਰ, ਵਿੱਤੀ ਸਮਾਵੇਸ਼ਨ ਅਤੇ ਸਮਾਜਿਕ ਭਲਾਈ ਨਾਲ ਜੁੜੀਆਂ ਯੋਜਨਾਵਾਂ ਨੂੰ ਇੱਕ ਮੰਚ 'ਤੇ ਲਿਆ ਕੇ ਯੋਗ ਪਰਿਵਾਰਾਂ ਨੂੰ ਉਨ੍ਹਾਂ ਦੀ ਲੋੜ ਅਤੇ ਯੋਗਤਾ ਅਨੁਸਾਰ ਮੌਕੇ ਪ੍ਰਦਾਨ ਕਰਨਾ ਹੈ। ਇੱਥੇ ਪਰਿਵਾਰ ਨੂੰ ਸਿਰਫ਼ ਅਰਜ਼ੀ ਦੇ ਕੇ ਵਾਪਸ ਨਹੀਂ ਭੇਜਿਆ ਜਾਂਦਾ। ਉਸਦੀ ਰੁਚੀ, ਸਮਰੱਥਾ, ਸਥਿਤੀ ਅਤੇ ਲੋੜ ਨੂੰ ਸਮਝ ਕੇ ਉਚਿਤ ਮਾਰਗਦਰਸ਼ਨ ਕਰਨ ਦੀ ਕੋਸ਼ਿਸ਼ ਕੀਤੀ ਜਾਂਦੀ ਹੈ।

**ਹੁਣ ਤੱਕ 166 ਥਾਵਾਂ 'ਤੇ ਅੰਤੋਂਦੇਯ ਮੇਲਿਆਂ ਦਾ ਹੋਇਆ ਸਫ਼ਲ ਆਯੋਜਨ**

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਮੁੱਖ ਮੰਤਰੀ ਅੰਤੋਂਦੇਯ ਪਰਿਵਾਰ ਉਥਾਨ ਯੋਜਨਾ ਨੇ ਪਹਿਲੇ ਪੜਾਅ ਵਿੱਚ ਅਹਿਮ ਸਫ਼ਰ ਤੈਅ ਕੀਤਾ ਹੈ। ਸੂਬੇ ਵਿੱਚ ਹੁਣ ਤੱਕ 166 ਥਾਵਾਂ 'ਤੇ ਅੰਤੋਂਦੇਯ ਮੇਲਿਆਂ ਦਾ ਆਯੋਜਨ ਕੀਤਾ ਗਿਆ ਹੈ। ਇਨ੍ਹਾਂ ਮੇਲਿਆਂ ਦੌਰਾਨ 4 ਲੱਖ 24 ਹਜ਼ਾਰ 272 ਪਰਿਵਾਰਾਂ ਨੂੰ ਸੱਦਾ ਦਿੱਤਾ ਗਿਆ ਅਤੇ 1 ਲੱਖ 88 ਹਜ਼ਾਰ 792 ਪਰਿਵਾਰ ਮੇਲਿਆਂ ਵਿੱਚ ਪਹੁੰਚੇ। ਇਨ੍ਹਾਂ ਵਿੱਚੋਂ 1 ਲੱਖ 52 ਹਜ਼ਾਰ 157 ਪਰਿਵਾਰਾਂ ਨੂੰ ਵਿਭਾਗ ਕੋਲ ਭੇਜਿਆ ਗਿਆ। ਉਨ੍ਹਾਂ ਕਿਹਾ ਕਿ ਹੁਣ ਤੱਕ 55 ਹਜ਼ਾਰ 422 ਯੋਗ ਲਾਭਕਾਰਾਂ ਤੱਕ ਰੁਜ਼ਗਾਰ ਦੇ ਲਾਭ ਪਹੁੰਚੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਸਾਰੀਆਂ ਸਰਕਾਰੀ ਯੋਜਨਾਵਾਂ ਅਤੇ ਸੇਵਾਵਾਂ ਨੂੰ ਪਰਿਵਾਰ ਪਹਿਚਾਣ ਪੱਤਰ ਨਾਲ ਜੋੜਿਆ ਗਿਆ ਹੈ। ਘਰ ਬੈਠੇ ਆਟੋ ਮੋਡ ਵਿੱਚ ਹੁਣ ਤੱਕ ਲਗਭਗ 40 ਲੱਖ ਪਰਿਵਾਰਾਂ ਦੇ ਬੀ.ਪੀ.ਐਲ. ਕਾਰਡ ਬਣਾਏ ਗਏ ਹਨ। ਇਸ ਤੋਂ ਇਲਾਵਾ ਗ਼ਰੀਬ ਪਰਿਵਾਰ ਨੂੰ ਮੁਫ਼ਤ ਡਾਕਟਰੀ ਸਹੂਲਤ ਪ੍ਰਦਾਨ ਕਰਨ ਲਈ ਆਯੁਸ਼ਮਾਨ ਭਾਰਤ ਪ੍ਰਧਾਨ ਮੰਤਰੀ ਜਨ ਅਰੋਗਯ ਯੋਜਨਾ-ਚਿਰਾਯੂ ਯੋਜਨਾ ਤਹਿਤ 5 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਕੀਤਾ ਜਾਂਦਾ ਹੈ। ਹੁਣ ਤੱਕ ਲਗਭਗ 30 ਲੱਖ ਲੋਕਾਂ ਦਾ 4 ਹਜ਼ਾਰ 314 ਕਰੋੜ ਰੁਪਏ ਦੀ ਲਾਗਤ ਨਾਲ ਮੁਫ਼ਤ ਇਲਾਜ ਕਰਵਾਇਆ ਜਾ ਚੁੱਕਾ ਹੈ। ਸਰਕਾਰ ਨੇ ਕਿਡਨੀ ਦੀ ਬਿਮਾਰੀ ਤੋਂ ਪੀੜਤ ਮਰੀਜ਼ਾਂ ਲਈ ਸਾਰੇ ਸਰਕਾਰੀ ਹਸਪਤਾਲਾਂ ਅਤੇ ਮੈਡੀਕਲ ਕਾਲਜਾਂ ਵਿੱਚ ਮੁਫ਼ਤ ਡਾਇਲਿਸਿਸ ਦੀਆਂ ਸੇਵਾਵਾਂ ਸ਼ੁਰੂ ਕੀਤੀਆਂ ਹਨ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਮੁੱਖ ਮੰਤਰੀ ਵਿਆਹ ਸ਼ਗਨ ਯੋਜਨਾ ਤਹਿਤ ਅਨੁਸੂਚਿਤ ਜਾਤੀ ਦੇ ਗ਼ਰੀਬ ਪਰਿਵਾਰਾਂ ਦੀਆਂ ਭੈਣਾਂ-ਧੀਆਂ ਦੇ ਵਿਆਹ 'ਤੇ 71 ਹਜ਼ਾਰ ਰੁਪਏ ਤੱਕ ਦੀ ਸ਼ਗਨ ਰਕਮ ਦਿੱਤੀ ਜਾਂਦੀ ਹੈ। ਹੁਣ ਤੱਕ 3 ਲੱਖ 85 ਹਜ਼ਾਰ ਧੀਆਂ ਦੇ ਵਿਆਹ 'ਤੇ 1 ਹਜ਼ਾਰ 523 ਕਰੋੜ ਰੁਪਏ ਦੀ ਸ਼ਗਨ ਰਕਮ ਦਿੱਤੀ ਗਈ ਹੈ। ਗ਼ਰੀਬ ਮਹਿਲਾਵਾਂ ਨੂੰ ਆਪਣੀ ਰਸੋਈ ਚਲਾਉਣ ਲਈ ਹਰ ਮਹੀਨੇ ਸਿਰਫ਼ 500 ਰੁਪਏ ਵਿੱਚ ਗੈਸ ਸਿਲੰਡਰ ਦਿੱਤਾ ਜਾ ਰਿਹਾ ਹੈ। ਇਹ ਲਾਭ ਸੂਬੇ ਦੇ ਲਗਭਗ 14 ਲੱਖ 43 ਹਜ਼ਾਰ ਪਰਿਵਾਰਾਂ ਨੂੰ ਮਿਲ ਰਿਹਾ ਹੈ।

ਇਸ ਮੌਕੇ ਸਾਬਕਾ ਰਾਜ ਮੰਤਰੀ ਸ੍ਰੀ ਸੁਭਾਸ਼ ਸੁਧਾ, ਡਿਪਟੀ ਕਮਿਸ਼ਨਰ ਸ੍ਰੀ ਵਿਸ਼ਰਾਮ ਕੁਮਾਰ ਮੀਣਾ, ਪੁਲਿਸ ਸੁਪਰਡੈਂਟ ਸ੍ਰੀ ਚੰਦਰ ਮੋਹਨ, ਏ.ਡੀ.ਸੀ. ਸ੍ਰੀ ਵਿਵੇਕ ਆਰੀਆ, ਐਸ.ਡੀ.ਐਮ. ਸ੍ਰੀ ਅਨੁਭਵ ਮਹਿਤਾ, ਚੇਅਰਮੈਨ ਸ੍ਰੀ ਸੁਭਾਸ਼ ਕਲਸਾਨਾ, ਭਾਜਪਾ ਦੇ ਸੀਨੀਅਰ ਨੇਤਾ ਸ੍ਰੀ ਜੈਭਗਵਾਨ ਸ਼ਰਮਾ ਡੀ.ਡੀ., ਚੇਅਰਮੈਨ ਸ੍ਰੀ ਗੁਰਨਾਮ ਸੈਣੀ, ਚੇਅਰਮੈਨ ਸ੍ਰੀ ਰਵਿੰਦਰ ਸਾਂਗਵਾਨ, ਜ਼ਿਲ੍ਹਾ ਪ੍ਰਧਾਨ ਸ੍ਰੀ ਰਮੇਸ਼ ਸੈਣੀ, ਚੇਅਰਪਰਸਨ ਸਾਖੀ ਖੁਰਾਨਾ, ਚੇਅਰਮੈਨ ਡਾ. ਗਣੇਸ਼ ਦੱਤ, ਸ੍ਰੀ ਸਤੀਸ਼ ਮਥਾਨਾ ਸਮੇਤ ਮਾਣਯੋਗ ਵਿਅਕਤੀ ਮੌਜੂਦ ਸਨ।

